੧ੴ ਵਾਹਿਗੁਰੂ ਜੀ ਕੀ ਫ਼ਤਹ॥

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਦਾ

ਮਾਸਿਕ ਪੱਤਰ

# ਗੁਰਦੁਆਰਾ ਗਜ਼ਟ

ਮਾਘ — ਨਾਨਕਸ਼ਾਹੀ ਸੰਮਤ ੫੪੭

ਅੰਕ ੧ — ਜਿਲਦ ੯੩

ਜਨਵਰੀ — ੨੦੧੬

ਸੰਪਾਦਕ — ਦਿਲਜੀਤ ਸਿੰਘ 'ਬੇਦੀ'

ਸਹਾਇਤਾ

| ਦੇਸ਼ | ਵਿਦੇਸ਼ |
|---|---|
| ਸਾਲਾਨਾ ੨੦/- | ਸਾਲਾਨਾ ੫੦੦/- |
| ਲਾਈਫ਼ ੨੦੦/- | (ਹਵਾਈ ਡਾਕ) |



***Website : www.sgpc.net***

***E-mail : info@sgpc.net***

***Phone: 0183-255 3956-60, Ext.254***


## ਜ਼ਰੂਰੀ ਬੇਨਤੀ

ਸੰਗਤਾਂ ਦੀ ਸਹੂਲਤ ਨੂੰ ਮੁੱਖ-ਰਖਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪਾਂ ਦੀ ਸਾਂਭ-ਸੰਭਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਭਵਨ', ਗੁਰਦੁਆਰਾ ਸ੍ਰੀ ਰਾਮਸਰ ਸਾਹਿਬ (ਨਜ਼ਦੀਕ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ 'ਸ਼ਹੀਦ') ਵਿਖੇ ਕਰਨ ਦਾ ਫ਼ੈਸਲਾ ਕੀਤਾ ਹੈ। ਪਾਵਨ ਬਿਰਧ ਸਰੂਪ ਲੈ ਕੇ ਆਈਆਂ ਸੰਗਤਾਂ ਇਥੋਂ ਹੀ ਪਾਵਨ ਸਰੂਪ ਵੀ ਪ੍ਰਾਪਤ ਕਰ ਸਕਦੀਆਂ ਹਨ। ਸੋ ਸਮੂਹ ਸੰਗਤਾਂ ਦੀ ਸੇਵਾ ਵਿਚ ਬਿਨੈ ਹੈ ਕਿ ਉਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਬਿਰਧ ਸਰੂਪ ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਲਿਆਉਣ ਦੀ ਕ੍ਰਿਪਾਲਤਾ ਕਰਨ।

ਗੁਰੂ-ਪੰਥ ਦਾ ਦਾਸ,
ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।


ਕੇਂਦਰੀ ਲਾਇਬ੍ਰੇਰੀ ਕਮੇਟੀ ਅਤੇ ਸੰਚਾਲਕ ਲੋਕ ਸੰਪਰਕ ਵਿਭਾਗ ਚੰਡੀਗੜ੍ਹ ਦੀ ਚਿੱਠੀ ਨੰ: ਲ. ਸ. ਵ. (ਲਾਇਬ)-੬੮/੧੦੨੫੮ ਮਿਤੀ ੨੦-੬-੬੭ ਰਾਹੀਂ ਸਰਕਾਰੀ ਲਾਇਬ੍ਰੇਰੀਆਂ ਲਈ ਪ੍ਰਵਾਨ ਹੈ।

***ਪ੍ਰਤੀ ਕਾਪੀ 2/-ਰੁਪਏ***


## ਲੇਖ ਸੂਚੀ


| *ਲੇਖ* | *ਪੰਨਾ* |
|---|---|
| ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ | ੪ |
| ਇਤਿਹਾਸਕ ਦਿਹਾੜੇ | ੫ |
| ਗੁਰਬਾਣੀ ਵਿਚਾਰ | ੬ |
| ਸੰਪਾਦਕੀ | ੭ |
| ਮਰਦ ਅਗੰਮੜਾ-ਸ੍ਰੀ ਗੁਰੂ ਗੋਬਿੰਦ ਸਿੰਘ ਜੀ *-ਜਥੇਦਾਰ ਅਵਤਾਰ ਸਿੰਘ* | ੯ |
| ਸਾਬਰੁ ਸਿਦਕਿ ਸਹੀਦੁ ਭਰਮ ਭਉ ਖੋਵਣਾ *-ਜਥੇਦਾਰ ਅਵਤਾਰ ਸਿੰਘ* | ੧੨ |
| ਪ੍ਰੀਤਿ ਪੈਗੰਬਰ ਗੁਰੂ *-ਪ੍ਰੋ. ਪਿਆਰਾ ਸਿੰਘ ਪਦਮ* | ੧੪ |
| ਬਾਦਸ਼ਾਹ ਦਰਵੇਸ਼ ਗੁਰੁ ਗੋਬਿੰਦ ਸਿੰਘ *-ਦਿਲਜੀਤ ਸਿੰਘ 'ਬੇਦੀ'* | ੨੨ |
| ਸ਼ਹੀਦ ਬਾਬਾ ਦੀਪ ਸਿੰਘ ਜੀ *-ਪ੍ਰੋ. ਕਿਰਪਾਲ ਸਿੰਘ 'ਬਡੂੰਗਰ'* | ੩੦ |
| ਅਨੰਦਗੜ੍ਹ ਦਾ ਸੰਕਲਪ *-ਡਾ. ਦਲਜੀਤ ਸਿੰਘ (ਪ੍ਰਿੰ.)* | ੩੪ |
| ਖ਼ਬਰਨਾਮਾ | ੩੮ |
| ਧਰਮ ਪ੍ਰਚਾਰ ਸਰਗਰਮੀਆਂ | ੭੩ |
| ਹਿਸਾਬ-ਕਿਤਾਬ | ੭੭ |
| ***English Section*** | |
| Historical Events | *85* |
| Sri Guru Tegh Bahadur Sahib Ji *- S. Surjit Singh 'Gandhi'* | 86 |

ੴ ਸਤਿਗੁਰ ਪ੍ਰਸਾਦਿ॥

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਮਰਯਾਦਾ

## (ਮਹੀਨਾ ਮਾਘ)

| | |
|---|---|
| * ਕਿਵਾੜ ਖੁੱਲ੍ਹਣ ਦਾ ਸਮਾਂ | ੩-੦੦ ਵਜੇ ਅੰਮ੍ਰਿਤ ਵੇਲੇ |
| * ਕੀਰਤਨ ਆਰੰਭ | ੩-੦੦ ਵਜੇ ਅੰਮ੍ਰਿਤ ਵੇਲੇ |
| * ਆਸਾ ਦੀ ਵਾਰ ਦਾ ਕੀਰਤਨ ਆਰੰਭ | ੪-੦੦ ਵਜੇ ਸਵੇਰੇ |
| * ਪਾਲਕੀ ਸਾਹਿਬ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਚੱਲਣ ਦਾ ਸਮਾਂ | ੫-੦੦ ਵਜੇ ਸਵੇਰੇ |
| * ਪਹਿਲਾ ਹੁਕਮਨਾਮਾ | ੫-੩੦ ਵਜੇ ਸਵੇਰੇ |
| * ਪਹਿਲੀ ਅਰਦਾਸ | ੬-੦੦ ਵਜੇ ਸਵੇਰੇ |
| * ਸ੍ਰੀ ਆਸਾ ਜੀ ਦੀ ਵਾਰ ਦੀ ਸਮਾਪਤੀ | ੭-੦੦ ਵਜੇ ਸਵੇਰੇ |
| * ਦੂਸਰੀ ਅਰਦਾਸ ਤੇ ਹੁਕਮਨਾਮਾ | ੭-੧੫ ਵਜੇ ਸਵੇਰੇ |
| * ਸ਼ਾਮ ਨੂੰ ਸੋਦਰੁ, ਰਹਰਾਸਿ ਸਾਹਿਬ ਦਾ ਪਾਠ ਸੂਰਜ ਛਿਪਣ ਉਪਰੰਤ ਸ਼ੁਰੂ ਹੁੰਦਾ ਹੈ। | |
| * ਹੁਕਮਨਾਮਾ ਰਾਤ ਨੂੰ ਸਮਾਪਤੀ ਸਮੇਂ | ੯-੩੦ ਵਜੇ ਰਾਤ |
| * ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਪਾਲਕੀ ਸਾਹਿਬ ਚੱਲਣ ਦਾ ਸਮਾਂ | ੯-੪੫ ਵਜੇ ਰਾਤ |
| * ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚਣ ਦਾ ਸਮਾਂ | ੧੦-੦੦ ਵਜੇ ਰਾਤ |

* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਕਿਵਾੜ ਖੁੱਲ੍ਹਣ ਤੋਂ ਲੈ ਕੇ ਸਮਾਪਤੀ ਤਕ ਅਖੰਡ ਕੀਰਤਨ ਹੁੰਦਾ ਰਹਿੰਦਾ ਹੈ।
* ਰਾਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸਵਾਰੀ ਜਾਣ ਉਪਰੰਤ ਇਕ ਘੰਟਾ ਸੇਵਾ ਤੇ ਸਫਾਈ ਆਦਿ ਉਪਰੰਤ ਇਸ਼ਨਾਨ ਕਰਾਉਣ ਦੀ ਸੇਵਾ ਸ਼ਰਧਾਲੂ, ਸੇਵਾਦਾਰਾਂ ਦੇ ਸਹਿਯੋਗ ਨਾਲ ਕਰਦੇ ਹਨ।
* ਇਸ਼ਨਾਨ ਸਮੇਂ ਮਿਲ ਕੇ ਪ੍ਰੇਮੀ ਇਸ਼ਨਾਨ ਕਰਾਉਂਦੇ ਹਨ ਅਤੇ ਨਾਲ ਬੜੇ ਹੀ ਪ੍ਰੇਮ ਸਹਿਤ ਰਸ-ਭਿੰਨੀ ਸੁਰ ਵਿਚ ਗੁਰਬਾਣੀ ਦੇ ਸ਼ਬਦ ਗਾਇਨ ਕਰਦੇ ਹਨ। ਇਸ਼ਨਾਨ ਆਦਿ ਦੀ ਸੇਵਾ ਕਰਾਉਣ ਉਪਰੰਤ ਵਿਛਾਈਆਂ 'ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਿੰਘਾਸਨ ਸਜਾ ਕੇ ਅਰਦਾਸ ਹੁੰਦੀ ਹੈ ਤੇ ਕੜਾਹ ਪ੍ਰਸ਼ਾਦਿ ਦੀ ਦੇਗ ਵਰਤਦੀ ਹੈ।
* ਫਿਰ ਤਿੰਨ-ਪਹਿਰੇ ਦੀ ਚੌਂਕੀ ਦਾ ਕੀਰਤਨ ਆਰੰਭ ਹੁੰਦਾ ਹੈ।
* ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਵਿਚਕਾਰਲੀ ਛੱਤ ਅਤੇ ਗੁੰਬਦ ਵਿਚ ਹਰ ਵਕਤ ਅਖੰਡ ਪਾਠ ਸਾਹਿਬ ਚੱਲਦੇ ਹਨ, ਜਿਨ੍ਹਾਂ ਦਾ ਵਾਰੀ ਨਾਲ ਰੋਜ਼ਾਨਾ ਇਕ ਅਖੰਡ ਪਾਠ ਸਾਹਿਬ ਦਾ ਭੋਗ ਪੈਂਦਾ ਹੈ।

*ਪਾਠਕ/ਲੇਖਕ 'ਗੁਰਦੁਆਰਾ ਗਜ਼ਟ' ਲਈ ਰਚਨਾਵਾਂ, ਸਹਾਇਤਾ ਅਤੇ ਸੁਝਾਅ ਹੇਠ ਲਿਖੇ ਪਤੇ 'ਤੇ ਭੇਜਣ ਦੀ ਕ੍ਰਿਪਾਲਤਾ ਕਰਨ :*

**ਸਕੱਤਰ,**
**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ-੧੪੩੦੦੬**
**ਫੋਨ : ੦੦੯੧-੧੮੩-੨੫੫੩੯੫੭,੫੮,੫੯**

# ੧੬ ਜਨਵਰੀ ਤੋਂ ੧੫ ਫਰਵਰੀ ਵਿਚਲੇ ਇਤਿਹਾਸਕ ਦਿਹਾੜੇ

| | | |
|---|---|---|
| ੧੬ ਜਨਵਰੀ | ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਪ੍ਰਕਾਸ਼ ਦਿਹਾੜਾ। | (੧੬-੧-੧੬੩੦) |
| ੧੭ ਜਨਵਰੀ | ਸਰਕਾਰ ਨੇ ਗੁਰਦੁਆਰਾ ਸੈਂਟਰਲ ਬੋਰਡ ਦਾ ਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਜੋਂ ਪ੍ਰਵਾਨ ਕਰ ਲਿਆ। | (੧੭-੧-੧੯੨੭) |
| ੧੮ ਜਨਵਰੀ | ਮਹਾਰਾਜਾ ਰਣਜੀਤ ਸਿੰਘ ਦਾ ਛੋਟਾ ਸਪੁੱਤਰ ਸ. ਸ਼ੇਰ ਸਿੰਘ ਰਾਜ ਗੱਦੀ 'ਤੇ ਬੈਠਾ। | (੧੮-੧-੧੮੪੧) |
| ੧੯ ਜਨਵਰੀ | ਸਿੱਖਾਂ ਨੇ ਚਾਬੀਆਂ ਦਾ ਮੋਰਚਾ ਜਿੱਤਿਆ ਤੇ ਸਰਕਾਰ ਨੇ ਚਾਬੀਆਂ ਸਿੱਖਾਂ ਨੂੰ ਸੌਂਪੀਆਂ। | (੧੯-੧-੧੯੨੨) |
| ੨੨ ਜਨਵਰੀ | ਅਦਾਲਤ ਨੇ ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਅਤੇ ਭਾਈ ਬਲਬੀਰ ਸਿੰਘ ਨੂੰ ਇੰਦਰਾ ਗਾਂਧੀ ਕਤਲ ਕੇਸ 'ਚ ਮੌਤ ਦੀ ਸਜ਼ਾ ਸੁਣਾਈ। | (੨੨-੧-੧੯੮੬) |
| ੨੪ ਜਨਵਰੀ | ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ੧੨੯ ਮੈਂਬਰਾਂ ਅਤੇ ਇਕ ਲੱਖ ਸਿੱਖਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜਾਬੀ ਸੂਬੇ ਦੀ ਪ੍ਰਾਪਤੀ ਲਈ ਜਾਨਾਂ ਵਾਰਨ ਦਾ ਪ੍ਰਣ ਕੀਤਾ। | (੨੪-੧-੧੯੬੦) |
| ੨੫ ਜਨਵਰੀ | ਸਿੱਖਾਂ ਦਾ ਇਕ ਜਥਾ ਤਰਨ ਤਾਰਨ ਵਿਖੇ ਪੁੱਜਾ ਅਤੇ ਮਹੰਤ ਦੇ ਕਿਰਾਏ ਦੇ ਬੰਦਿਆਂ ਨੇ ਸਿੱਖਾਂ 'ਤੇ ਹਮਲਾ ਕਰ ਦਿੱਤਾ ਅਤੇ ਜਿਸ ਨਾਲ ਭਾਈ ਹਜ਼ਾਰਾ ਸਿੰਘ,ਭਾਈ ਹੁਕਮ ਸਿੰਘ ਅਤੇ ਕਈ ਹੋਰ ਸਿੰਘ ਸਖ਼ਤ ਜ਼ਖ਼ਮੀ ਹੋਏ। | (੨੫-੧-੧੯੨੧) |
| ੨੬ ਜਨਵਰੀ | ਬਾਬਾ ਦੀਪ ਸਿੰਘ ਜੀ ਦਾ ਜਨਮ ਭਾਈ ਭਗਤ ਸਿੰਘ ਦੇ ਗ੍ਰਹਿ ਮਾਤਾ ਜਿਊਣੀ ਜੀ ਦੀ ਕੁੱਖੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਪਹੂਵਿੰਡ ਵਿਖੇ ਹੋਇਆ। | (੨੬-੧-੧੬੮੨) |
| ੩੦ ਜਨਵਰੀ | ਭਾਈ ਹਕੀਕਤ ਰਾਏ ਨੂੰ ਸ਼ਹੀਦ ਕੀਤਾ ਗਿਆ। | (੩੦-੧-੧੭੪੨) |
| ੩੧ ਜਨਵਰੀ | ਸਿੱਖਾਂ ਦੇ ਧਾਰਮਿਕ ਚਿੰਨ੍ਹ ਕ੍ਰਿਪਾਨ 'ਤੇ ਲੱਗੀ ਪਾਬੰਦੀ ਵਾਪਸ ਲਈ ਗਈ ਅਤੇ ਇਕ ਨੋਟੀਫਿਕੇਸ਼ਨ ਰਾਹੀਂ ਐਲਾਨ ਕੀਤਾ ਗਿਆ ਕਿ ਕ੍ਰਿਪਾਨ ਹਥਿਆਰ ਨਹੀਂ ਹੈ। | (੩੧-੧-੧੯੩੬) |
| ੪ ਫਰਵਰੀ | ਵਜਾਊਕੋਟ (ਗੁਰਦਾਸਪੁਰ) ਦਾ ਭਾਈ ਹੁਕਮ ਸਿੰਘ ਜੋ ੨੫ ਜਨਵਰੀ ੧੯੨੧ ਨੂੰ ਤਰਨਤਾਰਨ ਵਿਖੇ ਜ਼ਖ਼ਮੀ ਹੋ ਗਿਆ ਸੀ, ਚਲਾਣਾ ਕਰ ਗਿਆ। | (੪-੨-੧੯੨੧) |
| ੧੦ ਫਰਵਰੀ | ਅੰਗਰੇਜ਼ਾਂ ਤੇ ਸਿੱਖਾਂ ਵਿਚ ਸਭਰਾਵਾਂ ਦੀ ਲੜਾਈ ਵਿਚ ਲਾਲ ਸਿਹੁੰ, ਤੇਜ ਸਿਹੁੰ ਅਤੇ ਗੁਲਾਬ ਸਿਹੁੰ ਡੋਗਰੇ ਦੀ ਗ਼ਦਾਰੀ ਦੇ ਕਾਰਨ ਸਿੱਖਾਂ ਨੂੰ ਹਾਰ ਦਾ ਮੂੰਹ ਵੇਖਣਾ ਪਿਆ ਅਤੇ ਮਹਾਨ ਜਰਨੈਲ ਸ. ਸ਼ਾਮ ਸਿੰਘ ਅਟਾਰੀਵਾਲਾ ਸ਼ਹੀਦ ਹੋ ਗਏ। | (੧੦-੨-੧੮੪੬) |
| ੧੫ ਫਰਵਰੀ | 'ਸ਼੍ਰੋਮਣੀ ਅਕਾਲੀ ਦਲ' ਨੇ ੧੯੩੯ ਨੂੰ ਹੋਈਆਂ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਵਿਚ ਹੂੰਝਾ-ਫੇਰ ਜਿੱਤ ਪ੍ਰਾਪਤ ਕੀਤੀ। | (੧੫-੨-੧੯੩੯) |

■

**ਗੁਰਬਾਣੀ ਵਿਚਾਰ:**

# ਮਾਘਿ ਮਜਨੁ ਸੰਗਿ ਸਾਧੂਆ...

**ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ ॥**
**ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ ॥**
**ਜਨਮ ਕਰਮ ਮਲੁ ਉਤਰੈ ਮਨ ਤੇ ਜਾਇ ਗੁਮਾਨੁ ॥**
**ਕਾਮਿ ਕਰੋਧਿ ਨ ਮੋਹੀਐ ਬਿਨਸੈ ਲੋਭੁ ਸੁਆਨੁ ॥**
**ਸਚੈ ਮਾਰਗਿ ਚਲਦਿਆ ਉਸਤਤਿ ਕਰੇ ਜਹਾਨੁ ॥**
**ਅਠਸਠਿ ਤੀਰਥ ਸਗਲ ਪੁੰਨ ਜੀਅ ਦਇਆ ਪਰਵਾਨੁ ॥**
**ਜਿਸ ਨੋ ਦੇਵੈ ਦਇਆ ਕਰਿ ਸੋਈ ਪੁਰਖੁ ਸੁਜਾਨੁ ॥**
**ਜਿਨਾ ਮਿਲਿਆ ਪ੍ਰਭੁ ਆਪਣਾ ਨਾਨਕ ਤਿਨ ਕੁਰਬਾਨੁ ॥**
**ਮਾਘਿ ਸੁਚੇ ਸੇ ਕਾਂਢੀਅਹਿ ਜਿਨ ਪੂਰਾ ਗੁਰੁ ਮਿਹਰਵਾਨੁ ॥੧੨॥**

*(ਪੰਨਾ ੧੩੫)*

ਮਾਘ ਵਿਚ (ਮਾਘੀ ਵਾਲੇ ਦਿਨ) ਲੋਕ ਪ੍ਰਯਾਗ ਆਦਿਕ ਤੀਰਥਾਂ 'ਤੇ ਇਸ਼ਨਾਨ ਕਰਨਾ ਬੜਾ ਪੁੰਨ ਸਮਝਦੇ ਹਨ, ਪਰ ਹੇ ਭਾਈ! ਤੂੰ ਗੁਰਮੁਖਾਂ ਦੀ ਸੰਗਤਿ ਵਿਚ (ਬੈਠ, ਇਹੀ ਹੈ ਤੀਰਥਾਂ ਦਾ) ਇਸ਼ਨਾਨ, ਉਨ੍ਹਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰ (ਨਿਮਰਤਾ-ਭਾਵ ਨਾਲ ਗੁਰਮੁਖਾਂ ਦੀ ਸੰਗਤ ਕਰ, ਉਥੇ) ਪਰਮਾਤਮਾ ਦਾ ਨਾਮ ਜਪ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣ, ਹੋਰ ਸਭਨਾਂ ਨੂੰ ਇਹ ਨਾਮ ਦੀ ਦਾਤ ਵੰਡ, (ਇਸ ਤਰ੍ਹਾਂ) ਕਈ ਜਨਮਾਂ ਦੇ ਕੀਤੇ ਕਰਮਾਂ ਤੋਂ ਪੈਦਾ ਹੋਈ ਵਿਕਾਰਾਂ ਦੀ ਮੈਲ਼ (ਤੇਰੇ ਮਨ ਤੋਂ) ਲਹਿ ਜਾਏਗੀ, ਤੇਰੇ ਮਨ ਵਿੱਚੋਂ ਅਹੰਕਾਰ ਦੂਰ ਹੋ ਜਾਏਗਾ।

(ਸਿਮਰਨ ਦੀ ਬਰਕਤਿ ਨਾਲ) ਕਾਮ ਵਿਚ, ਕ੍ਰੋਧ ਵਿਚ ਨਹੀਂ ਫਸੀਦਾ, ਲੋਭ-ਕੁੱਤਾ ਭੀ ਮੁੱਕ ਜਾਂਦਾ ਹੈ (ਲੋਭ, ਜਿਸ ਦੇ ਅਸਰ ਹੇਠ ਮਨੁੱਖ ਕੁੱਤੇ ਵਾਂਗ ਦਰ-ਦਰ 'ਤੇ ਭਟਕਦਾ ਹੈ)। ਇਸ ਸੱਚੇ ਰਸਤੇ ਉੱਤੇ ਤੁਰਿਆਂ ਜਗਤ ਵੀ ਸ਼ੋਭਾ ਕਰਦਾ ਹੈ। ਅਠਾਹਠ ਤੀਰਥਾਂ ਦਾ ਇਸ਼ਨਾਨ, ਸਾਰੇ ਪੁੰਨ ਕਰਮ, ਜੀਵਾਂ ਉੱਤੇ ਦਇਆ ਕਰਨੀ ਜੋ ਧਾਰਮਿਕ ਕੰਮ ਮੰਨੀ ਗਈ ਹੈ (ਇਹ ਸਭ ਕੁਝ ਸਿਮਰਨ ਦੇ ਵਿਚ ਹੀ ਆ ਜਾਂਦਾ ਹੈ)।

ਪਰਮਾਤਮਾ ਕਿਰਪਾ ਕਰ ਕੇ ਜਿਸ ਮਨੁੱਖ ਨੂੰ (ਸਿਮਰਨ ਦੀ ਦਾਤ) ਦਿੰਦਾ ਹੈ, ਉਹ ਮਨੁੱਖ (ਜ਼ਿੰਦਗੀ ਦੇ ਸਹੀ ਰਸਤੇ ਦੀ ਪਛਾਣ ਵਾਲਾ) ਸਿਆਣਾ ਹੋ ਜਾਂਦਾ ਹੈ।

ਹੇ ਨਾਨਕ! ਜਿਨ੍ਹਾਂ ਨੂੰ ਪਿਆਰਾ ਪ੍ਰਭੂ ਮਿਲ ਪਿਆ ਹੈ, ਮੈਂ ਉਨ੍ਹਾਂ ਤੋਂ ਸਦਕੇ ਹਾਂ। ਮਾਘ ਮਹੀਨੇ ਵਿਚ ਸਿਰਫ਼ ਉਹੀ ਸੁੱਚੇ ਬੰਦੇ ਆਖੇ ਜਾਂਦੇ ਹਨ, ਜਿਨ੍ਹਾਂ ਉੱਤੇ ਪੂਰਾ ਸਤਿਗੁਰੂ ਦਇਆਵਾਨ ਹੁੰਦਾ ਹੈ (ਤੇ ਜਿਨ੍ਹਾਂ ਨੂੰ ਸਿਮਰਨ ਦੀ ਦਾਤ ਦਿੰਦਾ ਹੈ) ॥੧੨॥

■

*ਸੰਪਾਦਕੀ...*

# ਮਨੁੱਖਤਾਵਾਦੀ ਨਾਇਕ - ਸ੍ਰੀ ਗੁਰੂ ਗੋਬਿੰਦ ਸਿੰਘ ਜੀ

*ਇਸ ਮਹੀਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਆਗਮਨ ਪੁਰਬ ਸੰਗਤਾਂ ਬੜੀ ਸ਼ਰਧਾ-ਭਾਵਨਾ ਨਾਲ ਮਨਾ ਰਹੀਆਂ ਹਨ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਬਹੁਪੱਖੀ ਸ਼ਖ਼ਸੀਅਤ ਦੇ ਮਾਲਕ ਸਨ। ਗੁਰੂ ਜੀ ਨੇ ਆਪਣੇ ਜੀਵਨ ਵਿਚ ਜਿਹੜੇ ਕਾਰਜ ਕੀਤੇ, ਉਹ ਦੁਨੀਆਂ ਦੇ ਇਤਿਹਾਸ ਅੰਦਰ ਵੱਖਰਾ ਤੇ ਨਿਵੇਕਲਾ ਸਥਾਨ ਰੱਖਦੇ ਹਨ। ਆਪ ਜੀ ਅਧਿਆਤਮਕ ਨੇਤਾ, ਮਨੁੱਖਤਾਵਾਦੀ ਨਾਇਕ, ਮਹਾਨ ਵਿਦਵਾਨ ਅਤੇ ਸਮਾਜ ਸੁਧਾਰਕ ਸਨ। ੧੯ਵੀਂ ਸਦੀ ਦੇ ਪ੍ਰਸਿੱਧ ਇਤਿਹਾਸਕਾਰ ਡਾ. ਸਈਅਦ ਮੁਹੰਮਦ ਲਾਤੀਫ ਅਨੁਸਾਰ ਗੁਰੂ ਗੋਬਿੰਦ ਸਿੰਘ ਜੰਗ ਦੇ ਮੈਦਾਨ ਵਿਚ ਇੱਕ ਜੇਤੂ ਯੋਧਾ, ਮਸਨਦ ਵਿਚ ਸ਼ਹਿਨਸ਼ਾਹ, ਗੁਰੂ ਰੂਪ ਵਿਚ ਗਿਆਨ ਦਾ ਦਾਤਾ ਅਤੇ ਖ਼ਾਲਸੇ ਦੀ ਸੰਗਤ ਵਿਚ ਫਕੀਰ ਸੀ। ਮੈਕਾਲਿਫ ਦੇ ਸ਼ਬਦਾਂ ਵਿਚ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਿਚ ਇੱਕ ਜਾਦੂ ਵਰਗੀ ਤਾਕਤ ਸੀ। ਉਨ੍ਹਾਂ ਦੇ ਉਪਦੇਸ਼ਾਂ ਦਾ ਆਮ ਲੋਕਾਂ 'ਤੇ ਜਾਦੂਈ ਅਸਰ ਹੋਇਆ, ਉਨ੍ਹਾਂ ਨੇ ਆਮ ਡਿੱਗੇ ਹੋਏ ਤੇ ਲਤਾੜੇ ਹੋਏ ਲੋਕਾਂ ਨੂੰ ਸੰਸਾਰ ਦੇ ਪ੍ਰਸਿੱਧ ਯੋਧੇ ਬਣਾ ਦਿੱਤਾ। ਸਿੱਖ ਗੁਰੂ ਸਾਹਿਬਾਨ ਤੋਂ ਪਹਿਲਾਂ ਦੁਨੀਆਂ ਦੇ ਕਿਸੇ ਵੀ ਜਰਨੈਲ ਨੇ ਉਨ੍ਹਾਂ ਲਤਾੜੇ ਹੋਏ ਆਦਮੀਆਂ ਨੂੰ ਜਥੇਬੰਦ ਕਰਨ ਦਾ ਖਿਆਲ ਨਹੀਂ ਸੀ ਕੀਤਾ, ਜਿਨ੍ਹਾਂ ਨੂੰ ਉਨ੍ਹਾਂ ਦੇ ਗੁਆਂਢੀ ਵੀ ਦੁਰਕਾਰਦੇ ਰਹੇ ਸਨ।*

*ਸ੍ਰੀ ਗੁਰੂ ਗੋਬਿੰਦ ਸਿੰਘ ਜੀ ਇੱਕ ਉੱਚ ਆਦਰਸ਼ਵਾਦੀ ਸਨ। ਆਪ ਜੀ ਦਾ ਆਦਰਸ਼ ਬੜਾ ਉੱਚਾ ਤੇ ਸੁੱਚਾ ਸੀ। ਗੁਰੂ ਜੀ ਦਾ ਮੁੱਖ ਉਦੇਸ਼ 'ਧਰਮ ਚਲਾਵਨ ਸੰਤ ਉਬਾਰਨ॥ ਦੁਸਟ ਸਭਨ ਕੋ ਮੂਲ ਉਪਾਰਨ॥' ਭਾਵ ਬਦੀ ਦਾ ਅੰਤ ਅਤੇ ਨੇਕੀ ਦੀ ਰੱਖਿਆ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸਮੁੱਚੀ ਮਾਨਵਤਾ ਨਾਲ ਪਿਆਰ ਕਰਦੇ ਸਨ। ਉਨ੍ਹਾਂ ਦੀ ਨਜ਼ਰ ਵਿਚ ਸਾਰੀ ਲੁਕਾਈ ਇੱਕ ਪਰਮਾਤਮਾ ਦੀ ਸੰਤਾਨ ਹੈ। ਇਸ ਲਈ ਕਿਸੇ ਨਾਲ ਵੀ ਕਿਸੇ ਕਿਸਮ ਦਾ ਭੇਦ-ਭਾਵ ਕਰਨਾ ਗ਼ਲਤ ਹੈ। ਅਕਾਲ ਉਸਤਤ ਵਿਚ ਉਨ੍ਹਾਂ ਦਾ ਇਹ ਸ਼ਬਦ ਇਸ ਗੱਲ ਦੀ ਉਦਾਹਰਨ ਹੈ:*

***ਹਿੰਦੂ ਤੁਰਕ ਕੋਊ ਰਾਫਜੀ ਇਮਾਮ ਸਾਫੀ***
***ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ॥***

*ਜੰਗ ਦੇ ਮੈਦਾਨ ਅੰਦਰ ਜ਼ਖ਼ਮੀ ਹੋਏ ਦੁਸ਼ਮਣ ਨੂੰ ਜਦ ਭਾਈ ਘਨੱਈਆ ਜੀ ਪਾਣੀ ਪਿਆਉਂਦੇ ਤਾਂ ਕੁਝ ਸਿੱਖਾਂ ਦੇ ਸ਼ਿਕਾਇਤ ਕਰਨ 'ਤੇ ਆਪ ਜੀ ਨੇ ਭਾਈ ਘਨੱਈਆ ਜੀ ਨੂੰ ਮੱਲ੍ਹਮ-ਪੱਟੀ ਦੇ ਕੇ ਤੋਰਿਆ ਤੇ ਕਿਹਾ ਕਿ ਉਹ ਪਾਣੀ ਦੇ ਨਾਲ ਜ਼ਖ਼ਮੀਆਂ ਨੂੰ ਮੱਲ੍ਹਮ-ਪੱਟੀ ਵੀ ਕਰਨ। ਇਹ ਆਪ ਜੀ ਦੇ ਮਾਨਵ-ਪ੍ਰੇਮ ਦੀ ਮਿਸਾਲ ਹੈ।*

*ਗੁਰੂ ਜੀ ਨੇ ਅਨੇਕਾਂ ਜੰਗਾਂ ਲੜੀਆਂ ਪਰ ਉਨ੍ਹਾਂ ਵੱਲੋਂ ਲੜੇ ਗਏ ਯੁੱਧ ਨਿੱਜ ਲਈ ਨਹੀਂ, ਸਗੋਂ ਲੋਕਾਈ 'ਤੇ ਹੋ ਰਹੇ ਅਤਿਆਚਾਰ ਦੇ ਵਿਰੁੱਧ ਸਨ। ਗੁਰੂ ਜੀ ਨਾ ਤਾਂ ਕਿਸੇ ਨੂੰ ਡਰਾਉਣਾ ਚਾਹੁੰਦੇ ਸਨ ਅਤੇ ਨਾ ਹੀ ਲੋਕਾਂ*

*ਨੂੰ ਕਿਸੇ ਕੋਲੋਂ ਡਰ ਕੇ ਰਹਿਣ ਦੇਣਾ ਚਾਹੁੰਦੇ ਸਨ। ਇਸੇ ਲਈ ਸਦੀਆਂ ਤੋਂ ਲਤਾੜੇ ਹੋਏ ਲੋਕ ਵੀ ਗੁਰੂ ਜੀ ਦੀ ਪ੍ਰੇਰਨਾ ਨਾਲ ਜਥੇਬੰਦ ਹੋ ਗਏ ਅਤੇ ਗੁਲਾਮੀ ਦਾ ਜੂਲਾ ਸਦਾ ਲਈ ਲਾਹ ਸੁੱਟਿਆ।*

*ਸ੍ਰੀ ਗੁਰੂ ਗੋਬਿੰਦ ਸਿੰਘ ਜੀ ਉੱਚ ਇਖ਼ਲਾਕੀ ਕਦਰਾਂ-ਕੀਮਤਾਂ ਦੇ ਉਸਰਈਏ ਸਨ। ਉਨ੍ਹਾਂ ਨੇ ਆਪਣੇ ਖ਼ਾਲਸੇ ਨੂੰ ਇਖ਼ਲਾਕੀ ਬਣਾਉਣ ਲਈ ਜਤ-ਸਤ ਵਿਚ ਪ੍ਰਪੱਕ ਰਹਿਣ ਦਾ ਪਾਠ ਦ੍ਰਿੜ੍ਹ ਕਰਵਾਇਆ। ਗੁਰੂ ਜੀ ਦੀ ਪ੍ਰੇਰਨਾ ਦਾ ਪ੍ਰਭਾਵ ਸੀ ਕਿ ਸਿੱਖਾਂ ਨੇ ਮੁਸੀਬਤਾਂ ਤੇ ਜੰਗਾਂ-ਯੁਧਾਂ ਸਮੇਂ ਵੀ ਆਪਣੇ ਇਖ਼ਲਾਕ ਨੂੰ ਆਂਚ ਨਹੀਂ ਆਉਣ ਦਿੱਤੀ।*

*ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਸਮੁੱਚਾ ਜੀਵਨ ਸੰਗਤਾਂ ਲਈ ਰਾਹ-ਦਸੇਰਾ ਹੈ। ਗੁਰੂ ਜੀ ਜਿਥੇ ਕੁਰਬਾਨੀ ਦੀ ਮੂਰਤ ਸਨ, ਉਥੇ ਉਨ੍ਹਾਂ ਨੇ ਇੱਕ ਸਫ਼ਲ ਸੈਨਾਪਤੀ ਦੇ ਰੂਪ ਵਿਚ ਜ਼ੁਲਮ ਵਿਰੁੱਧ ਲੜੀਆਂ ਜੰਗਾਂ ਵਿਚ ਹਮੇਸ਼ਾਂ ਜਿੱਤਾਂ ਹਾਸਿਲ ਕੀਤੀਆਂ। ਗੁਰੂ ਜੀ ਸੰਤ-ਸਿਪਾਹੀ ਸਨ। ਇਸੇ ਲਈ ਉਨ੍ਹਾਂ ਆਪਣੀਆਂ ਜਿੱਤਾਂ 'ਤੇ ਵੀ ਕਦੀ ਹੰਕਾਰ ਨਹੀਂ ਕੀਤਾ। ਆਪ ਜੀ ਦੀ ਬਾਣੀ ਮਨੁੱਖਤਾ ਦਾ ਮਾਰਗ-ਦਰਸ਼ਨ ਕਰਦੀ ਹੈ।*

*ਇਸ ਤਰ੍ਹਾਂ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਖ਼ਸੀਅਤ ਦੇ ਅਨੇਕਾਂ ਗੁਣ ਹਨ। ਗੁਰੂ ਜੀ ਦੀ ਸ਼ਖ਼ਸੀਅਤ ਦੇ ਇਨ੍ਹਾਂ ਅਨੇਕਾਂ ਗੁਣਾ ਦੇ ਪ੍ਰਭਾਵ ਨੇ ਪੰਥ ਦੀ ਕੇਵਲ ਨੁਹਾਰ ਹੀ ਨਹੀਂ ਬਦਲੀ, ਸਗੋਂ ਖਿਆਲਾਂ ਵਿਚ ਵੀ ਬਦਲਾਅ ਲਿਆਂਦਾ। ਦਸਮ ਪਾਤਸ਼ਾਹ ਜੀ ਦੇ ਪ੍ਰਕਾਸ਼ ਪੁਰਬ 'ਤੇ ਸਮੁੱਚੀ ਮਨੁੱਖਤਾ ਨੂੰ ਉਨ੍ਹਾਂ ਦੇ ਜੀਵਨ, ਸੰਘਰਸ਼ ਅਤੇ ਉਪਦੇਸ਼ਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਸੋ ਆਓ! ਦਸਮ ਪਾਤਸ਼ਾਹ ਜੀ ਦੇ ਜੀਵਨ ਅਤੇ ਉਪਦੇਸ਼ਾਂ ਤੋਂ ਸੇਧ ਪ੍ਰਾਪਤ ਕਰਦੇ ਹੋਏ ਆਦਰਸ਼ਕ ਸਮਾਜ ਸਿਰਜਣ ਦਾ ਪ੍ਰਣ ਕਰੀਏ।*

***-ਦਿਲਜੀਤ ਸਿੰਘ 'ਬੇਦੀ'***

## ਪਾਠਕਾਂ ਦੇ ਧਿਆਨ ਯੋਗ

ਆਪ ਜੀ ਦਾ ਹਰਮਨ ਪਿਆਰਾ ਮਾਸਿਕ ਪਰਚਾ 'ਗੁਰਦੁਆਰਾ ਗਜ਼ਟ' ਨਿਰੰਤਰ ਆਪ ਦੀ ਸੇਵਾ ਵਿਚ ਭੇਜਿਆ ਜਾ ਰਿਹਾ ਹੈ। ਵਧੀਆ ਕਾਗਜ਼ ਤੇ ਰੰਗਦਾਰ ਛਪਾਈ ਕਾਰਨ ਇਸ 'ਤੇ ਕਾਫ਼ੀ ਖਰਚ ਆਉਂਦਾ ਹੈ। ਇਹ ਸਭ ਆਪ ਜੀ ਵੱਲੋਂ ਭੇਜੀ ਜਾਣ ਵਾਲੀ ਯਥਾ-ਸ਼ਕਤਿ ਮਾਇਆ ਨਾਲ ਹੀ ਸੰਭਵ ਹੈ। ਜਿਨ੍ਹਾਂ ਪਾਠਕਾਂ ਦੀ ਸਾਲਾਨਾ ਸਹਾਇਤਾ (ਮਾਇਆ) ਸਮਾਪਤ ਹੋ ਚੁੱਕੀ ਹੈ, ਉਨ੍ਹਾਂ ਨੂੰ ਸਨਿਮਰ ਬੇਨਤੀ ਹੈ ਕਿ ਸਹਾਇਤਾ ਭੇਜਣ/ਜਮ੍ਹਾਂ ਕਰਾਉਣ ਦੀ ਖੇਚਲ ਕਰਨ।

*ਸਹਾਇਤਾ ਬੈਂਕ ਡਰਾਫਟ ਜਾਂ ਮਨੀਆਰਡਰ ਰਾਹੀਂ **ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ** ਦੇ ਪਤੇ 'ਪੁਰ ਭੇਜੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦਫ਼ਤਰ ਵਿਖੇ ਖਜ਼ਾਨਚੀ ਅਤੇ ਸ੍ਰੀ ਦਰਬਾਰ ਸਾਹਿਬ ਦੇ ਗੁਰਮਤਿ ਲਿਟਰੇਚਰ ਹਾਊਸ 'ਤੇ ਨਕਦ ਵੀ ਜਮ੍ਹਾਂ ਕਰਵਾਈ ਜਾ ਸਕਦੀ ਹੈ।

**-ਸੰਪਾਦਕ**

# ਮਰਦ ਅਗੰਮੜਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ



*-ਜਥੇਦਾਰ ਅਵਤਾਰ ਸਿੰਘ**

ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਸਿੱਖ ਧਰਮ ਦੀ ਸਥਾਪਨਾ ਹੱਕ, ਸੱਚ, ਨਿਆਂ ਦੇ ਹਿਤ ਵਿਚ ਅਤੇ ਜ਼ੁਲਮ ਦੇ ਵਿਰੁੱਧ ਆਵਾਜ਼ ਉਠਾਉਣ ਦੇ ਉਦੇਸ਼ ਨੂੰ ਲੈ ਕੇ ਕੀਤੀ ਗਈ ਸੀ। ਇਸੇ ਲਈ ਸਮੇਂ ਦੀਆਂ ਜਾਬਰ ਹਕੂਮਤਾਂ ਵਿਰੁੱਧ ਗੁਰੂ ਸਾਹਿਬਾਨ ਨੇ ਆਵਾਜ਼ ਉਠਾਈ ਅਤੇ ਸ਼ਹਾਦਤਾਂ ਦਿੱਤੀਆਂ। ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸਿੱਖੀ ਸਿਧਾਂਤਾਂ ਦੀ ਪੂਰਤੀ ਲਈ ਉਸ ਵਕਤ ਹਿੰਦੁਸਤਾਨ ਵਿਚ ਸਮੇਂ ਦੀ ਮੁਗਲ ਸਰਕਾਰ ਵੱਲੋਂ ਆਮ ਨਾਗਰਿਕਾਂ ਖਾਸ ਕਰਕੇ ਹਿੰਦੂ ਜਨਤਾ ਉੱਤੇ ਧਰਮ ਦੇ ਨਾਂਅ ਉਪਰ ਹੋ ਰਹੇ ਜ਼ੁਲਮ ਵਿਰੁੱਧ ਧਰਮ ਯੁੱਧ ਸ਼ੁਰੂ ਕਰਨ ਦਾ ਐਲਾਨ ਕੀਤਾ ਗਿਆ। ਉਨ੍ਹਾਂ ਨੇ ਧਰਮ ਯੁੱਧ ਦੀ ਨੀਤੀ ਦਾ ਆਧਾਰ ਇਸ ਸਿਧਾਂਤ ਨੂੰ ਬਣਾਇਆ:

**ਚੁ ਕਾਰ ਅਜ਼ ਹਮਹ ਹੀਲਤੇ ਦਰ ਗੁਜ਼ਸ਼ਤ॥**
**ਹਲਾਲ ਅਸਤੁ ਬੁਰਦਨ ਬ ਸ਼ਮਸ਼ੀਰ ਦਸਤ॥** (ਜ਼ਫ਼ਰਨਾਮਾ)

ਭਾਵ ਹਰ ਪ੍ਰਕਾਰ ਦੇ ਸ਼ਾਂਤਮਈ ਸੰਵਾਦ ਦੇ ਹੀਲੇ ਸਮਾਪਤ ਹੋਣ ਉਪਰੰਤ ਹੱਥ ਵਿਚ ਸ਼ਮਸ਼ੀਰ ਪਕੜਨੀ ਚਾਹੀਦੀ ਹੈ।

ਦਰਅਸਲ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਮੁੱਦੇ ਨੂੰ ਗੰਭੀਰਤਾ ਨਾਲ ਵਿਚਾਰਿਆ ਕਿ ਧਰਮ ਦੀ ਰੱਖਿਆ ਖਾਤਰ ਜ਼ੁਲਮੀ ਤਲਵਾਰ ਨੂੰ ਸਿਰ ਦਿੱਤਾ ਜਾਵੇ ਜਾਂ ਜ਼ੁਲਮ ਦਾ ਮੁਕਾਬਲਾ ਤਲਵਾਰ ਨਾਲ ਕੀਤਾ ਜਾਵੇ? ਸੋਚ-ਵਿਚਾਰ ਮਗਰੋਂ ਉਨ੍ਹਾਂ 'ਬ ਸ਼ਮਸ਼ੀਰ ਦਸਤ' ਦਾ ਰਾਹ ਚੁਣਿਆ ਅਤੇ ਖਾਲਸੇ ਦੀ ਸਿਰਜਣਾ ਕੀਤੀ। ਇਸ ਤੋਂ ਪਹਿਲਾਂ ਹਿੰਦੁਸਤਾਨ ਦੇ ਇਤਿਹਾਸ ਵਿਚ ਧਰਮ ਦੀ ਰੱਖਿਆ ਵਾਸਤੇ ਸ਼ਸਤਰਾਂ ਦੇ ਉਪਯੋਗ ਦਾ ਕੋਈ ਇਤਿਹਾਸਕ ਹਵਾਲਾ ਨਹੀਂ ਮਿਲਦਾ। ਭਾਰਤ ਦੇ ਲੋਕਾਂ ਦੇ ਦਿਲਾਂ ਵਿਚ ਧਾਰਮਿਕ ਆਜ਼ਾਦੀ ਲਈ ਯੁੱਧ ਕਰਨ ਦੀ ਭਾਵਨਾ, ਸਿੱਖ ਧਰਮ ਵਿਚ ਆਈ ਇਸ ਨਵੀਂ ਕ੍ਰਾਂਤੀ ਦੁਆਰਾ ਹੀ ਉਤਪੰਨ ਹੋਈ। ਸਿੱਖਾਂ ਨੇ ਇਸ ਦੀ ਅਗਵਾਈ ਵੀ ਕੀਤੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਸਾਜੇ ਗਏ ਖਾਲਸੇ ਨੇ ਹੱਕ-ਸੱਚ ਖਾਤਰ ਜਾਬਰ ਮੁਗ਼ਲ ਸਾਮਰਾਜ ਨਾਲ ਹਥਿਆਰਬੰਦ ਯੁੱਧਾਂ ਵਿਚ ਜਿੱਤਾਂ ਪ੍ਰਾਪਤ ਕੀਤੀਆਂ। ਸਦੀਆਂ ਤੋਂ ਬੁਜ਼ਦਿਲ ਅਤੇ ਕਾਇਰ ਸਮਝੇ ਜਾਂਦੇ ਅਖੌਤੀ ਨੀਵੀਆਂ ਜਾਤਾਂ ਦੇ ਲੋਕਾਂ ਨੇ ਵੀ ਖੰਡੇ-ਬਾਟੇ ਦੀ ਪਾਹੁਲ ਛਕ ਕਹਿੰਦੇ-ਕਹਾਉਂਦੇ ਲੜਾਕੂਆਂ ਨੂੰ ਜੰਗਾਂ ਵਿਚ ਕਰਾਰੀ ਹਾਰ ਦਿੱਤੀ। ਸਤਿਗੁਰਾਂ ਦਾ ਧਰਮ-ਯੁੱਧ ਕਿਸੇ ਜਾਤ ਜਾਂ ਮਜ਼੍ਹਬ ਵਿਰੁੱਧ ਨਹੀਂ ਸੀ, ਬਲਕਿ ਹਰ ਤਰ੍ਹਾਂ ਦੇ ਅਨਿਆਂ ਦੇ ਵਿਰੁੱਧ ਸੀ। ਪਾਤਸ਼ਾਹ ਤਾਂ ਖੁਦ ਅਕਾਲ ਉਸਤਤ ਵਿਚ ਫੁਰਮਾਉਂਦੇ ਹਨ

**ਹਿੰਦੂ ਤੁਰਕ ਕੋਊ ਰਾਫਜੀ ਇਮਾਮ ਸਾਫੀ,**
**ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ॥**

---

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਪੰਥ ਦੇ ਵਾਲੀ ਦਸਮੇਸ਼ ਪਿਤਾ ਦਾ ਪ੍ਰਕਾਸ਼ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਅਤੇ ਮਾਤਾ ਗੁਜਰੀ ਜੀ ਦੇ ਘਰ ਪੋਹ ਸੁਦੀ ਸੱਤਵੀਂ ਮੁਤਾਬਿਕ ੧੬੬੬ ਈ. ਨੂੰ ਪਟਨਾ ਸ਼ਹਿਰ (ਬਿਹਾਰ) ਵਿਖੇ ਹੋਇਆ। ਇਸ ਸਮੇਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਢਾਕਾ, ਬੰਗਾਲ ਤੇ ਅਸਾਮ ਆਦਿ ਦੇ ਇਲਾਕਿਆਂ ਵਿਚ ਸਿੱਖ ਧਰਮ ਦੇ ਪ੍ਰਚਾਰ ਹਿਤ ਗਏ ਹੋਏ ਸਨ। ਦਸਮੇਸ਼ ਪਿਤਾ ਦੇ ਪਹਿਲੇ ਪੰਜ ਕੁ ਸਾਲ ਪਟਨੇ ਵਿਚ ਹੀ ਬੀਤੇ ਅਤੇ ਉਥੇ ਹੀ ਆਪ ਜੀ ਦੀ ਵਿਦਿਆ ਆਦਿ ਦੇ ਪ੍ਰਬੰਧ ਕੀਤੇ ਗਏ। ਆਪ ਜੀ ਨੂੰ ਗੁਰਮੁਖੀ ਅਤੇ ਗੁਰਬਾਣੀ ਦੀ ਵਿਦਿਆ ਦੇ ਨਾਲ-ਨਾਲ ਘੋੜ ਸਵਾਰੀ, ਨੇਜ਼ਾਬਾਜ਼ੀ, ਤਲਵਾਰਬਾਜ਼ੀ ਅਤੇ ਤੀਰ ਅੰਦਾਜ਼ੀ ਆਦਿ ਦੀ ਵੀ ਮੁੱਢਲੀ ਸਿਖਲਾਈ ਦਿੱਤੀ ਗਈ। ਪਟਨਾ ਸ਼ਹਿਰ ਦੇ ਇਕ ਬ੍ਰਾਹਮਣ ਸ਼ਿਵਦੱਤ ਨੇ ਆਪ ਜੀ ਦੇ ਬਾਲ-ਚੋਜ ਦੇਖ ਕੇ ਆਪ ਜੀ ਪ੍ਰਤੀ ਸਤਿਕਾਰ ਅਤੇ ਪਿਆਰ ਪ੍ਰਗਟ ਕੀਤਾ। ਮੁਸਲਮਾਨ ਸੱਯਦ ਪੀਰ ਭੀਖਣ ਸ਼ਾਹ ਨੇ ਵੀ ਆਪ ਜੀ ਦੇ ਪਹਿਲੀ ਨਜ਼ਰੇ ਦਰਸ਼ਨ ਕਰਦਿਆਂ ਸਿਜਦਾ ਕੀਤਾ ਸੀ। ਪਟਨੇ ਵਿਖੇ ਹੀ ਰਾਜਾ ਫਤਹਿ ਚੰਦ ਮੈਣੀ ਅਤੇ ਉਸ ਦੀ ਰਾਣੀ ਦਸਮੇਸ਼ ਪਿਤਾ ਜੀ ਦੇ ਸ਼ਰਧਾਲੂ ਬਣ ਗਏ ਅਤੇ ਗੁਰੂ ਸਾਹਿਬ ਦੀ ਚਰਨ-ਛੋਹ ਨਾਲ ਮਹੱਲ ਪਵਿੱਤਰ ਹੋ ਗਿਆ ਜੋ ਅੱਜਕੱਲ੍ਹ 'ਮੈਣੀ ਸੰਗਤ' ਗੁਰਦੁਆਰਾ ਸਾਹਿਬ ਦੇ ਨਾਅ ਨਾਲ ਜਾਣਿਆ ਜਾਂਦਾ ਹੈ।

ਪਟਨਾ ਸਾਹਿਬ ਤੋਂ ਸ੍ਰੀ ਗੁਰੂ ਤੇਗ ਬਹਾਦਰ ਜੀ ਪਰਿਵਾਰ ਸਮੇਤ ਸ੍ਰੀ ਅਨੰਦਪੁਰ ਸਾਹਿਬ ਆ ਗਏ। ਇਥੇ ਹੀ ਕਸ਼ਮੀਰੀ ਪੰਡਤਾਂ ਦੀ ਪੁਕਾਰ ਸੁਣ ਕੇ ਆਪ ਜੀ ਨੇ ਖੁਦ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਮਜ਼ਲੂਮਾਂ ਦੀ ਰੱਖਿਆ ਖਾਤਰ ਕੁਰਬਾਨੀ ਦੇਣ ਲਈ ਦਿੱਲੀ ਨੂੰ ਤੋਰਿਆ। ਧਰਮਾਂ ਦੇ ਇਤਿਹਾਸ ਵਿਚ ਅਜਿਹੀ ਕੋਈ ਮਿਸਾਲ ਨਹੀਂ ਮਿਲਦੀ, ਜਦੋਂ ਕਿਸੇ ਮਹਾਂਪੁਰਸ਼ ਵੱਲੋਂ ਕਿਸੇ ਦੂਜੇ ਧਰਮ ਦੇ ਅਕੀਦਿਆਂ ਦੀ ਸਲਾਮਤੀ ਲਈ ਆਪ ਸੈਂਕੜੇ ਮੀਲ ਪੈਦਲ ਜਾ ਕੇ ਆਪਾ ਵਾਰਿਆ ਹੋਵੇ।

ਨੌਵੀਂ ਨਾਨਕ-ਜੋਤਿ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਬਾਲ (ਗੁਰੂ) ਗੋਬਿੰਦ ਰਾਏ ਨੂੰ ਗੁਰਗੱਦੀ ਦੀ ਜ਼ਿੰਮੇਵਾਰੀ ਸੌਂਪ ਕੇ ਤਿਲਕ-ਜੰਞੂ ਦੀ ਰੱਖਿਆ ਲਈ ਮਹਾਨ ਬਲੀਦਾਨ ਦਿੱਤਾ। ਨੌਵੇਂ ਸਤਿਗੁਰਾਂ ਦੀ ਸ਼ਹਾਦਤ ਉਪਰੰਤ ਦਸਮੇਸ਼ ਪਿਤਾ ਦੇ ਸੰਘਰਸ਼ਮਈ ਜੀਵਨ ਦਾ ਆਰੰਭ ਹੋਇਆ।

ਸ੍ਰੀ ਅਨੰਦਪੁਰ ਸਾਹਿਬ ਵਿਖੇ ਦਸਮੇਸ਼ ਪਿਤਾ ਨੇ ਪੰਜਾਬੀ ਤੇ ਹਿੰਦੀ ਤੋਂ ਇਲਾਵਾ ਸੰਸਕ੍ਰਿਤ ਅਤੇ ਫ਼ਾਰਸੀ ਆਦਿ ਭਾਸ਼ਾਵਾਂ ਦਾ ਗਿਆਨ ਵੀ ਹਾਸਲ ਕੀਤਾ ਅਤੇ ਬੀਰ ਰਸ ਭਰਪੂਰ ਬਾਣੀ ਦੀ ਰਚਨਾ ਵੀ ਕੀਤੀ। ਸਮੇਂ ਦੀ ਜਾਬਰ ਹਕੂਮਤ ਦੇ ਇਸ ਐਲਾਨ ਕਿ ਕੋਈ ਗ਼ੈਰ-ਮੁਸਲਿਮ ਘੋੜ ਸਵਾਰੀ ਨਹੀਂ ਕਰ ਸਕਦਾ, ਨਗਾਰਾ ਨਹੀਂ ਵਜਾ ਸਕਦਾ, ਸ਼ਸਤਰ ਨਹੀਂ ਧਾਰਨ ਕਰ ਸਕਦਾ, ਦੀ ਚੁਣੌਤੀ ਸਵੀਕਾਰ ਕਰਦਿਆਂ ਕਿਹਾ ਕਿ ਮੇਰੇ ਸਿੰਘ ਸ਼ਸਤਰਧਾਰੀ ਹੋਣਗੇ, ਘੋੜਸਵਾਰੀ ਕਰਨਗੇ ਅਤੇ ਸ੍ਰੀ ਅਨੰਦਪੁਰ ਸਾਹਿਬ ਦੀ ਫਿਜ਼ਾ 'ਚ ਰਣਜੀਤ ਨਗਾਰੇ ਦੀ ਗੂੰਜ ਵੀ ਪਵੇਗੀ। ਇਸ ਫ਼ੈਸਲੇ ਨੇ ਮੁਗ਼ਲ ਹਕੂਮਤ ਨੂੰ ਅੰਦਰੋਂ ਹਿਲਾ ਕੇ ਰੱਖ ਦਿੱਤਾ। ਸਤਿਗੁਰਾਂ ਨੇ ਨਿੱਘਰ ਚੁੱਕੀ ਮਸੰਦ-ਪ੍ਰਥਾ ਨੂੰ ਖਤਮ ਕੀਤਾ ਅਤੇ ਸੰਨ ੧੬੯੯ ਈ. ਵਿਚ ਵਿਸਾਖੀ ਵਾਲੇ ਦਿਨ ਖਾਲਸੇ ਦੀ ਸਾਜਨਾ ਕਰਕੇ ਕੌਮ ਅੰਦਰ ਨਵੀਂ ਰੂਹ ਫੂਕੀ। ਇਸ ਤੋਂ ਪਹਿਲਾਂ ਗੁਰੂ ਸਾਹਿਬ ਨੇ ਭੰਗਾਣੀ, ਨਦੌਣ, ਹੁਸੈਨੀ ਆਦਿ ਧਰਮ ਯੁੱਧ ਵੀ ਲੜੇ, ਜਿਨ੍ਹਾਂ ਵਿਚ ਜਾਤ-ਅਭਿਮਾਨੀ ਪਹਾੜੀ ਰਾਜਿਆਂ ਨੂੰ ਕਰਾਰੀ ਮਾਤ ਦਿੱਤੀ।

ਸਦੀਆਂ ਤੋਂ ਮੁਗ਼ਲ ਬਾਦਸ਼ਾਹਾਂ ਦੀ ਗ਼ੁਲਾਮੀ ਦੇ ਮਾਹੌਲ ਵਿਚ ਹਿੰਦੁਸਤਾਨੀਆਂ ਦੀ ਸੋਚ ਸੰਸਾਰਕ ਸੁੱਖ-ਆਰਾਮ ਅਤੇ ਭੁੱਖ ਦੁਆਲੇ ਹੀ ਘੁੰਮਦੀ ਰਹੀ ਅਤੇ ਗ਼ੁਲਾਮੀ ਨੂੰ ਉਹ ਆਪਣੀ ਕਿਸਮਤ ਹੀ ਸਮਝਣ ਲੱਗ ਪਏ ਸਨ ਪਰ ਖੰਡੇ-ਬਾਟੇ ਦੇ 'ਅੰਮ੍ਰਿਤ' ਨੇ ਐਸੀ ਕਰਾਮਾਤ ਦਿਖਾਈ ਕਿ ਹਿੰਦੁਸਤਾਨ ਦਾ ਇਤਿਹਾਸ ਬਦਲ ਦਿੱਤਾ। ਅੰਮ੍ਰਿਤ ਨੇ

ਸਿੰਘਾਂ ਨੂੰ ਐਸੀ ਸ਼ਕਤੀ ਬਖਸ਼ੀ ਕਿ ਇਕ-ਇਕ ਸਿੰਘ ਲੱਖਾਂ 'ਤੇ ਭਾਰੂ ਹੋ ਗਿਆ।

ਧਰਮ ਦੇ ਮਹਾਂ ਯੁੱਧ ਵਿਚ ਗੁਰੂ ਸਾਹਿਬ ਜੀ ਨੇ ਆਪਣਾ ਸਾਰਾ ਸਰਬੰਸ ਵਾਰ ਦਿੱਤਾ, ਜੋ ਸੰਸਾਰ ਦੇ ਇਤਿਹਾਸ ਦੀ ਵਿਲੱਖਣ ਗਾਥਾ ਹੈ ਤੇ ਭਵਿੱਖ ਦੀਆਂ ਪੀੜ੍ਹੀਆਂ ਲਈ ਹੱਕ, ਸੱਚ 'ਤੇ ਪਹਿਰਾ ਦੇਣ, ਮਜ਼ਲੂਮਾਂ ਦੀ ਰੱਖਿਆ ਅਤੇ ਧਰਮ ਵਿਚ ਪ੍ਰਪੱਕ ਰਹਿਣ ਲਈ ਪ੍ਰੇਰਨਾ ਸ੍ਰੋਤ ਹੈ। ਮੌਜੂਦਾ ਸਮੇਂ ਵਿਚ ਅਸੀਂ ਆਪਣਾ ਵਿਲੱਖਣ ਕੌਮੀ ਵਿਰਸਾ ਅਤੇ ਸ਼ਾਨਾਮੱਤੇ ਇਤਿਹਾਸ ਨੂੰ ਭੁੱਲ ਕੇ ਗੁਰੂ ਸਾਹਿਬ ਵੱਲੋਂ ਦਰਸਾਏ ਹੱਕ-ਸੱਚ ਦੇ ਮਾਰਗ ਤੋਂ ਦੂਰ ਹੁੰਦੇ ਜਾ ਰਹੇ ਹਾਂ। ਆਓ! ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅੱਜ ਖੰਡੇ ਬਾਟੇ ਦੀ ਪਾਹੁਲ ਛਕ ਕੇ ਇਕ ਨਰੋਏ ਸਮਾਜ ਦੀ ਸਿਰਜਣਾ, ਧਰਮ ਦੇ ਬੋਲ-ਬਾਲੇ ਅਤੇ ਦਸਮ ਪਿਤਾ ਵਲੋਂ ਦਰਸਾਏ ਮਾਰਗ ਦੇ ਪਾਂਧੀ ਬਣਨ ਲਈ ਪ੍ਰਣ ਕਰੀਏ। ■

# ਗੁਰਦੁਆਰਾ ਪ੍ਰਬੰਧਕਾਂ ਦੇ ਧਿਆਨ ਹਿਤ

## ਗੁਰੂ-ਘਰਾਂ ਵਿਚ ਅੱਗ ਬੁਝਾਊ ਜੰਤਰ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ ਅਤੇ ਪਹਿਰੇਦਾਰੀ ਲਾਜ਼ਮੀ ਕੀਤੀ ਜਾਵੇ

ਬਿਜਲੀ ਦੇ ਸਰਕਟ ਸ਼ਾਰਟ ਹੋਣ ਕਾਰਨ ਅੱਗ ਲੱਗਣ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਅਗਨ-ਭੇਟ ਹੋ ਜਾਣ ਦੀਆਂ ਖ਼ਬਰਾਂ ਬਹੁਤ ਹੀ ਦੁਖਦਾਈ, ਚਿੰਤਾਜਨਕ ਤੇ ਹਿਰਦੇਵੇਧਕ ਹਨ। ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਰਹਿਣਾ ਚਾਹੀਦਾ ਹੈ। ਅਜਿਹੀ ਕੋਈ ਮੰਦਭਾਗੀ ਘਟਨਾ ਨਾ ਵਾਪਰੇ, ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਵਿਚ ਧੂਫ਼, ਲਾਈਟਾਂ, ਪੱਖੇ ਅਤੇ ਬਿਜਲੀ ਦੀਆਂ ਸਜਾਵਟੀ ਲੜੀਆਂ ਉਦੋਂ ਤਕ ਹੀ ਜਗਾਈਆਂ ਜਾਣ, ਜਦ ਤਕ ਕੋਈ ਨਿਗਰਾਨ ਹਾਜ਼ਰ ਹੋਵੇ। ਗੁਰਦੁਆਰਾ ਸਾਹਿਬ ਦੇ ਕਿਵਾੜ ਬੰਦ ਕਰਨ ਸਮੇਂ ਧੂਫ਼/ਅਗਰਬੱਤੀ ਅਤੇ ਬਿਜਲੀ ਦਾ ਮੇਨ-ਸਵਿੱਚ ਆਦਿ ਬੰਦ ਕਰ ਦੇਣੇ ਚਾਹੀਦੇ ਹਨ। ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨ ਦੀ ਬਿਜਲੀ ਦੀ ਸਮੁੱਚੀ ਫਿਟਿੰਗ ਤਸੱਲੀਬਖਸ਼ ਕੀਤੀ ਜਾਵੇ। ਜ਼ਿਆਦਾ ਗਰਮੀ ਅਤੇ ਤੇਜ਼ ਹਵਾਵਾਂ ਆਦਿ ਚੱਲਣ ਸਮੇਂ ਅਕਸਰ ਹੀ ਤਾਰਾਂ ਸ਼ਾਰਟ ਹੋ ਜਾਂਦੀਆਂ ਹਨ, ਇਸ ਲਈ ਗੁਰੂ-ਘਰਾਂ ਦੇ ਪ੍ਰਬੰਧਕ, ਗ੍ਰੰਥੀ ਸਿੰਘ ਅਤੇ ਸੇਵਾਦਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨੂੰ ਯਕੀਨੀ ਬਣਾਉਣ ਲਈ ਹਮੇਸ਼ਾਂ ਸੁਚੇਤ ਹੋ ਕੇ ਪਹਿਰੇਦਾਰੀ ਲਾਜ਼ਮੀ ਬਣਾਉਣ। ਹਰ ਗੁਰੂ-ਘਰ ਵਿਚ ਅੱਗ ਬੁਝਾਊ ਜੰਤਰ ਲਗਾਉਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਨਿਗਰਾਨੀ ਲਈ ਗੁਰੂ-ਘਰਾਂ ਵਿਚ ਸੀ.ਸੀ.ਟੀ.ਵੀ. ਕੈਮਰੇ ਵੀ ਲਗਾਏ ਜਾਣ।

*ਸਕੱਤਰ,*

*ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

**ਚਾਲ਼ੀ ਮੁਕਤਿਆਂ ਦੀ ਸ਼ਹਾਦਤ ਦੇ ਪ੍ਰਸੰਗ ਵਿਚ:**

# ਸਾਬਰੁ ਸਿਦਕਿ ਸਹੀਦੁ ਭਰਮ ਭਉ ਖੋਵਣਾ

*-ਜਥੇਦਾਰ ਅਵਤਾਰ ਸਿੰਘ**

ਇਸ ਵਿਚ ਕੋਈ ਅਤਿਕਥਨੀ ਨਹੀਂ ਕਿ ਸਿੱਖ ਇਤਿਹਾਸ ਸ਼ਹੀਦਾਂ ਦੀ ਉਹ ਦਾਸਤਾਨ ਹੈ ਜਿਸਦੀ ਮਿਸਾਲ ਪੂਰੀ ਦੁਨੀਆਂ ਦੇ ਇਤਿਹਾਸ ਵਿਚ ਨਹੀਂ ਮਿਲ ਸਕਦੀ। ਭਾਈ ਗੁਰਦਾਸ ਜੀ ਅਨੁਸਾਰ ਸ਼ਹੀਦ ਉਹ ਹੈ ਜੋ ਭਰਮ-ਭਉ ਗਵਾ ਕੇ ਸਿਦਕ ਦਾ ਧਾਰਨੀ ਬਣਦਾ ਹੈ:

**ਸਾਬਰੁ ਸਿਦਕਿ ਸਹੀਦੁ ਭਰਮ ਭਉ ਖੋਵਣਾ।**

***(ਵਾਰ ੩, ਪਾਉੜੀ ੧੮)***

'ਸ਼ਹੀਦ' ਜਨਮ-ਮਰਨ ਦੇ ਬੰਧਨਾਂ ਤੋਂ ਮੁਕਤ ਹੁੰਦਾ ਹੈ। ਦੁਨੀਆਵੀ ਵਿਸ਼ੇ-ਵਿਕਾਰਾਂ ਅਤੇ ਐਸ਼ੋ-ਇਸ਼ਰਤ ਨੂੰ ਠੁਕਰਾ ਗੁਰੂ ਦੇ ਅੱਗੇ ਆਪਾ ਭਾਵ ਸਮਰਪਿਤ ਕਰਕੇ ਸ਼ਹੀਦ ਮੁਕਤਾ ਕਹਾਉਂਦਾ ਹੈ, ਕਿਉਂਕਿ ਜਨਮ-ਮਰਨ, ਮੋਹ-ਮਾਇਆ, ਦੁੱਖ-ਸੁੱਖ ਆਦਿ ਬੰਧਨਾਂ ਤੋਂ ਛੁਟਕਾਰੇ ਦਾ ਨਾਮ ਹੀ ਮੁਕਤੀ ਹੈ।

'ਮੁਕਤਾ' ਸ਼ਬਦ ਸਿੱਖ ਇਤਿਹਾਸ ਵਿਚ ਇਕ ਖਾਸ ਸੰਦਰਭ ਵਿਚ ਵਰਤਿਆ ਜਾਂਦਾ ਹੈ। ਇਹ ਸੰਕਲਪ ਸਿੱਖ ਧਰਮ ਦੇ ਮਹਾਨ ਅਤੇ ਪਵਿੱਤਰ ਅਸਥਾਨ ਸ੍ਰੀ ਮੁਕਤਸਰ ਸਾਹਿਬ ਨਾਲ ਸੰਬੰਧਿਤ ਹੈ। ਸ੍ਰੀ ਮੁਕਤਸਰ ਸਾਹਿਬ ਨੂੰ ਪਹਿਲਾਂ ਖਿਦਰਾਣੇ ਦੀ ਢਾਬ ਦੇ ਨਾਂ ਨਾਲ ਜਾਣਿਆ ਜਾਂਦਾ ਸੀ। ਰੇਤਲੇ ਟਿੱਬਿਆਂ ਅਤੇ ਖੁਸ਼ਕ ਝਾੜੀਆਂ ਵਾਲੀ ਇਸ ਧਰਤੀ ਨੂੰ ਭਾਗ ਕਿਵੇਂ ਲੱਗੇ? ਇਹ ਇਤਿਹਾਸ ਦੀ ਇਕ ਲਾਸਾਨੀ ਅਤੇ ਬੇਮਿਸਾਲ ਦਾਸਤਾਨ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੱਕ-ਸੱਚ ਅਤੇ ਧਰਮ ਦੀ ਖ਼ਾਤਰ ਕਈ ਜੰਗਾਂ ਲੜੀਆਂ ਅਤੇ ਹਰ ਵਾਰ ਚੜ੍ਹਦੀ ਕਲਾ ਅਤੇ ਬਹਾਦਰੀ ਨਾਲ ਦੁਸ਼ਮਣਾਂ ਦਾ ਟਾਕਰਾ ਕੀਤਾ। ਬੁੱਤ-ਪੂਜ ਪਹਾੜੀ ਰਾਜਿਆਂ ਨੂੰ ਹਰ ਯੁੱਧ ਵਿਚ ਹਾਰ ਦਾ ਮੂੰਹ ਦੇਖਣਾ ਪਿਆ। ਅਖੀਰ ਉਨ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਹਰਾਉਣ ਲਈ ਔਰੰਗਜ਼ੇਬ ਅੱਗੇ ਫਰਿਆਦ ਕੀਤੀ, ਜਿਸ ਨੇ ਪਹਾੜੀ ਰਾਜਿਆਂ ਦੀ ਮਦਦ ਲਈ ਲਾਹੌਰ ਅਤੇ ਸਰਹੰਦ ਦੇ ਸੂਬੇਦਾਰਾਂ ਨੂੰ ਫੁਰਮਾਨ ਜਾਰੀ ਕਰ ਦਿੱਤੇ। ਮੁਗ਼ਲ ਫੌਜਾਂ ਅਤੇ ਪਹਾੜੀ ਰਾਜਿਆਂ ਦੇ ਟਿੱਡੀ ਦਲਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ ਕਿਲ੍ਹੇ ਨੂੰ ਘੇਰਾ ਪਾ ਲਿਆ। ਗੁਰੂ ਜੀ ਦੇ ਸੂਰਬੀਰ ਯੋਧਿਆਂ ਨੇ ਕਈ ਮਹੀਨੇ ਡਟ ਕੇ ਮੁਕਾਬਲਾ ਕੀਤਾ। ਖ਼ਾਲਸਾ ਫ਼ੌਜ ਦੇ ਛਾਪਾਮਾਰ ਹਮਲਿਆਂ ਨਾਲ ਦੁਸ਼ਮਣ ਦੇ ਹੌਸਲੇ ਪਸਤ ਹੋ ਚੁੱਕੇ ਸਨ। ਰਾਸ਼ਨ-ਪਾਣੀ ਵੀ ਮੁੱਕਦਾ ਜਾ ਰਿਹਾ ਸੀ। ਇਸ ਦੇ ਬਾਵਜੂਦ ਵੀ ਸਿੰਘ ਸ਼ੇਰਾਂ ਵਾਗੂੰ ਲੜ ਰਹੇ ਸਨ। ਗੁਰੂ ਜੀ ਨੇ ਦੂਰ-ਅੰਦੇਸ਼ੀ ਨਾਲ ਕੁਝ ਸਮਾਂ ਹੋਰ ਉਡੀਕ ਕਰਨ ਲਈ ਕਿਹਾ। ਇਸ ਦੇ ਬਾਵਜੂਦ ਕੁਝ ਕਾਹਲੇ ਸਿੰਘ, ਭਰਮ ਦਾ ਸ਼ਿਕਾਰ ਹੋ ਕੇ ਡੋਲ ਗਏ। ਉਨ੍ਹਾਂ ਗੁਰੂ ਜੀ ਦਾ ਸਾਥ ਛੱਡ ਦਿੱਤਾ ਅਤੇ 'ਬੇਦਾਵਾ' ਦੇ ਕੇ ਆਪਣੇ ਘਰਾਂ ਨੂੰ ਚਲੇ ਗਏ। ਥੋੜ੍ਹੇ ਦਿਨਾਂ ਪਿੱਛੋਂ ਦੁਸ਼ਮਣ ਵੱਲੋਂ ਖਾਧੀਆਂ ਕਸਮਾਂ ਅਤੇ ਕਿਲ੍ਹੇ ਅੰਦਰ ਬਾਕੀ ਬਚੇ ਸਿੰਘਾਂ ਵੱਲੋਂ ਕਿਲ੍ਹਾ ਖਾਲੀ ਕਰਨ ਦੀ ਸਲਾਹ 'ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਛੱਡ ਦਿੱਤਾ। ਸਰਸਾ ਨਦੀ ਪਾਰ ਕਰਦਿਆਂ ਗੁਰੂ ਜੀ ਦਾ ਸਾਰਾ ਪਰਿਵਾਰ ਵਿਛੜ ਗਿਆ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਥੋੜ੍ਹੇ ਜਿਹੇ ਸਿੰਘਾਂ ਸਮੇਤ ਚਮਕੌਰ ਦੀ ਗੜ੍ਹੀ ਪਹੁੰਚੇ, ਜਿੱਥੇ ਸੰਸਾਰ ਦਾ ਅਨੋਖਾ ਤੇ ਅਸਾਵਾਂ ਯੁੱਧ ਲੜਿਆ ਗਿਆ। ਇੱਥੋਂ ਆਪ ਦੁਸ਼ਮਣ ਫੌਜਾਂ ਨੂੰ ਵੰਗਾਰਦੇ ਹੋਏ ਮਾਛੀਵਾੜੇ ਦੇ ਜੰਗਲ ਵੱਲ ਚਲੇ ਗਏ।

**ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਉਧਰ ਸਰਹੰਦ ਦੇ ਸੂਬੇਦਾਰ ਵਜ਼ੀਰ ਖਾਂ ਦੀਆਂ ਫੌਜਾਂ ਗੁਰੂ ਜੀ ਦਾ ਪਿੱਛਾ ਕਰਦੀਆਂ ਆ ਰਹੀਆਂ ਸਨ। ਰਸਤੇ ਵਿੱਚੋਂ ਗੁਰੂ ਜੀ ਦੇ ਕਾਫਲੇ ਵਿਚ ਵੀ ਕਾਫੀ ਸਿੰਘ ਸ਼ਾਮਿਲ ਹੋ ਰਹੇ ਸਨ। ਗੁਰੂ ਜੀ ਦੀਨੇ ਤੋਂ ਜੈਤੋ ਹੁੰਦੇ ਹੋਏ ਕੋਟਕਪੂਰੇ ਪੁੱਜੇ ਜਿੱਥੇ ਉਨ੍ਹਾਂ ਉੱਥੋਂ ਦੇ ਹਾਕਮ ਕਪੂਰੇ ਤੋਂ ਕਿਲ੍ਹੇ ਦੀ ਮੰਗ ਕੀਤੀ। ਮੁਗ਼ਲਾਂ ਤੋਂ ਡਰਦਿਆਂ ਕਪੂਰੇ ਨੇ ਕਿਲ੍ਹਾ ਤਾਂ ਨਾਂ ਦਿੱਤਾ ਪਰ ਉਸ ਨੇ ਗੁਰੂ ਜੀ ਨੂੰ ਸੰਘਣੀਆਂ ਝਾੜੀਆਂ ਵਾਲੇ ਰੇਤਲੇ ਇਲਾਕੇ (ਖਿਦਰਾਣੇ ਦੀ ਢਾਬ) ਵੱਲ ਜਾਣ ਦੀ ਸਲਾਹ ਦਿੱਤੀ।

ਵੱਡੇ ਫ਼ੌਜੀ ਕੈਂਪ ਦਾ ਭੁਲੇਖਾ ਦੇਣ ਲਈ ਸਿੰਘ ਝਾੜੀਆਂ 'ਤੇ ਕੱਪੜੇ ਪਾ ਕੇ ਦੁਸ਼ਮਣ ਦੀ ਉਡੀਕ ਕਰਨ ਲੱਗੇ। ਦੂਜੇ ਪਾਸੇ ਗੁਰੂ ਜੀ ਨੂੰ ਬੇਦਾਵਾ ਦੇਣ ਵਾਲੇ ਸਿੰਘ ਜਦ ਘਰੀਂ ਪਹੁੰਚੇ ਤਾਂ ਮਾਈ ਭਾਗੋ ਜੀ ਤੇ ਹੋਰ ਬੀਬੀਆਂ ਨੇ ਉਨ੍ਹਾਂ ਨੂੰ ਫਿਟਕਾਰਾ ਪਾਈਆਂ ਅਤੇ ਮੁੜ ਗੁਰੂ ਜੀ ਦੇ ਚਰਨੀਂ ਲੱਗਣ ਦੀ ਸਲਾਹ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਨੂੰ ਗੁਰੂ ਜੀ ਦੇ ਪਰਿਵਾਰ ਦੇ ਖੇਰੂੰ-ਖੇਰੂੰ ਹੋਣ, ਸਾਹਿਬਜ਼ਾਦਿਆਂ ਦੀ ਸ਼ਹੀਦੀ ਅਤੇ ਮੁਗ਼ਲ ਫੌਜਾਂ ਵੱਲੋਂ ਗੁਰੂ ਜੀ ਦਾ ਪਿੱਛਾ ਕਰਨ ਦੀਆਂ ਖਬਰਾਂ ਵੀ ਮਿਲ ਰਹੀਆਂ ਸਨ। ਉਨ੍ਹਾਂ ਦੀ ਜ਼ਮੀਰ ਨੇ ਹਲੂਣਾ ਖਾਧਾ ਅਤੇ ਔਖੀ ਘੜੀ ਗੁਰੂ ਜੀ ਦਾ ਸਾਥ ਛੱਡਣ ਦਾ ਅਹਿਸਾਸ ਵੀ ਉਨ੍ਹਾਂ ਨੂੰ ਸਤਾਉਣ ਲੱਗਾ।

ਮੁਗ਼ਲ ਫੌਜਾਂ ਦੇ ਖਿਦਰਾਣਾ ਪਹੁੰਚਣ ਤੋਂ ਐਨ ਪਹਿਲਾਂ ਮਾਝੇ ਦੇ ਸਿੰਘਾਂ ਦਾ ਇਹ ਜਥਾ ਗੁਰੂ ਜੀ ਦੇ ਕੈਂਪ ਦੇ ਨੇੜੇ ਪਹੁੰਚ ਚੁੱਕਾ ਸੀ ਅਤੇ ਮੁਗ਼ਲਾਂ ਦੀ ਟੱਕਰ ਸਭ ਤੋਂ ਪਹਿਲਾਂ ਇਸੇ ਜਥੇ ਨਾਲ ਹੋਈ। ਘਮਸਾਨ ਦਾ ਯੁੱਧ ਹੋਇਆ, ਉੱਚੀ ਟਿੱਬੀ ਤੋਂ ਗੁਰੂ ਜੀ ਖੁਦ ਤੀਰਾਂ ਦੀ ਵਰਖਾ ਕਰ ਰਹੇ ਸਨ। ਗੁਰੂ ਜੀ ਦੇ ਨਾਲ ਵਾਲੇ ਸਿੰਘ ਵੀ ਮੈਦਾਨੇ-ਜੰਗ ਵਿਚ ਜੂਝ ਕੇ ਸ਼ਹੀਦੀਆਂ ਪਾ ਰਹੇ ਸਨ। ਸਿੰਘ ਅਜਿਹੀ ਬਹਾਦਰੀ ਅਤੇ ਜੋਸ਼ ਨਾਲ ਲੜੇ ਕਿ ਦੁਸ਼ਮਣ ਫੌਜਾਂ ਵਿਚ ਖਲਬਲੀ ਮੱਚ ਗਈ। ਦੁਸ਼ਮਣ ਹਾਰ ਖਾ ਕੇ ਭੱਜ ਉੱਠੇ ਅਤੇ ਖ਼ਾਲਸੇ ਨੇ ਮੈਦਾਨ ਫ਼ਤਹਿ ਕਰ ਲਿਆ ਪਰ 'ਬੇਦਾਵਾ' ਦੇ ਗਏ ਸਿੰਘਾਂ ਸਮੇਤ ਬਹੁਤ ਸਾਰੇ ਸਿੰਘ ਬੜੀ ਬਹਾਦਰੀ ਨਾਲ ਜੂਝਦੇ ਹੋਏ ਸ਼ਹੀਦੀ ਪ੍ਰਾਪਤ ਕਰ ਗਏ ਸਨ।

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਮੈਦਾਨੇ-ਜੰਗ ਵਿਚ ਸ਼ਹੀਦ ਹੋਏ ਸਿੰਘਾਂ ਨੂੰ ਪਿਆਰ ਨਾਲ ਨਿਹਾਰਿਆ ਅਤੇ ਹਰ ਇਕ ਸਿੰਘ ਨੂੰ ਛਾਤੀ ਨਾਲ ਲਗਾ ਕੇ ਅਤਿਅੰਤ ਸਨੇਹ ਨਾਲ ਬਖਸ਼ਿਸ਼ਾਂ ਕੀਤੀਆਂ। ਜਦ ਗੁਰੂ ਜੀ ਭਾਈ ਮਹਾਂ ਸਿੰਘ ਪਾਸ ਪਹੁੰਚੇ ਤਾਂ ਉਹ ਸਹਿਕ ਰਹੇ ਸਨ। ਗੁਰਦੇਵ ਨੇ ਸੀਸ ਗੋਦ ਵਿਚ ਲੈ ਕੇ ਮੁੱਖੜਾ ਸਾਫ ਕੀਤਾ। ਗੁਰੂ ਜੀ ਨੇ ਆਪਣੇ ਕਮਰਕੱਸੇ 'ਚੋਂ ਬੇਦਾਵੇ ਵਾਲਾ ਕਾਗਜ਼ ਕੱਢਿਆ ਅਤੇ ਭਾਈ ਮਹਾਂ ਸਿੰਘ ਦੇ ਸਾਹਮਣੇ ਟੁਕੜੇ-ਟੁਕੜੇ ਕਰ ਦਿੱਤਾ। ਸ਼ੁਕਰਾਨਾ ਕਰਦੇ ਹੋਏ ਭਾਈ ਮਹਾਂ ਸਿੰਘ ਦਸਮੇਸ਼ ਪਿਤਾ ਜੀ ਦੀ ਗੋਦ ਵਿਚ ਹੀ ਸਵਾਸ ਤਿਆਗ ਗਏ। ਗੁਰੂ ਜੀ ਨੇ ਸਮੂਹ ਸ਼ਹੀਦਾਂ ਦਾ ਸਸਕਾਰ ਆਪਣੇ ਹੱਥੀਂ ਕੀਤਾ ਅਤੇ ਉਨ੍ਹਾਂ ਨੂੰ ਮੁਕਤਿਆਂ ਦੀ ਉਪਾਧੀ ਬਖਸ਼ਿਸ਼ ਕੀਤੀ।

ਇਸ ਤਰ੍ਹਾਂ ਸ਼ਹੀਦਾਂ ਦੀ ਇਹ ਧਰਤੀ, 'ਖਿਦਰਾਣੇ ਦੀ ਢਾਬ' ਤੋਂ ਸ੍ਰੀ ਮੁਕਤਸਰ ਸਾਹਿਬ ਦੇ ਨਾਂ ਨਾਲ ਜਾਣੀ ਜਾਣ ਲੱਗ ਪਈ। ਸ੍ਰੀ ਮੁਕਤਸਰ ਸਾਹਿਬ ਦਾ ਇਤਿਹਾਸ ਅੱਜ ਵੀ ਸਾਨੂੰ ਚਾਲੀ ਮੁਕਤਿਆਂ ਦੀ ਕੌਮ ਪ੍ਰਤੀ ਆਪਾ ਵਾਰਨ ਦੀ ਭਾਵਨਾ ਨੂੰ ਦ੍ਰਿੜ ਕਰਵਾਉਣ ਦੇ ਨਾਲ-ਨਾਲ ਇਹ ਅਹਿਸਾਸ ਵੀ ਕਰਵਾਉਂਦਾ ਹੈ ਕਿ ਗੁਰੂ ਨੂੰ ਤਿਲਾਂਜਲੀ ਦੇ ਦੁਨਿਆਵੀਂ ਪਦਾਰਥਾਂ ਵਿਚ ਗਲਤਾਨ ਹੋ ਕੇ ਅਸੀਂ ਕਦੇ ਵੀ ਆਤਮਿਕ ਤੌਰ 'ਤੇ ਸੰਤੁਸ਼ਟ ਨਹੀਂ ਹੋ ਸਕਦੇ। ਸਦੀਵੀ ਅਨੰਦ ਤਾਂ ਕੇਵਲ ਗੁਰੂ ਦੀ ਸ਼ਰਨ ਵਿਚ ਜਾ ਕੇ ਗੁਰਮਤਿ ਵਿਚਾਰਧਾਰਾ ਅਨੁਸਾਰ ਜੀਵਨ ਜਿਉਂਦਿਆਂ ਹੀ ਪ੍ਰਾਪਤ ਕੀਤਾ ਜਾ ਸਕਦਾ ਹੈ।

■

# ਪ੍ਰੀਤਿ ਪੈਗ਼ੰਬਰ ਗੁਰੂ

*-ਪ੍ਰੋ. ਪਿਆਰਾ ਸਿੰਘ ਪਦਮ (ਗੁਰਪੁਰਵਾਸੀ)*

ਹਰ ਸਮੇਂ, ਹਰ ਦੇਸ਼ ਵਿਚ, ਧਰਮ, ਕਲਾ ਤੇ ਫ਼ਿਲਾਸਫ਼ੀ ਦਾ ਇੱਕੋ-ਇੱਕ ਪਵਿੱਤਰ ਮਨੋਰਥ ਰਿਹਾ ਹੈ ਕਿ ਮਨੁੱਖ ਨੂੰ ਜ਼ਿੰਦਗੀ ਦੀ ਏਕਤਾ ਦਾ ਸਬਕ ਦ੍ਰਿੜ੍ਹਾਇਆ ਜਾਵੇ ਤੇ ਇਸ ਆਸਰੇ ਮਨੁੱਖੀ ਸਮਾਜ ਵਿਚ ਇਕਸੁਰਤਾ ਪੈਦਾ ਕਰ ਕੇ ਸ਼ਾਂਤੀ, ਅਮਨ ਵਿਚ ਰਹਿੰਦਿਆਂ ਸਭਿਆਚਾਰ ਦੀਆਂ ਉਚੇਰੀਆਂ ਸਿਖਰਾਂ ਨੂੰ ਛੂਹਿਆ ਜਾਵੇ ਤੇ ਅਗਲੇਰੀ ਪੀੜ੍ਹੀ ਲਈ ਉੱਚਾ, ਸੁੱਚਾ ਤੇ ਸਾਰਥਕ ਉਦੇਸ਼ ਪੇਸ਼ ਕੀਤਾ ਜਾਵੇ।

ਸਿੱਖ ਧਰਮ ਦਾ ਆਦਰਸ਼ ਵੀ ਇਹੋ ਸੀ ਕਿ ਚੜ੍ਹਦੀ ਕਲਾ ਦੇ ਨਾਲ-ਨਾਲ 'ਸਰਬੱਤ ਦੇ ਭਲੇ' ਨੂੰ ਮੋਹਰੀ ਥਾਂ ਦਿੱਤਾ ਜਾਵੇ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਖ਼ਸੀਅਤ ਅਧਿਆਤਮਕ ਗੁਰੂ, ਬੀਰ ਸੈਨਾਪਤੀ ਤੇ ਵਿਦਵਾਨ ਮਹਾਂਕਵੀ ਦਾ ਸੰਗਮ ਸੀ। ਦੂਜੇ ਸ਼ਬਦਾਂ ਵਿਚ ਗੁਰਤਾ, ਬੀਰਤਾ ਤੇ ਕਾਵਿਕਤਾ ਉਨ੍ਹਾਂ ਦੇ ਮੁੱਖ ਗੁਣ ਸਨ ਪਰ ਪ੍ਰਧਾਨਤਾ ਗੁਰਤਾ ਨੂੰ ਹੀ ਪ੍ਰਾਪਤ ਸੀ।

ਗੁਰਤਾ ਦਾ ਵੱਡਾ ਲੱਛਣ ਇਹ ਦੱਸਿਆ ਗਿਆ ਹੈ ਕਿ ਜਿੱਥੇ ਗੁਰੂ ਆਪ ਉਸ ਪਰਮ ਜੋਤਿ ਨਾਲ ਇਕਮਿਕ ਹੁੰਦਾ ਹੈ, ਉਥੇ ਬਾਕੀ ਸਭ ਨੂੰ ਵੀ ਉਸ ਦੇ ਨਾਲ ਮਿਲਾਉਂਦਾ ਹੈ, ਸੋ ਉਸ ਦਾ ਕਰਤੱਵ ਵੀ ਜ਼ਿੰਦਗੀ ਦਾ ਸੰਜੋਗ ਰਚਣਾ ਹੈ ਜਿਵੇਂ ਕਿ ਮੌਲਾਨਾ ਰੂਮੀ ਨੇ ਲਿਖਿਆ ਹੈ ਕਿ ਤੂੰ ਭਾਈ, ਦੁਨੀਆਂ ਵਿਚ ਆਇਆ ਹੀ ਇਸ ਲਈ ਹੈਂ ਕਿ ਸਭ ਨੂੰ ਮਿਲਾਵੇਂ, ਨਾ ਕਿ ਤੋੜ-ਵਿਛੋੜਾ ਪਾਵੇਂ। ਉਸ ਦਾ ਕੌਲ ਹੈ:

**ਤੂੰ ਬਰਾਇ ਵਸਲ ਕਰਦਨ ਆਮਦੀ।**
**ਨ ਬਰਾਇ ਫਸਲ ਕਰਦਨ ਆਮਦੀ।**

ਗੁਰਬਾਣੀ ਵਿਚ ਗੁਰੂ ਦਾ ਲੱਛਣ ਵੀ ਇਸੇ ਪ੍ਰਕਾਰ ਦਿੱਤਾ ਗਿਆ ਹੈ ਕਿ ਉਹ ਮਨੁੱਖੀ ਆਤਮਾ ਨੂੰ ਮਾਲਕ ਪਰਮਾਤਮਾ ਨਾਲ ਮਿਲਾਵੇ ਤੇ ਮਨੁੱਖ ਨੂੰ ਮਨੁੱਖ ਦੇ ਗਲ ਲਾਵੇ:

**ਨਾਨਕ ਸਤਿਗੁਰੁ ਐਸਾ ਜਾਣੀਐ ਜੋ ਸਭਸੈ ਲਏ ਮਿਲਾਇ ਜੀਉ॥**

*(ਪੰਨਾ ੭੨)*

ਸ੍ਰੀ ਗੁਰੂ ਅਰਜਨ ਸਾਹਿਬ ਦਾ ਫ਼ਰਮਾਨ ਵੀ ਇਸੇ ਭਾਵ ਦਾ ਹੈ:

**ਜੈਸਾ ਸਤਿਗੁਰੁ ਸੁਣੀਦਾ ਤੈਸੋ ਹੀ ਮੈ ਡੀਠੁ॥**
**ਵਿਛੁੜਿਆ ਮੇਲੇ ਪ੍ਰਭੂ ਹਰਿ ਦਰਗਹ ਕਾ ਬਸੀਠੁ॥**

*(ਪੰਨਾ ੯੫੭)*

ਸ੍ਰੀ ਗੁਰੂ ਗੋਬਿੰਦ ਸਿੰਘ ਇਸ ਗੁਰਿਆਈ ਮਾਲਾ ਦੇ ਅੰਤਿਮ ਵਾਰਸ ਸਨ। ਉਨ੍ਹਾਂ ਮਨੁੱਖ ਨੂੰ ਰੱਬ ਨਾਲ ਮੇਲਣ ਤੇ ਮਨੁੱਖਾਂ ਨੂੰ ਪਰਸਪਰ ਮੇਲਣ ਦੇ ਬੜੇ ਸਾਰਥਕ ਉਪਰਾਲੇ ਕੀਤੇ। ਇਹ ਠੀਕ ਹੈ ਕਿ ਉਹ ਖੜਗਧਾਰੀ ਜੋਧੇ ਸਨ; ਉਨ੍ਹਾਂ ਸਿੱਖਾਂ ਨੂੰ ਖੜਗ ਦਾ ਯੋਗ ਪ੍ਰਯੋਗ ਵੀ ਦੱਸਿਆ ਪਰ ਨਾਲ ਹੀ ਉਨ੍ਹਾਂ ਇਸ ਨੂੰ ਆਖਰੀ ਹਥਿਆਰ ਹੀ ਕਿਹਾ। ਸਪੱਸ਼ਟ ਤਾਕੀਦ ਕੀਤੀ ਕਿ ਜਦੋਂ ਕੋਈ ਸਾਧਨ ਬਾਕੀ ਨਾ ਰਹੇ ਤਾਂ ਹੀ ਤਲਵਾਰ ਦੀ ਮੁੱਠ ਉੱਤੇ ਹੱਥ ਰੱਖਣਾ ਜਾਇਜ਼ ਹੈ:

**ਚੁ ਕਾਰ ਅਜ਼ ਹਮਹ ਹੀਲਤੇ ਦਰ ਗੁਜ਼ਸ਼ਤ॥**
**ਹਲਾਲ ਅਸਤੁ ਬੁਰਦਨ ਬ ਸ਼ਮਸ਼ੀਰ ਦਸਤ॥੨੨॥** *(ਜ਼ਫ਼ਰਨਾਮਾ)*

ਜਿਥੋਂ ਤਕ ਜੀਵਨ-ਜਾਚ ਦਾ ਤੁਅੱਲਕ ਹੈ, ਸਤਿਗੁਰਾਂ ਦੋ ਵਿਸ਼ੇਸ਼ ਗੱਲਾਂ ਕਹੀਆਂ। ਪਹਿਲੀ ਇਹ ਕਿ ਪਰਮੇਸ਼ਰ ਪ੍ਰੇਮ-ਸਰੂਪ ਹੈ ਤੇ ਉਹ ਅਨੁਰਾਗ ਜਾਂ ਮੁਹੱਬਤ ਬਣ ਕੇ ਹੀ ਜਗਤ ਦੇ ਬਾਗ ਵਿਚ ਟਹਿਕ-ਮਹਿਕ ਪੈਦਾ ਕਰ ਰਿਹਾ ਹੈ। ਫਿਰ ਉਸ ਨੂੰ ਪਾਉਣ ਦਾ ਤਰੀਕਾ ਵੀ ਪ੍ਰੇਮ ਹੀ ਹੈ; ਬਾਕੀ ਸਾਧਨ ਤਾਂ ਐਵੇਂ ਦੇਖ-ਦਿਖਾਵੇ ਦੇ ਹਨ। ਗੁਰੂ ਸਾਹਿਬ ਫ਼ੁਰਮਾਉਂਦੇ ਹਨ:

**- ਦੇਸ ਔਰ ਨ ਭੇਸ ਜਾਕਰ ਰੂਪ ਰੇਖ ਨ ਰਾਗ॥**
**ਜੱਤ੍ਰ ਤੱਤ੍ਰ ਦਿਸਾ ਵਿਸਾ ਹੁਇ ਫੈਲਿਓ ਅਨੁਰਾਗ॥੮੦॥**

*(ਜਾਪੁ)*

**- ਸਾਚੁ ਕਹੋਂ ਸੁਨ ਲੇਹੁ ਸਭੈ**
**ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ॥੯॥੨੯॥**

*(ਅਕਾਲ ਉਸਤਤਿ)*

ਗੁਰੂ ਦਸਮੇਸ਼ ਖੜਗਧਾਰੀ ਜੋਧੇ ਸਨ, ਮਹਾਂਕਵੀ ਸਨ ਪਰ ਇਸ ਤੋਂ ਵੱਧ ਵਿਸ਼ੇਸ਼ਤਾ ਵਾਲੀ ਗੱਲ ਇਹ ਕਿ ਉਹ ਪ੍ਰੀਤ-ਪੈਗ਼ੰਬਰ ਸਨ ਜਿਨ੍ਹਾਂ ਮਨੁੱਖਤਾ ਨੂੰ ਏਕਤਾ ਅਤੇ ਪ੍ਰੇਮ-ਪਿਆਰ ਦਾ ਪੈਗ਼ਾਮ ਦਿੱਤਾ। ਖਾਲਸੇ ਨੂੰ ਇਹ ਗੱਲ ਦ੍ਰਿੜ੍ਹ ਕਰਾਈ ਕਿ 'ਪੂਰਨ ਪ੍ਰੇਮ ਪ੍ਰਤੀਤਿ ਸਜੈ ਬ੍ਰਤ' ਅਰਥਾਤ ਪੂਰੇ ਪ੍ਰੇਮ-ਭਾਵ ਨਾਲ ਅਤੇ ਪ੍ਰਭੂ ਦੀ ਪ੍ਰਤੀਤ ਭਰੋਸੇ ਦਾ ਪ੍ਰਣ ਨਿਭਾਉਣਾ ਮੁਢਲੀ ਕਾਰ ਹੈ।

ਧਾਰਮਿਕ ਮਹਾਂ-ਪੁਰਸ਼ਾਂ ਦੀ ਦ੍ਰਿਸ਼ਟੀ ਯੂਨੀਵਰਸਲ ਅਥਵਾ ਵਿਸ਼ਵ-ਵਿਆਪੀ ਹੁੰਦੀ ਹੈ ਤੇ ਆਮ ਤੌਰ 'ਤੇ ਸੰਸਾਰੀ ਆਦਮੀ ਦੀ ਦ੍ਰਿਸ਼ਟੀ ਵਧੇਰੇ ਕਰਕੇ ਸੁਆਰਥੀ (ਸੈਲਫਸੈਂਟ੍ਰਡ) ਹੁੰਦੀ ਹੈ। ਗੁਰੂ ਸਾਹਿਬ ਪਰਉਪਕਾਰੀ ਸਨ ਤੇ ਸਮੁੱਚੇ ਸੰਸਾਰ ਦੇ ਕਲਿਆਣ ਦੀ ਸੋਚ ਸੋਚਦੇ ਸਨ। ਅਨੇਕ ਤਰ੍ਹਾਂ ਦੀਆਂ ਵਿਰੋਧਤਾਈਆਂ, ਬਿਖਮਤਾਈਆਂ ਦੇ ਬਾਵਜੂਦ ਗੁਰੂ ਕਲਗੀਧਰ ਇਹ ਸਮਝਦੇ ਤੇ ਅਨੁਭਵ ਕਰਦੇ ਸਨ ਕਿ ਸਭ ਦਾ ਇਸ਼ਟ ਪਰਮੇਸ਼ਰ ਇੱਕ ਹੈ। ਰਸਤਾ ਦਿਖਾਉਣ ਵਾਲਾ ਗੁਰੂ ਵੀ ਇੱਕ ਹੈ। ਉਸ ਦੀ ਕਾਇਨਾਤ ਇੱਕ ਹੈ, ਸਾਰੀ ਮਨੁੱਖਤਾ ਇੱਕ ਹੈ ਤੇ ਉਸ ਦਾ ਧਰਮ ਤੇ ਸਿਸ਼ਟਾਚਾਰ ਵੀ ਇੱਕ ਹੈ।

ਇਸ ਏਕਤਾ ਦੀ ਪਛਾਣ ਕਰਨਾ ਹੀ ਜੀਵਨ ਦਾ ਭੇਦ ਹੈ। ਜੇ ਮਨੁੱਖੀ ਆਤਮਾ ਨੇ ਪਰਮਾਤਮਾ ਨੂੰ ਪਾਉਣਾ ਹੈ ਤੇ ਉਸ ਦੀ ਸ੍ਰਿਸ਼ਟੀ ਨੂੰ ਰੀਝਾਉਣਾ ਹੈ ਤਾਂ ਇਸ ਦੀ ਇੱਕੋ-ਇੱਕ ਵਿਧੀ ਸਭ ਨਾਲ ਪ੍ਰੇਮ-ਪਿਆਰ ਦਾ ਵਰਤਾਰਾ ਵਰਤਾਉਣਾ ਹੈ। ਪੂਰਨ ਖਾਲਸਾ ਵੀ ਉਹੋ ਹੋ ਸਕਦਾ ਹੈ ਜੋ ਪ੍ਰੇਮ-ਮੁਹੱਬਤ ਦਾ ਗੁਣ ਧਾਰਨ ਕਰਦਾ ਅਤੇ ਕਣ-ਕਣ ਵਿਚ ਜਾਗਤ ਜੋਤਿ ਦੇ ਦਰਸ਼ਨ ਕਰਦਾ ਹੈ:

**ਜਾਗਤ ਜੋਤ ਜਪੈ ਨਿਸ ਬਾਸੁਰ ਏਕ ਬਿਨਾ ਮਨ ਨੈਕ ਨ ਆਨੈ॥**
**ਪੂਰਨ ਪ੍ਰੇਮ ਪ੍ਰਤੀਤ ਸਜੈ ਬ੍ਰਤ ਗੋਰ ਮੜੀ ਮਟ ਭੂਲ ਨ ਮਾਨੈ॥**

*(ਦਸਮ ਗ੍ਰੰਥ)*

ਇਸੇ ਕਰਕੇ ਆਪ ਨੇ ਇਨਸਾਨੀ ਏਕਤਾ ਉੱਤੇ ਬਹੁਤ ਜ਼ੋਰ ਦਿੱਤਾ ਤੇ ਧਰਮ-ਕਰਮ ਦੀ ਏਕਤਾ ਨੂੰ ਵੀ ਪਛਾਣਨ ਦੀ ਤਾਕੀਦ ਕੀਤੀ। ਇਹੋ ਹੀ ਇਕ ਸਾਰਥਕ ਵਿਧੀ ਸੀ ਜਿਸ ਨਾਲ 'ਸਰਬੱਤ ਦੇ ਭਲੇ' ਦਾ ਮਿਸ਼ਨ ਪੂਰਾ ਹੋ ਸਕਦਾ ਸੀ।

ਈਸਾਈ ਚਿੰਤਨ ਵਿਚ 'ਪ੍ਰੇਮ ਹੀ ਰੱਬ' **(Love is God)** ਦਾ ਖਿਆਲ ਦਿੱਤਾ ਗਿਆ ਹੈ ਤੇ ਬਹੁਤੇ ਲੋਕ ਇਉਂ ਹੀ ਸਮਝਦੇ ਹਨ ਇਕ ਇਹ ਵਿਚਾਰ ਪੱਛਮ ਵੱਲੋਂ ਹੀ ਇਧਰ ਆਇਆ ਹੈ ਪਰ ਗੁਰੂ ਦਸਮੇਸ਼ ਜੀ ਦੀ ਬਾਣੀ ਦੇ ਅਧਿਐਨ ਤੋਂ ਸਪੱਸ਼ਟ ਹੈ ਕਿ ਉਨ੍ਹਾਂ ਪਰਮੇਸ਼ਰ ਨੂੰ ਪ੍ਰੇਮ ਰੂਪ ਹੋ ਕੇ ਸਾਰੇ ਵਿਚਰਦਾ ਦੱਸਿਆ ਤੇ ਪ੍ਰੇਮ ਦੁਆਰਾ ਹੀ ਉਸ ਨੂੰ ਪਾਉਣ ਦਾ ਮਾਰਗ ਦਰਸਾਇਆ ਹੈ। ਇਸ ਖ਼ਾਤਰ ਏਕਤਾਵਾਦੀ ਹੋਣਾ ਕੁਦਰਤੀ ਤੇ ਬਹੁਤ ਜ਼ਰੂਰੀ ਸੀ।

'ਅਕਾਲ ਉਸਤਤਿ' ਵਿਚ ਜਿੱਥੇ ਰੱਬੀ ਮਹਿਮਾ ਦਾ ਗਾਇਨ ਹੈ, ਉਥੇ ਕਰਮਕਾਂਡੀ ਧਰਮਾਂ ਦੀ ਪੁਣ-ਛਾਣ ਵੀ ਬੜੀ ਨਿਧੜਕਤਾ ਤੇ ਨਿਪੁੰਨਤਾ ਨਾਲ ਕਰਨ ਉਪਰੰਤ ਚਾਰ ਕਬਿੱਤਾਂ ਵਿਚ ਜ਼ਿੰਦਗੀ ਦੀ ਏਕਤਾ ਤੇ ਧਰਮਾਂ ਦੀ ਏਕਤਾ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਦ੍ਰਿੜ੍ਹ ਕਰਾਈ ਗਈ ਹੈ।

ਪਹਿਲੇ ਕਬਿੱਤ ਵਿਚ ਮਨੁੱਖੀ-ਏਕਤਾ ਦਾ ਪਾਠ ਪੜ੍ਹਾਉਂਦਿਆਂ ਇਉਂ ਸਮਝਾਇਆ ਹੈ ਕਿ ਸੰਨਿਆਸੀ, ਜੋਗੀ, ਜਤੀ, ਹਿੰਦੂ, ਤੁਰਕ ਜਾਂ ਸ਼ੀਆ-ਸੁੰਨੀ, ਕੋਈ ਭਿੰਨ-ਭੇਦ ਨਹੀਂ, ਸਭੇ ਪੰਜ ਤੱਤ ਦੇ ਪੁਤਲੇ ਅਤੇ ਪੰਜ ਗਿਆਨ-ਇੰਦਰਿਆਂ ਦੇ ਮਾਲਕ ਹਨ। ਇਹ 'ਮਾਨਸ ਕੀ ਜਾਤਿ' ਇੱਕ ਹੈ ਤੇ ਇਨ੍ਹਾਂ ਦਾ ਮਾਲਕ ਸਿਰਜਣਹਾਰ ਵੀ ਇੱਕੋ ਹੈ ਅਤੇ ਗਿਆਨ-ਦਾਤਾ ਗੁਰਦੇਵ ਵੀ ਜੋਤਿ ਸਰੂਪ ਇੱਕੋ ਇਕ ਹੈ:

**- ਕੋਊ ਭਇਓ ਮੁੰਡੀਆ ਸੰਨਿਆਸੀ ਕੋਊ ਜੋਗੀ ਭਇਓ**
**ਕੋਊ ਬ੍ਰਹਮਚਾਰੀ ਕੋਊ ਜਤੀ ਅਨੁਮਾਨਬੋ॥**
**ਹਿੰਦੂ ਤੁਰਕ ਕੋਊ ਰਾਫਜੀ ਇਮਾਮ ਸਾਫੀ**
**ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ॥**
**ਕਰਤਾ ਕਰੀਮ ਸੋਈ ਰਾਜਕ ਰਹੀਮ ਓਈ**
**ਦੂਸਰੋ ਨ ਭੇਦ ਕੋਈ ਭੂਲ ਭ੍ਰਮ ਮਾਨਬੋ॥**
**ਏਕ ਹੀ ਕੀ ਸੇਵ ਸਭ ਹੀ ਕੋ ਗੁਰਦੇਵ ਏਕ**
**ਏਕ ਹੀ ਸਰੂਪ ਸਬੈ ਏਕੈ ਜੋਤ ਜਾਨਬੋ॥੧੫॥੮੫॥**

*(ਅਕਾਲ ਉਸਤਤਿ)*

**- ਆਦਿ ਅੰਤਿ ਏਕੈ ਅਵਤਾਰਾ॥**
**ਸੋਈ ਗੁਰੂ ਸਮਝਿਯਹੁ ਹਮਾਰਾ॥੯॥**

*(ਚੌਪਈ ਪਾ:੧੦)*

ਦੂਜੇ ਕਬਿੱਤ ਵਿਚ ਸਤਿਗੁਰਾਂ ਇਹ ਸਮਝਾਇਆ ਹੈ ਕਿ ਦੇਹਰਾ ਮਸੀਤ ਜਾਂ ਪੂਜਾ ਨਮਾਜ਼ ਵਿਚ ਕੋਈ ਭਿੰਨ-ਭੇਦ ਨਹੀਂ। ਲੋਕਾਂ ਆਪਣੇ-ਆਪਣੇ ਸਿਦਕ ਤੇ ਸ਼ਰਧਾ ਅਨੁਸਾਰ ਉਸ ਦੇ ਧਰਮ-ਅਸਥਾਨ ਸਿਰਜੇ ਅਤੇ ਆਪਣੀ-ਆਪਣੀ ਭਾਵਨਾ ਮੁਤਾਬਕ ਉਸ ਦੀ ਭਗਤੀ ਜਾਂ ਬੰਦਗੀ ਕਰਨ ਦੀ ਵਿਧੀ ਅਪਣਾਈ ਹੈ। ਅੰਦਰਲੀ ਸਪਿਰਟ ਸਭ ਦੀ ਇਕ ਜੈਸੀ ਹੈ, ਉਸ ਵਿਚ ਰਤਾ ਫ਼ਰਕ ਨਹੀਂ। ਇਸ ਕਰਕੇ ਬਾਹਰਲੀ ਸੂਰਤ ਨੂੰ ਸਨਮੁਖ ਰੱਖ ਕੇ ਇਨ੍ਹਾਂ ਵਿਚ ਭਿੰਨ-ਭੇਦ ਕਰਨਾ ਜਾਂ ਕੋਈ ਫ਼ਰਕ ਮੰਨਣਾ ਠੀਕ ਨਹੀਂ। ਆਪ ਫ਼ਰਮਾਉਂਦੇ ਹਨ:

**ਦੇਹਰਾ ਮਸੀਤ ਸੋਈ ਪੂਜਾ ਔ ਨਿਵਾਜ ਓਈ**
**ਮਾਨਸ ਸਬੈ ਏਕ ਪੈ ਅਨੇਕ ਕੋ ਭ੍ਰਮਾਉ ਹੈ॥**
**ਦੇਵਤਾ ਅਦੇਵ ਜੱਛ ਗੰਧ੍ਰਬ ਤੁਰਕ ਹਿੰਦੂ**
**ਨਿਆਰੇ ਨਿਆਰੇ ਦੇਸਨ ਕੇ ਭੇਸ ਕੋ ਪ੍ਰਭਾਉ ਹੈ॥**
**ਏਕੈ ਨੈਨ ਏਕੈ ਕਾਨ ਏਕੈ ਦੇਹ ਏਕੈ ਬਾਨ**
**ਖਾਕ ਬਾਦ ਆਤਸ ਔ ਆਬ ਕੋ ਰਲਾਉ ਹੈ॥**
**ਅਲਹ ਅਭੇਖ ਸੋਈ ਪੁਰਾਨ ਔ ਕੁਰਾਨ ਓਈ**
**ਏਕ ਹੀ ਸਰੂਪ ਸਭੈ ਏਕ ਹੀ ਬਨਾਉ ਹੈ॥੧੬॥੮੬॥**

ਜਿਵੇਂ ਅੱਗ ਦੇ ਭਾਂਬੜ ਵਿੱਚੋਂ ਕ੍ਰੋੜਾਂ ਚੰਗਿਆੜੇ ਉੱਡਦੇ ਤੇ ਅਸਮਾਨ ਵਿਚ ਆਪਣੀ ਚਮਕ-ਦਮਕ ਦਿਖਾਉਂਦੇ ਹਨ ਪਰ ਹੁੰਦੇ ਸਭ ਅੱਗ ਦਾ ਰੂਪ ਹੀ ਹਨ। ਜਿਵੇਂ ਸਾਗਰ ਵਿਚ ਅਨੇਕ ਤਰੰਗਾਂ, ਲਹਿਰਾਂ ਹਨ ਪਰ ਹੁੰਦਾ

ਸਭ ਪਾਣੀ ਹੀ ਹੈ। ਜਿਵੇਂ ਧਰਤੀ ਤੋਂ ਉੱਡਣ ਵਾਲੇ ਮਿੱਟੀ ਦੇ ਜ਼ਰਰੇ ਪੌਣ ਨਾਲ ਖੇਡਦੇ-ਖੇਡਦੇ ਉੱਚੇ ਗਗਨਾਂ ਨੂੰ ਵੀ ਜਾ ਛੂੰਹਦੇ ਹਨ ਪਰ ਅੰਤ ਸਭ ਧਰਤੀ-ਮਾਤਾ ਦੀ ਗੋਦ ਵਿਚ ਆ ਸਮਾਉਂਦੇ ਹਨ। ਇਸੇ ਤਰ੍ਹਾਂ ਸਾਰੀ ਕਾਇਨਾਤ, ਸਾਰਾ ਪਸਾਰਾ ਉਸ ਪਰਮ-ਜੋਤਿ ਦਾ ਲਿਸ਼ਕਾਰਾ ਹੈ ਤੇ ਅੰਤ ਇਸ ਨੇ ਉਸੇ ਵਿਚ ਅਭੇਦ ਹੋ ਜਾਣਾ ਹੈ। ਜਿਸ ਨੇ ਇਹ ਰਹੱਸ ਪਾ ਲਿਆ ਹੈ, ਉਹ ਕੋਈ ਭਰਮ-ਭੇਦ ਨਹੀਂ ਕਰਦਾ ਸਗੋਂ ਸਭ ਨਾਲ ਪਿਆਰ ਕਰਦਾ ਹੈ:

**ਜੈਸੇ ਏਕ ਆਗ ਤੇ ਕਨੂਕਾ ਕੋਟ ਆਗ ਉਠੇ**
**ਨਿਆਰੇ ਨਿਆਰੇ ਹੁਇ ਕੈ ਫੇਰਿ ਆਗ ਮੈ ਮਿਲਾਹਿੰਗੇ॥**
**ਜੈਸੇ ਏਕ ਧੂਰ ਤੇ ਅਨੇਕ ਧੂਰ ਪੂਰਤ ਹੈ**
**ਧੂਰ ਕੇ ਕਨੂਕਾ ਫੇਰ ਧੂਰ ਹੀ ਸਮਾਹਿੰਗੇ॥**
**ਜੈਸੇ ਏਕ ਨਦ ਤੇ ਤਰੰਗ ਕੋਟ ਉਪਜਤ ਹੈਂ**
**ਪਾਨ ਕੇ ਤਰੰਗ ਸਬੈ ਪਾਨ ਹੀ ਕਹਾਹਿੰਗੇ॥**
**ਤੈਸੇ ਬਿਸ੍ਵ ਰੂਪ ਤੇ ਅਭੂਤ ਭੂਤ ਪ੍ਰਗਟ ਹੁਇ**
**ਤਾਹੀ ਤੇ ਉਪਜ ਸਬੈ ਤਾਹੀ ਮੈ ਸਮਾਹਿੰਗੇ॥**

*(ਦਸਮ ਗ੍ਰੰਥ)*

ਅਜਿਹੀ ਦ੍ਰਿਸ਼ਟੀ ਵਾਲੇ ਭਾਈ ਕਨ੍ਹਈਏ ਵਾਂਗ ਆਪਣੇ ਪ੍ਰਭੂ ਨੂੰ ਇਨਸਾਨ ਮਾਤਰ ਵਿਚ ਤੱਕ ਕੇ ਪ੍ਰੇਮ-ਪਿਆਰ ਦਾ ਵਰਤਾਰਾ ਕਰਦੇ ਅਤੇ ਆਪਣੇ ਆਪ ਅਤੇ ਆਲੇ-ਦੁਆਲੇ ਨੂੰ ਸਦਾ ਖੁਸ਼ੀਆਂ ਵੰਡਦੇ ਹਨ। ਉਨ੍ਹਾਂ ਲਈ ਕੋਈ ਵੀ ਬਿਗਾਨਾ ਨਹੀਂ। ਹਿੰਦੂ, ਤੁਰਕ ਤਾਂ ਕੀ ਬਲਕਿ ਤਮਾਮ ਜੀਵ-ਜੰਤੂ ਵੀ ਉਨ੍ਹਾਂ ਨੂੰ ਪਰਮ-ਜੋਤਿ ਦੇ ਕ੍ਰਿਸ਼ਮੇ ਦਿੱਸਦੇ ਹਨ:

**ਬਿਸਰਿ ਗਈ ਸਭ ਤਾਤਿ ਪਰਾਈ॥...**
**ਨਾ ਕੋ ਬੈਰੀ ਨਹੀ ਬਿਗਾਨਾ ਸਗਲ ਸੰਗਿ ਹਮ ਕਉ ਬਨਿ ਆਈ॥**

*(ਪੰਨਾ ੧੨੯੯)*

ਭਾਈ ਨੰਦ ਲਾਲ ਜੀ ਨੇ ਆਖਿਆ ਹੈ ਕਿ ਬ੍ਰਾਹਮਣ ਬੁੱਤਾਂ ਦਾ ਮੁਸ਼ਤਾਕ ਹੈ ਤੇ ਮੋਮਨ ਖਾਨ ਕਹਾਉਂਦਾ ਹੈ ਪਰ ਸਾਨੂੰ ਤਾਂ ਹਰ ਪਾਸੇ ਮੁਹੱਬਤ ਦਾ ਪਿਆਲਾ ਹੀ ਛਲਕਦਾ ਦਿੱਸਦਾ ਹੈ:

**ਬ੍ਰਹਮਨ ਮੁਸ਼ਤਾਕਿ ਬੁੱਤ, ਜ਼ਾਹਿਦ ਫ਼ਿਦਾਇ ਖ਼ਾਨਕਾਹ।**
**ਹਰ ਕੁਜਾ, ਜਾਮਿ ਮੁਹੱਬਤ, ਦੀਦਾਅਮ ਸਰਸ਼ਾਰ ਹਸੋਇ॥੬॥**

*(ਗ਼ਜ਼ਲ ੬)*

ਗੁਰੂ ਸਾਹਿਬ ਜ਼ਿੰਦਗੀ ਦੇ ਸਰਬਪੱਖੀ ਵਿਕਾਸ ਲਈ ਬਚਨਬੱਧ ਸਨ। ਉਨ੍ਹਾਂ ਖੁਦ ਇਹ ਗੱਲ ਵੀ ਦੁਹਰਾਈ ਹੈ ਕਿ ਜਦੋਂ ਕੋਈ ਕੰਮ ਹੋਰ ਹੀਲਿਆਂ ਤੋਂ ਲੰਘ ਜਾਵੇ ਤਾਂ ਹੀ ਕਿਰਪਾਨ ਦੇ ਦਸਤੇ ਉੱਤੇ ਹੱਥ ਰੱਖਣਾ ਜਾਇਜ਼ ਹੈ। ਇਸ ਦਾ ਸਾਫ ਤੇ ਸਪੱਸ਼ਟ ਭਾਵ ਇਹ ਹੈ ਕਿ ਪਹਿਲੇ ਸਾਰੇ ਸ਼ਾਂਤਮਈ ਸਾਧਨ ਵਰਤੋਂ ਵਿਚ ਲਿਆਂਦੇ ਜਾਣ, ਜੇਕਰ ਕੋਈ ਚਾਰਾ ਨਾ ਚੱਲੇ ਤਾਂ ਹੀ ਤੇਗ ਨੂੰ ਧੂਹਣਾ ਬਣਦਾ ਹੈ। ਇਤਿਹਾਸ ਤੋਂ ਪ੍ਰਗਟ ਹੈ ਕਿ ਉਨ੍ਹਾਂ ਆਪ ਹਮਲਾਵਰ ਹੋ ਕੇ ਲੜਾਈ ਨਹੀਂ ਲੜੀ, ਸਗੋਂ ਕੇਵਲ ਸੁਰੱਖਿਆ ਖ਼ਾਤਰ ਹੀ ਹਥਿਆਰ ਉਠਾਏ। ਸੋ ਜੰਗ-ਯੁੱਧ ਉਨ੍ਹਾਂ ਦਾ ਮਨ-ਇੱਛਤ ਪ੍ਰੋਗਰਾਮ ਨਹੀਂ ਸੀ, ਕੇਵਲ ਸਮੇਂ ਦੀ ਲੋੜ ਸੀ।

ਕਿਤੇ-ਕਿਤੇ ਇਹ ਖਿਆਲ ਵੀ ਪ੍ਰਚਾਰਿਆ ਗਿਆ ਹੈ ਕਿ ਉਹ ਮੁਸਲਮਾਨਾਂ ਦੇ ਵੈਰੀ ਸਨ। ਇਹ ਗੱਲ ਵੀ ਬੇ-ਬੁਨਿਆਦ ਹੀ ਹੈ। ਉਨ੍ਹਾਂ ਦਾ ਕਿਸੇ ਨਾਲ ਵੈਰ ਨਹੀਂ ਸੀ। ਸਤਿਗੁਰੂ-ਚਰਿਤ੍ਰ ਦਾ ਇਹ ਵਿਸ਼ੇਸ਼ ਗੁਣ ਹੈ ਕਿ ਉਹ ਨਿਰਭਉ-ਨਿਰਵੈਰ ਹੈ:

**ਸਤਿਗੁਰ ਪੁਰਖੁ ਅਗੰਮੁ ਹੈ ਨਿਰਵੈਰੁ ਨਿਰਾਲਾ।**
**ਜਾਣਹੁ ਧਰਤੀ ਧਰਮ ਕੀ ਸਚੀ ਧਰਮਸਾਲਾ।**

*(ਵਾਰ ੩੪:੧)*

ਇਸ ਦਾ ਇਤਿਹਾਸਕ ਪ੍ਰਮਾਣ ਵੀ ਸਾਡੇ ਸਾਹਮਣੇ ਹੈ ਕਿ ਉਨ੍ਹਾਂ ਭਾਈ ਕਨ੍ਹਈਏ ਜੀ ਨੂੰ ਹਰ ਘਾਇਲ ਜ਼ਖ਼ਮੀ ਨੂੰ ਪਾਣੀ ਪਿਲਾਉਣ ਲਈ ਸ਼ਾਬਾਸ਼ ਦਿੰਦਿਆਂ, ਨਾਲ ਮਲ੍ਹਮ ਦੀ ਡੱਬੀ ਵੀ ਦਿੱਤੀ ਕਿ ਬਿਨਾਂ ਕਿਸੇ ਭੇਦ-ਭਾਵ ਦੇ ਹਰ ਜ਼ਖ਼ਮੀ ਦੇ ਜ਼ਖ਼ਮਾਂ ਨੂੰ ਮਲ੍ਹਮ ਵੀ ਲਾਈ ਜਾਵੇ।

ਇਸ ਤੋਂ ਬਿਨਾਂ ਅਨੇਕਾਂ ਮੁਸਲਮਾਨ ਆਪ ਦੇ ਮਿੱਤਰ ਤੇ ਅਨਿੰਨ ਸ਼ਰਧਾਲੂ ਵੀ ਸਨ, ਜਿਨ੍ਹਾਂ ਵਿਚ ਭੀਖਨਸ਼ਾਹ, ਕਾਜ਼ੀ ਸਲਾਰੁਦੀਨ, ਨਿਹੰਗ ਖਾਂ, ਆਲਮ ਖਾਂ, ਨਬੀ ਖਾਂ, ਗਨੀ ਖਾਂ, ਸੈਦ ਬੇਗ, ਇਬਰਾਹੀਮ ਖਾਂ, ਹਾਜੀ ਚਰਾਗ ਸ਼ਾਹ ਅਜਨੇਰੀਆ, ਕਾਜ਼ੀ ਪੀਰ ਮੁਹੰਮਦ ਸਲੋਹ ਵਾਲਾ, ਇਨਾਯਤ ਅਲੀ ਨੂਰਪੁਰੀਆ, ਸੁਬੇਗ ਸ਼ਾਹ ਹਲਵਾਰੀਆ, ਹਸਨ ਅਲੀ ਮੋਨੂਮਾਜਰੀਆ- ਆਦਿ ਪ੍ਰਸਿੱਧ ਹਨ, ਜਿਨ੍ਹਾਂ ਸਤਿਗੁਰਾਂ ਨੂੰ ਦਿਲੋਂ-ਮਨੋਂ ਪਿਆਰ ਕੀਤਾ ਤੇ ਸੰਕਟ ਸਮੇਂ ਵੀ ਆਪ ਦਾ ਸਾਥ ਦਿੱਤਾ।

ਸੋ ਮਾਨਸ ਕੀ ਜਾਤਿ ਇਕ ਮੰਨਣ ਵਾਲਾ ਕਿਸੇ ਨਾਲ ਦਵੈਤ ਜਾਂ ਵੈਰ-ਵਿਰੋਧ ਕਰ ਹੀ ਨਹੀਂ ਸਕਦਾ। ਉਹ ਪ੍ਰੀਤ-ਪੈਗ਼ੰਬਰ ਹੁੰਦਾ ਹੋਇਆ ਸਭ ਨੂੰ ਆਪਣੀ ਪਿਆਰ-ਗਲਵਕੜੀ ਵਿਚ ਲੈ ਕੇ ਹੀ ਪ੍ਰਸੰਨ ਹੁੰਦਾ ਹੈ। ਇਸੇ ਲਈ ਭਾਈ ਨੰਦ ਲਾਲ ਜੀ ਨੇ ਲਿਖਿਆ ਹੈ:

**ਖ਼ਾਲਿਸੋ ਬੇ-ਕੀਨਾ ਗੁਰ ਗੋਬਿੰਦ ਸਿੰਘ**
**ਹੱਕ ਹੱਕ ਆਈਨਾ ਗੁਰ ਗੋਬਿੰਦ ਸਿੰਘ॥੧੨੪॥...**
**ਕਾਦਿਰਿ ਹਰ ਕਾਰ ਗੁਰ ਗੋਬਿੰਦ ਸਿੰਘ**
**ਬੇਕਸਾਂ-ਰਾ ਯਾਰ ਗੁਰ ਗੋਬਿੰਦ ਸਿੰਘ॥੧੩੬॥**

*(ਗੰਜਨਾਮਾ)*

ਅੱਜ ਇਸ ਸਮਦ੍ਰਿਸ਼ਟੀ ਤੇ ਸਰਬ-ਸਾਂਝੀਵਾਲਤਾ ਦੀ ਪਹਿਲੇ ਨਾਲੋਂ ਵਧੇਰੇ ਲੋੜ ਹੈ ਕਿਉਂਕਿ ਰਾਜਨੀਤਿਕ ਖਿਲਾੜੀਆਂ ਲੋਕਤੰਤਰ, ਸੈਕੂਲਰਇਜ਼ਮ ਤੇ ਸੋਸ਼ਲਿਜ਼ਮ ਵਰਗੇ ਉੱਚ-ਆਦਰਸ਼ਾਂ ਨੂੰ ਆਪਣੇ ਛਲ-ਫਰੇਬ ਤੇ ਕੁਟਿਲ ਨੀਤੀ ਨਾਲ ਇਤਨਾ ਧੁੰਦਲਾ ਤੇ ਮਲੀਨ ਕਰ ਦਿੱਤਾ ਹੈ ਕਿ ਕੋਈ ਸ਼ੁੱਧ ਸਭਿਆਚਾਰ ਦਾ ਅਸਥਾਨ ਹੀ ਨਹੀਂ ਰਿਹਾ। ਮਨੁੱਖ ਇਤਨਾ ਸਵਾਰਥੀ ਹੋ ਨਿਬੜਿਆ ਹੈ ਕਿ ਉਹ ਹਰ ਖੇਤਰ ਵਿਚ ਖੁਦਗਰਜ਼ੀ ਦਾ ਸ਼ਿਕਾਰ ਹੈ। ਵੋਟ ਲੈਣ ਖ਼ਾਤਰ ਜਾਤ-ਪਾਤ ਦੇ ਵਿਤਕਰੇ ਤੇ ਛੋਟੇ-ਵੱਡੇ ਦੇ ਟਕਰਾਉ, ਵਰਤਮਾਨ ਕੂਟਨੀਤੀ ਦਾ ਜ਼ਰੂਰੀ ਭਾਗ ਹਨ। ਵਾਦਪ੍ਰਸਤੀ ਜਾਂ ਕੌਮਪ੍ਰਸਤੀ ਵੀ ਉਸ ਨੂੰ ਸੰਕੀਰਣ ਬਣਾਉਂਦੀ ਗਈ ਹੈ; ਕਿਸੇ ਨੂੰ ਮਨੁੱਖੀ ਕਲਚਰ ਦਾ ਕੋਈ ਅਹਿਸਾਸ ਨਹੀਂ ਰਿਹਾ। ਸ਼ਾਇਰ ਸੱਚ ਕਹਿੰਦਾ ਹੈ:

**ਨ ਮੁਹੱਬਤ ਨ ਮੁਹੱਵਤ ਨਾ ਖਲੂਸ**
**ਸ਼ਰਮਿੰਦਾ ਹੂੰ ਇਸ ਦੌਰ ਕਾ ਇਨਸਾਂ ਹੋ ਕਰ।**

'ਜਿਨ ਪ੍ਰੇਮ ਕੀਓ ਤਿਨ ਹੀ ਪ੍ਰਭ ਪਾਇਓ' ਦਾ ਸੰਦੇਸ਼ ਦੇਣ ਵਾਲੇ ਗੁਰੂ ਦਾ ਇੱਕੋ-ਇੱਕ ਮਨੋਰਥ ਸੀ ਕਿ ਤਮਾਮ ਮਨੁੱਖਤਾ ਪ੍ਰੀਤਿ-ਧਾਗੇ ਵਿਚ ਪਰੋਈ ਜਾਵੇ ਤੇ ਪ੍ਰੇਮ-ਪਿਆਰ ਹੀ ਸਭ ਦਾ ਮਜ਼੍ਹਬ ਤੇ ਸਭ ਦੀ ਰਾਜਨੀਤੀ ਹੋਵੇ ਤਾਂ ਹੀ ਅਜੋਕਾ ਮਾਨਵ, ਆਪਣੇ ਸਿਰਜੇ ਸੰਕਟ ਵਿੱਚੋਂ ਨਿਕਲ ਸਕਦਾ ਹੈ। ਲੋੜ ਹੈ, ਉਸ ਪ੍ਰੀਤ-ਪੈਗ਼ੰਬਰ ਦੇ ਪੈਗ਼ਾਮ ਨੂੰ ਪਛਾਨਣ ਦੀ!

■



ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਯੋਜਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਅਲੌਕਿਕ ਨਗਰ ਕੀਰਤਨ ਦਾ ਦ੍ਰਿਸ਼।




ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਮੇਂ ਸ. ਬਿਕਰਮ ਸਿੰਘ ਕੋ ਟਲਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸ੍ਰੀ ਦਰਬਾਰ ਸਾਹਿਬ ਤੇ ਹੋਰ।

(15 ਦਸੰਬਰ 2015)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਵਿਖੇ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕਰਦੇ ਹੋਏ । ਉਨ੍ਹਾਂ ਨਾਲ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਅੰਤ੍ਰਿੰਗ ਕਮੇਟੀ ਮੈਂਬਰਾਨ ਅਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ।

(1 ਜਨਵਰੀ 2016)



ਸਬ-ਆਫਿਸ ਚੰਡੀਗੜ੍ਹ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ, ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਸ. ਰਘੂਜੀਤ ਸਿੰਘ ਵਿਰਕ ਸੀਨੀ. ਮੀਤ ਪ੍ਰਧਾਨ, ਸ. ਕੇਵਲ ਸਿੰਘ ਬਾਦਲ ਜੂਨੀ. ਮੀਤ ਪ੍ਰਧ ਾਨ, ਅੰਤ੍ਰਿੰਗ ਮੈਂਬਰਾਨ ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਕਰਨੈਲ ਸਿੰਘ ਪੰਜੋਲੀ, ਸ. ਰਾਮਪਾਲ ਸਿੰਘ ਬਹਿਣੀਵਾਲ ਅਤੇ ਹੋਰ।

(21 ਦਸੰਬਰ 2015)




ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਸੰਤ ਸਮਾਜ ਦੇ ਨੁਮਾਇੰਦੇ, ਸ. ਰਘੂਜੀਤ ਸਿੰਘ ਕਰਨਾਲ ਸੀਨੀਅਰ ਮੀਤ ਪ੍ਰਧਾਨ ਸ਼੍ਰੋਮਣੀ ਕਮੇਟੀ ਨੂੰ ਡੇਰਾ ਕਾਰ-ਸੇਵਾ ਕਲੰਦਰੀ ਗੇਟ, ਕਰਨਾਲ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਮੌਕੇ ਸਨਮਾਨਿਤ ਕਰਦੇ ਹੋਏ।




ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਡੇਰਾ ਕਾਰ-ਸੇਵਾ ਕਲੰਦਰੀ ਗੇਟ, ਕਰਨਾਲ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਮੌਕੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦੇ ਹੋਏ। ਉਨ੍ਹਾਂ ਨਾਲ ਸਟੇਜ 'ਤੇ ਸੁਸ਼ੋਭਿਤ ਸ. ਰਘੂਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਅਤੇ ਸੰਤ ਸਮਾਜ ਦੇ ਨੁਮਾਇੰਦੇ।



ਕਰਨਾਲ (ਹਰਿਆਣਾ) ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਮੌਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ ਅਤੇ ਸਿੱਖਿਆਵਾਂ ਸਬੰਧੀ ਕਿਤਾਬਚਾ ਜਾਰੀ ਕਰਦੇ ਹੋਏ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਸਿੰਘ ਸਾਹਿਬ ਗਿ. ਮਾਨ ਸਿੰਘ, ਸ. ਰਘੂਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਤੇ ਹੋਰ।



ਭਾਈ ਨਿਗਾਹੀਆ ਜੀ ਖਾਲਸਾ ਪਬਲਿਕ ਸੂਕਲ ਫਾਰ ਡੈੱਫ ਦੇ ਬੱਚਿਆਂ ਨੂੰ ਮਿਲਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵ ਤਾਰ ਸਿੰਘ ਅਤੇ ਹੋਰ।
(31 ਦਸੰਬਰ 2015)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ। ਉਨ੍ਹਾਂ ਨਾਲ ਸ. ਦਿਲਜੀਤ ਸਿੰਘ 'ਬੇਦੀ' ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿੱਜੀ ਸਹਾਇਕ ਅਤੇ ਹੋਰ। (14 ਦਸੰਬਰ 2015)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵਿਖੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ। ਉਨ੍ਹਾਂ ਨਾਲ ਸ. ਹਰਦਲਬੀਰ ਸਿੰਘ ਸ਼ਾਹ ਖੈਰਾਬਾਦ ਅਤੇ ਸ. ਸਤਿੰਦਰ ਸਿੰਘ ਨਿੱਜੀ ਸਹਾਇਕ ਤੇ ਹੋਰ। (10 ਦਸੰਬਰ 2015)



ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੜਾਹ ਪ੍ਰਸ਼ਾਦਿ ਦੇ ਨਵੇਂ ਬਣੇ ਕੰਪਿਊਟਰ ਕਾਊਂਟਰਾਂ ਦਾ ਉਦਘਾਟਨ ਕਰਦੇ ਹੋਏ। ਉਨ੍ਹਾਂ ਨਾਲ ਸ. ਸਤਿੰਦਰ ਸਿੰਘ ਨਿੱਜੀ ਸਹਾਇਕ, ਸ. ਸੁਲੱਖਣ ਸਿੰਘ ਭੰਗਾਲ ੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਜਸਪਾਲ ਸਿੰਘ ਇੰਚਾਰਜ ਇੰਟਰਨੈੱਟ ਅਤੇ ਹੋਰ।

(14 ਦਸੰਬਰ 2015)



ਦਫ਼ਤਰ ਸ਼੍ਰੋਮਣੀ ਕਮੇਟੀ ਦੇ ਇਕੱਤਰਤਾ ਹਾਲ ਵਿਖੇ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਪ੍ਰਬੰਧਾਂ ਸਬੰਧੀ ਵਿਚਾਰਾਂ ਕਰਦੇ ਹੋਏ ਸ. ਹਰਚਰਨ ਸਿੰਘ ਮੁੱਖ ਸਕੱਤਰ। ਉਨ੍ਹਾਂ ਨਾਲ ਸ. ਮਨਜੀਤ ਸਿੰਘ ਸਕੱਤਰ, ਸ. ਬਲਵਿੰਦਰ ਸਿੰਘ ਜੋੜਾਸਿੰਘਾ ਵਧੀਕ ਸਕੱਤਰ ਤੇ ਹੋ ਰ।

(7 ਦਸੰਬਰ 2015)




ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਦਸਮ ਪਾਤਸ਼ਾਹ ਜੀ ਦੇ ਵੱਡੇ ਸਾਹਿਬਜ਼ਾਦਿਆਂ ਅਤੇ ਚਮਕੌਰ ਦੀ ਜੰਗ ਦੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਕਰਵਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਅਰਦਾਸ ਕਰਦੇ ਹੋਏ ਭਾਈ ਗੁਰਚਰਨ ਸਿੰਘ ਅਤੇ ਅਰਦਾਸ ਵਿਚ ਸ਼ਾਮਲ ਸੰਗਤਾਂ। (22 ਦਸੰਬਰ 2015)





ਸ਼੍ਰੋਮਣੀ ਕਮੇਟੀ ਵੱਲੋਂ ਬਾਬਾ ਗੁਰਬਖਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਉਣ ਸਮੇਂ ਅਰਦਾਸ ਕਰਦੇ ਹੋਏ ਭਾਈ ਰਾਜਦੀਪ ਸਿੰਘ ।
ਹੇਠਾਂ: ਸਮਾਗਮ ਵਿਚ ਹਾਜ਼ਰ ਸੰਗਤਾਂ। (17 ਦਸੰਬਰ 2015)



ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ, ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ ਦੀ ਪੁਸਤਕ 'ਅਦਬੀ ਮੁਲਾਕਾਤਾਂ' ਲੋਕ-ਅਰਪਣ ਕਰਦੇ ਹੋਏ। ਉਨ੍ਹਾਂ ਨਾਲ ਸ. ਅਵਤਾਰ ਸਿੰਘ ਸਕੱਤਰ, ਡਾ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਐਜੂਕੇਸ਼ਨ ਅਤੇ ਸ. ਬਲਜੀਤ ਸਿੰਘ ਬਰਾੜ ਸੰਪਾਦਕ ਰੋਜ਼ਾਨਾ ਪੰਜਾਬ ਟਾਇਮਜ਼।



ਪੀ.ਸੀ.ਐੱਸ. (ਜੁਡੀਸ਼ੀਅਲ) ਦੀ ਪ੍ਰੀਖਿਆ ਪਾਸ ਕਰਕੇ ਜੱਜ ਬਣੇ ਸ. ਰਵਤੇਸ਼ਇੰਦਰ ਸਿੰਘ 'ਬਾਗੀ' ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸੂਚਨਾ ਕੇਂਦਰ ਵਿਖੇ ਸਨਮਾਨਿਤ ਕਰਦੇ ਹੋਏ ਸ. ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ, ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਅਤੇ ਹੋਰ। (24 ਦਸੰਬਰ 2015)

# ਬਾਦਸ਼ਾਹ ਦਰਵੇਸ਼ ਗੁਰੂ ਗੋਬਿੰਦ ਸਿੰਘ



*-ਦਿਲਜੀਤ ਸਿੰਘ 'ਬੇਦੀ*'*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਅਦੁੱਤੀ ਸ਼ਖ਼ਸੀਅਤ ਨੂੰ ਸੰਪੂਰਨ ਰੂਪ ਵਿਚ ਕਲਮਬਧ ਕਰਨਾ ਬੇਸ਼ੱਕ ਮਨੁੱਖੀ ਮਨ ਦੀ ਪਹੁੰਚ ਵਿਚ ਨਹੀਂ ਹੈ, ਫਿਰ ਵੀ ਅਨੇਕਾਂ ਕਲਮਕਾਰਾਂ ਨੇ ਆਪ ਜੀ ਦੀ ਸਿਫ਼ਤ ਵਿਚ ਰਚਨਾਕਾਰੀ ਕੀਤੀ ਹੈ। ਆਪ ਜੀ ਦੇ ਹਜ਼ੂਰੀ ਕਵੀ ਤੇ ਸੇਵਕ ਭਾਈ ਨੰਦ ਲਾਲ ਜੀ ਨੇ ਆਪ ਜੀ ਦੀ ਸ਼ਖ਼ਸੀਅਤ ਨੂੰ ਬਿਆਨ ਕਰਦਿਆਂ ਬੜੀਆਂ ਸੁੰਦਰ ਸਤਰਾਂ ਲਿਖੀਆਂ ਹਨ, ਜੋ ਧਿਆਨ ਖਿੱਚਦੀਆਂ ਹਨ:

**ਨਾਸਰੋ ਮਨਸੂਰ ਗੁਰੁ ਗੋਬਿੰਦ ਸਿੰਘ॥**
**ਏਜ਼ਦੀ ਮਨਜ਼ੂਰ ਗੁਰੁ ਗੋਬਿੰਦ ਸਿੰਘ॥**
**ਹੱਕ ਹੱਕ ਆਗਾਹ ਗੁਰੁ ਗੋਬਿੰਦ ਸਿੰਘ॥**
**ਸ਼ਾਹਿ ਸ਼ਾਹਨਸ਼ਾਹ ਗੁਰੁ ਗੋਬਿੰਦ ਸਿੰਘ॥**
**ਹੱਕ ਹੱਕ ਅੰਦੇਸ਼ ਗੁਰੁ ਗੋਬਿੰਦ ਸਿੰਘ॥**
**ਬਾਦਸ਼ਾਹ ਦਰਵੇਸ਼ ਗੁਰੁ ਗੋਬਿੰਦ ਸਿੰਘ॥**
**ਕਾਦਿਰੇ ਹਰ ਕਾਰ ਗੁਰੁ ਗੋਬਿੰਦ ਸਿੰਘ॥**
**ਬੇਕਸਾਂ ਰਾ ਯਾਰ ਗੁਰੁ ਗੋਬਿੰਦ ਸਿੰਘ॥**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੋਹ ਸੁਦੀ ਸੱਤਵੀਂ ੧੭੨੩ ਬਿਕਰਮੀ (੧੬੬੬ ਈ:) ਨੂੰ ਮਾਤਾ ਗੁਜਰੀ ਜੀ ਤੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਘਰ ਪਟਨਾ ਸਾਹਿਬ (ਬਿਹਾਰ) ਦੀ ਧਰਤੀ 'ਤੇ ਹੋਇਆ। ਉਸ ਸਮੇਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇਸ਼ ਦੇ ਪੂਰਬੀ ਭਾਗ ਦੇ ਪ੍ਰਚਾਰ ਦੌਰੇ 'ਤੇ ਸਨ। ਆਪ ਦੇ ਜਨਮ ਸਮੇਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ਢਾਕਾ (ਬੰਗਾਲ) ਵਿਚ ਸਨ। ਨੌਵੇਂ ਗੁਰੂ ਜੀ ਨੇ ਉਥੋਂ ਪਟਨੇ ਦੀ ਸੰਗਤ ਦੇ ਨਾਂ ਹੁਕਮਨਾਮਾ ਭੇਜਿਆ, ਪਰਿਵਾਰ ਦੀ ਸੰਭਾਲ ਲਈ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਹੁਕਮ ਕੀਤਾ ਕਿ ਸਾਹਿਬਜ਼ਾਦੇ ਦਾ ਨਾਮ 'ਗੋਬਿੰਦ ਰਾਏ' ਰੱਖਿਆ ਜਾਵੇ। ਖ਼ਾਲਸਾ ਪੰਥ ਦੀ ਸਾਜਣਾ ਪਿਛੋਂ ਆਪ ਦਾ ਨਾਮ 'ਗੋਬਿੰਦ ਸਿੰਘ' ਹੋਇਆ। ਬਾਲ 'ਗੋਬਿੰਦ ਰਾਏ' ਜੀ ਦੀ ਦੈਵੀ ਸ਼ਖ਼ਸੀਅਤ ਦਾ ਅਨੁਭਵ ਕਰਦਿਆਂ ਮੁਸਲਮਾਨ ਪੀਰ ਭੀਖਨ ਸ਼ਾਹ ਪਟਨਾ ਪਹੁੰਚੇ। ਜਦ ਪੀਰ ਨੇ ਸਤਿਗੁਰਾਂ ਦੇ ਦਰਸ਼ਨ ਕੀਤੇ ਤਾਂ ਵਿਸਮਾਦ ਵਿਚ ਪੁਕਾਰ ਉਠਿਆ ਕਿ ਇਹ ਬਾਲ ਸਾਰੀ ਮਨੁੱਖਤਾ ਨੂੰ ਪਿਆਰ ਕਰੇਗਾ। ਆਪ ਜੀ ਦੇ ਬਚਪਨ ਦੇ ਪਹਿਲੇ ਛੇ ਸਾਲ ਪਟਨਾ ਸ਼ਹਿਰ ਵਿਚ ਹੀ ਬੀਤੇ। ਛੋਟੀ ਉਮਰੇ ਹੀ ਗੁਰੂ ਜੀ ਜੋਧਿਆਂ ਜਰਨੈਲਾਂ ਵਾਲੀਆਂ ਰੁਚੀਆਂ ਰੱਖਦੇ ਸਨ। ਬਾਲ ਅਵਸਥਾ ਵਿਚ ਹੀ ਆਪ ਜੀ ਦੇ ਨੂਰਾਨੀ ਚਿਹਰੇ ਤੋਂ ਲੋਕ ਬਹੁਤ ਪ੍ਰਭਾਵਤ ਸਨ। ਪਟਨੇ ਦਾ ਰਹਿਣ ਵਾਲਾ ਪੰਡਿਤ ਸ਼ਿਵ ਦੱਤ ਅਤੇ ਆਸ-ਪਾਸ ਦੇ ਕਈ ਮੁਸਲਮਾਨ ਆਪ ਜੀ ਦੇ ਪੱਕੇ ਸ਼ਰਧਾਲੂ ਸਨ। ਇਸੇ ਤਰ੍ਹਾਂ ਪਟਨਾ ਨਿਵਾਸੀ ਰਾਜਾ ਫ਼ਤਿਹ ਚੰਦ ਮੈਣੀ ਤੇ ਉਸ ਦੀ ਰਾਣੀ ਗੁਰੂ ਜੀ ਨੂੰ ਬਹੁਤ ਪਿਆਰ ਕਰਦੇ ਸਨ। ਉਨ੍ਹਾਂ ਦੇ ਘਰ ਪੁੱਤਰ ਨਾ ਹੋਣ ਕਰਕੇ ਗੁਰੂ ਜੀ ਰਾਣੀ ਨੂੰ ਮਾਂ ਕਹਿ ਪੁੱਤਰ ਦਾ ਪਿਆਰ ਜਿਤਾਉਂਦੇ ਸਨ। ਸੋਨੇ ਦੇ ਕੜੇ ਨਦੀ ਵਿਚ ਸੁੱਟ ਕੇ ਆਪ ਨੇ ਬਚਪਨ ਵਿਚ ਹੀ ਤਿਆਗੀ ਬਿਰਤੀ ਦਾ ਪ੍ਰਗਟਾਵਾ ਕਰ ਦਿੱਤਾ ਸੀ।

**ਐਡੀਸ਼ਨਲ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਸ੍ਰੀ ਗੁਰੂ ਤੇਗ਼ ਬਹਾਦਰ ਜੀ ਅਸਾਮ, ਬੰਗਾਲ ਆਦਿ ਤੋਂ ਧਰਮ ਦਾ ਪ੍ਰਚਾਰ ਕਰਦੇ ਹੋਏ ਵਾਪਸ ਪਰਤਦਿਆਂ ਪਟਨੇ ਆਪਣੇ ਪਰਿਵਾਰ ਨੂੰ ਮਿਲੇ। ਪਰਿਵਾਰ ਨੂੰ ਮਿਲਣ ਉਪਰੰਤ ਸ੍ਰੀ ਗੁਰੂ ਤੇਗ਼ ਬਹਾਦਰ ਜੀ ਸ੍ਰੀ ਅਨੰਦਪੁਰ ਸਾਹਿਬ ਆ ਗਏ। ਕੁਝ ਸਮਾਂ ਪਿਛੋਂ ਨੌਵੇਂ ਪਾਤਸ਼ਾਹ ਜੀ ਨੇ ਆਪਣੇ ਪਰਿਵਾਰ ਨੂੰ ਵੀ ਸ੍ਰੀ ਅਨੰਦਪੁਰ ਸਾਹਿਬ ਬੁਲਾ ਲਿਆ। ਸ੍ਰੀ ਗੁਰੂ ਤੇਗ਼ ਬਹਾਦਰ ਜੀ ਵੱਲੋਂ ਆਪ ਜੀ ਦੀ ਸਿਖਿਆ ਦਾ ਵਿਸ਼ੇਸ਼ ਪ੍ਰਬੰਧ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੀਤਾ ਗਿਆ। ਆਪ ਜੀ ਨੇ ਗੁਰਮੁਖੀ ਤੇ ਗੁਰਬਾਣੀ ਦੀ ਵਿੱਦਿਆ ਦੇ ਨਾਲ ਪੰਡਤ ਕਿਰਪਾ ਰਾਮ ਪਾਸੋਂ ਸੰਸਕ੍ਰਿਤ, ਹਰਜਸ ਰਾਏ ਪਾਸੋਂ ਗੁਰਮੁਖੀ, ਮੁਨਸ਼ੀ ਪੀਰ ਮੁਹੰਮਦ ਤੇ ਸਾਹਿਬ ਚੰਦ ਪਾਸੋਂ ਫਾਰਸੀ ਦੀ ਵਿਦਿਆ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਆਪ ਜੀ ਨੇ ਸ਼ਸਤਰ ਵਿਦਿਆ ਤੇ ਘੋੜ ਸਵਾਰੀ ਵਿਚ ਵੀ ਮੁਹਾਰਤ ਹਾਸਿਲ ਕੀਤੀ। ਗੁਰੂ ਜੀ ਦੀਆਂ ਖੇਡਾਂ ਵੀ ਨਿਰਾਲੀਆਂ ਸਨ, ਆਪ ਹਾਣੀਆਂ ਦੀਆਂ ਦੋ ਟੋਲੀਆਂ ਬਣਾ ਉਨ੍ਹਾਂ ਦਾ ਨਕਲੀ ਯੁੱਧ ਕਰਵਾਉਂਦੇ ਸਨ।

ਉਧਰ ਔਰੰਗਜ਼ੇਬੀ ਫੁਰਮਾਨ ਅਨੁਸਾਰ ਸਾਰੇ ਭਾਰਤ ਨੂੰ ਜ਼ਬਰੀ ਇਸਲਾਮ ਧਰਮ ਵਿਚ ਸ਼ਾਮਲ ਕਰਨ ਦੇ ਜਤਨ ਕੀਤੇ ਜਾ ਰਹੇ ਸਨ। ਇਸੇ ਨੀਤੀ ਦੇ ਤਹਿਤ ਕਸ਼ਮੀਰ ਦੇ ਗਵਰਨਰ ਨੇ ਕਸ਼ਮੀਰੀ ਹਿੰਦੂਆਂ 'ਤੇ ਜ਼ੁਲਮ ਢਾਹੁਣੇ ਸ਼ੁਰੂ ਕਰ ਦਿੱਤੇ। ਜ਼ੁਲਮਾਂ ਦੇ ਸਤਾਏ ਕਸ਼ਮੀਰੀ ਬ੍ਰਾਹਮਣ ਫ਼ਰਿਆਦ ਲੈ ਕੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਪਾਸ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਆਏ। ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ ਪੰਡਤਾਂ ਨੂੰ ਕਹਿਣ 'ਤੇ ਕਿ ਧਰਮ ਦੀ ਰਾਖੀ ਲਈ ਕਿਸੇ ਮਹਾਂਪੁਰਸ਼ ਦੇ ਬਲੀਦਾਨ ਦੀ ਜ਼ਰੂਰਤ ਹੈ, ਤਾਂ ਆਪ ਜੀ ਨੇ ਕਿਹਾ ਕਿ ਆਪ ਤੋਂ ਵੱਡਾ ਮਹਾਂਪੁਰਸ਼ ਹੋਰ ਕੌਣ ਹੋ ਸਕਦਾ ਹੈ। ਇਸ 'ਤੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਬਹੁਤ ਪ੍ਰਸੰਨ ਹੋਏ ਅਤੇ ਕਸ਼ਮੀਰੀ ਪੰਡਤਾਂ ਨੂੰ ਕਿਹਾ ਕਿ ਜਾ ਕੇ ਔਰੰਗਜ਼ੇਬ ਨੂੰ ਕਹਿ ਦੇਣਾ ਕਿ ਜੇਕਰ ਉਹ ਸ੍ਰੀ ਗੁਰੂ ਤੇਗ਼ ਬਹਾਦਰ ਜੀ ਨੂੰ ਇਸਲਾਮ ਧਰਮ ਵਿਚ ਸ਼ਾਮਿਲ ਕਰ ਲਵੇਗਾ ਤਾਂ ਉਹ ਸਾਰੇ ਆਪਣੇ-ਆਪ ਹੀ ਇਸਲਾਮ ਕਬੂਲ ਕਰ ਲੈਣਗੇ। ਸ੍ਰੀ ਗੁਰੂ ਤੇਗ਼ ਬਹਾਦਰ ਜੀ ਜਬਰ-ਜ਼ੁਲਮ ਦੇ ਖਿਲਾਫ਼ ਅਵਾਜ ਬੁਲੰਦ ਕਰਦਿਆਂ ਧਰਮ ਦੀ ਰੱਖਿਆ ਲਈ ਸ਼ਹਾਦਤ ਦੇਣ ਲਈ ਦਿੱਲੀ ਨੂੰ ਚੱਲ ਪਏ।

ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਿੱਲੀ ਜਾਣ ਤੋਂ ਪਹਿਲਾਂ ਸੰਗਤਾਂ ਨੂੰ ਹੁਕਮ ਕਰ ਗਏ ਸਨ ਕਿ ਸਾਡੇ ਤੋਂ ਬਾਅਦ ਗੁਰਗੱਦੀ ਦੀ ਜ਼ਿੰਮੇਵਾਰੀ ਗੋਬਿੰਦ ਰਾਇ ਜੀ ਸੰਭਾਲਣਗੇ। ਔਰੰਗਜ਼ੇਬ ਦੇ ਜਬਰ ਨੂੰ ਵੰਗਾਰਦਿਆਂ ਹੋਇਆਂ ਸ੍ਰੀ ਗੁਰੂ ਤੇਗ਼ ਬਹਾਦਰ ਜੀ ੧੧ ਨਵੰਬਰ ੧੬੭੫ ਈ: ਨੂੰ ਦਿੱਲੀ ਦੇ ਚਾਂਦਨੀ ਚੌਂਕ ਵਿਚ ਸ਼ਹੀਦੀ ਪ੍ਰਾਪਤ ਕਰ ਗਏ। ਨੌਵੇਂ ਪਾਤਸ਼ਾਹ ਜੀ ਦੀ ਸ਼ਹਾਦਤ ਤੋਂ ਬਾਅਦ ਗੁਰੂ ਜੀ ਵਲੋਂ ਹੋਏ ਹੁਕਮਾਂ ਅਨੁਸਾਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੂੰ ਗੁਰਗੱਦੀ ਦੀ ਜ਼ੁੰਮੇਵਾਰੀ ਸੌਂਪੀ ਗਈ। ਇਸ ਸਮੇਂ ਆਪ ਦੀ ਉਮਰ ਨੌਂ ਸਾਲ ਦੇ ਕਰੀਬ ਸੀ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਗੱਦੀ 'ਤੇ ਬੈਠਣ ਸਮੇਂ ਸਮਕਾਲੀ ਪ੍ਰਸਥਿਤੀਆਂ ਬੜੀਆਂ ਗੰਭੀਰ ਸਨ। ਰਾਜਨੀਤਿਕ ਅਤੇ ਸਮਾਜਿਕ ਤੌਰ 'ਤੇ ਅਸਥਿਰਤਾ ਫੈਲੀ ਹੋਈ ਸੀ। ਔਰੰਗਜ਼ੇਬ ਦੀ ਧਾਰਮਿਕ ਕੱਟੜ ਨੀਤੀ ਕਰਕੇ ਗ਼ੈਰ ਮੁਸਲਮਾਨਾਂ 'ਤੇ ਬੜੇ ਜ਼ੁਲਮ ਹੋ ਰਹੇ ਸਨ। ਦੂਜੇ ਪਾਸੇ ਪਹਾੜੀ ਰਾਜਿਆਂ ਪਾਸੋਂ ਬਾਦਸ਼ਾਹੀ ਜ਼ੁਲਮ ਵਿਰੁੱਧ ਕਿਸੇ ਸਹਾਇਤਾ ਦੀ ਆਸ ਰੱਖਣੀ ਵਿਅਰਥ ਸੀ। ਹਿੰਦੂ ਜਨਤਾ ਸਦੀਆਂ ਤੋਂ ਗੁਲਾਮੀ ਦਾ ਜੀਵਨ ਬਤੀਤ ਕਰਕੇ ਸਾਹਸਹੀਣ ਹੋ ਚੁੱਕੀ ਸੀ। ਇਸ ਵਕਤ ਆਪ ਦੀ ਟੱਕਰ ਇਕ ਸ਼ਕਤੀਸ਼ਾਲੀ ਸਾਮਰਾਜ ਨਾਲ ਸੀ। ਇਨ੍ਹਾਂ ਕਠਿਨਾਈਆਂ ਦੇ ਬਾਵਜੂਦ ਵੀ ਗੁਰੂ ਸਾਹਿਬ ਨੂੰ ਆਪਣੇ ਮਿਸ਼ਨ ਬਾਰੇ ਭੋਰਾ ਸੰਦੇਹ ਨਹੀਂ ਸੀ।

ਗੁਰੂ ਸਾਹਿਬ ਨੇ ਸਿੱਖ ਕੌਮ ਵਿਚ ਸਾਹਸ ਭਰਨ ਲਈ ਕਈ ਆਦੇਸ਼ ਭੇਜੇ, ਇਨ੍ਹਾਂ ਵਿਚ ਸਿੱਖਾਂ ਨੂੰ ਚੰਗੇ ਸ਼ਸਤਰ ਅਤੇ ਜਵਾਨੀਆਂ ਭੇਟ ਕਰਨ ਦਾ ਹੁਕਮ ਕੀਤਾ, ਸਿੱਖ ਸੰਗਤਾਂ ਵਿਚ ਫੁਰਤੀਲੇ ਤੇ ਚੰਗੀ ਨਸਲ ਦੇ ਘੋੜੇ ਖਰੀਦਣ ਤੇ ਸ਼ਸਤਰਾਂ ਨੂੰ ਭੇਜਣ ਲਈ ਮੁੱਖੀ ਸਿੱਖਾਂ ਨੂੰ ਹੁਕਮਨਾਮੇ ਭੇਜੇ। ਗੁਰੂ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਕਿਲ੍ਹੇ ਬਣਵਾਏ। ਰਣਜੀਤ ਨਗਾਰਾ ਤਿਆਰ ਕਰਵਾਇਆ। ਔਰੰਗਜ਼ੇਬ ਨੇ ਪਾਲਕੀ 'ਤੇ ਚੜ੍ਹਨ, ਇਰਾਕੀ ਘੋੜੇ ਦੀ ਸਵਾਰੀ, ਮੋਤੀਆਂ ਦੀ ਮਾਲਾ ਪਹਿਨਣ, ਨਗਾਰਾ ਵਜਾਉਣ ਅਤੇ ਆਪਣੇ ਨਾਮ ਨਾਲ ਪਾਤਸ਼ਾਹ ਲਗਾਉਣ ਦੀ ਮਨਾਹੀ ਕੀਤੀ ਹੋਈ ਸੀ, ਪਰ ਗੁਰੂ ਜੀ ਇਨ੍ਹਾਂ ਸਾਰੇ ਹੁਕਮਾਂ ਨੂੰ ਮੰਨਣ ਤੋਂ ਇਨਕਾਰੀ ਸਨ। ਗੁਰੂ ਸਾਹਿਬ ਜੀ ਵੱਲੋਂ ਤਿਆਰ ਕਰਵਾਏ ਗਏ ਰਣਜੀਤ ਨਗਾਰੇ ਦੀ ਗੂੰਜ ਨਾਲ ਜਿਥੇ ਸਿੱਖਾਂ ਅੰਦਰ ਉਤਸ਼ਾਹ ਪੈਦਾ ਹੋਇਆ, ਉਥੇ ਦੋਖੀਆਂ

ਦੇ ਦਿਲ ਕੰਬਣ ਲਗ ਪਏ। ਦਰਬਾਰੀ ਕਵੀ ਮੰਗਲ ਲਿਖਦਾ ਹੈ:

**ਅਨੰਦ ਦਾ ਵਾਜਾ ਨਿਤ ਵੱਜਦਾ ਅਨੰਦਪੁਰ,**
**ਸੁਣ ਸੁਣ ਸੁੱਧ ਭੁਲਦੀ ਨਰ ਨਾਰੁ ਦੀ।**
**ਭੌ ਪਿਆ ਬਿਭੀਖਣੇ ਨੂੰ ਲੰਕਾ ਕਾੜ੍ਹ ਵਸਣੇ ਦਾ,**
**ਫੇਰ ਅਸਵਾਰੀ ਆਵਦੀ ਏ ਮਹਾਂ ਬਾਰੁ ਦੀ।**
**ਭਲ ਛਡ ਬਲ ਜਾਹਿ ਛਪਿਆ ਪਤਾਲ ਵਿਚ,**
**ਫਤਹਿ ਦੀ ਨਿਸ਼ਾਨੀ ਲੈਦੇ ਦਵਾਰ ਦਰਗਾਹ ਦੀ।**
**ਸਵਣੇ ਨਾ ਦੇਂਦੀ ਦੁਖ ਦੁੱਜਨਾ ਨੂੰ ਰਾਤ ਦਿਨ,**
**ਨੌਬਤ ਗੋਬਿੰਦ ਸਿੰਘ ਗੁਰੂ ਪਾਤਸ਼ਾਹ ਦੀ।**


ਖ਼ਾਲਸਾ ਪੰਥ ਦੀ ਸਾਜਣਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਇੱਕ ਅਹਿਮ ਅਤੇ ਇਤਿਹਾਸਿਕ ਫੈਸਲਾ ਸੀ, ਜੋ ਕੇਵਲ ਭਾਰਤ ਹੀ ਨਹੀਂ ਸਗੋਂ ਦੁਨੀਆਂ ਦੇ ਇਤਿਹਾਸ ਵਿਚ ਇਕ ਵੱਖਰਾ ਕੌਤਕ ਸੀ। ਸਤਿਗੁਰੂ ਜੀ ਦੇ ਸਨਮੁੱਖ ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਲੈ ਨੌਵੇਂ ਸਤਿਗੁਰਾਂ ਤਕ ਸਿਰਜੇ ਮਨੁੱਖ ਨੂੰ ਸੰਪੂਰਨ ਰੂਪ ਦੇਣ ਦਾ ਮਹਾਨ ਕਾਰਜ ਸੀ। ਉਹ ਪੂਰਨ ਮਨੁੱਖ ਜਿਸ ਦੇ ਮਨ ਅੰਦਰ ਸਦਾ ਕਰਤਾਰ ਦੀ ਯਾਦ, ਸੱਚ ਲਈ ਜੂਝਣ ਦਾ ਚਾਅ, ਰੱਬ ਦੇ ਬੰਦਿਆਂ ਲਈ ਹਮਦਰਦੀ, ਦੁਸ਼ਟਾਂ ਦਾ ਨਾਸ਼ ਕਰਨ ਲਈ ਤੇਗ਼ ਅਤੇ ਓਟ ਇਕ ਅਕਾਲ ਪੁਰਖ ਦੀ ਹੋਵੇ। ਇਸ ਕਾਰਜ ਲਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸਮੇਂ ਦੀ ਰਾਜਸੀ, ਸਮਾਜਿਕ ਤੇ ਧਾਰਮਿਕ ਪੜਚੋਲ ਤੋਂ ਪਿਛੋਂ ਸਿੱਖ ਧਰਮ ਦੇ ਪੁਨਰਗਠਨ ਹਿਤ ੧੬੯੯ ਈ: ਦੀ ਵਿਸਾਖੀ ਦਾ ਦਿਨ ਚੁਣਿਆ। ਖ਼ਾਲਸੇ ਦੀ ਸਾਜਣਾ ਨੂੰ ਗੁਰੂ ਜੀ ਨੇ 'ਪ੍ਰਗਟਿਓ ਖ਼ਾਲਸਾ ਪ੍ਰਮਾਤਮ ਕੀ ਮੌਜ' ਕਿਹਾ ਹੈ।

ਆਪ ਜੀ ਵੱਲੋਂ ਖਾਲਸੇ ਦੀ ਸਾਜਣਾ ਸਬੰਧੀ ਵੱਖ-ਵੱਖ ਵਿਦਵਾਨਾਂ ਨੇ ਆਪਣੇ ਵਿਚਾਰ ਦਿੱਤੇ ਹਨ। ਡਾ. ਗੰਡਾ ਸਿੰਘ ਅਨੁਸਾਰ ਇਵੇਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਮੇਂ ਦੀਆਂ ਗਊਆਂ ਸ਼ੇਰ ਬਣ ਗਈਆਂ ਅਤੇ ਵੱਢ ਖਾਣੇ ਜਾਨਵਰਾਂ ਦਾ ਹੁਣ ਕੋਈ ਖਤਰਾ ਨਾ ਰਿਹਾ। ਡਾ. ਜੇ.ਐਸ. ਗਰੇਵਾਲ ਅਨੁਸਾਰ ਖ਼ਾਲਸੇ ਦੀ ਸਥਾਪਨਾ ਕਰਕੇ ਗੁਰੂ ਸਾਹਿਬ ਜੀ ਨੇ ਸਿੱਖ-ਪੰਥ ਨੂੰ ਬਾਹਰ ਦੀ ਦਖਲ ਅੰਦਾਜ਼ੀ ਨੂੰ ਸ਼ਕਤੀ ਨਾਲ ਰੋਕਣ ਦੇ ਯੋਗ ਬਣਾ ਦਿੱਤਾ। ਸਿੱਖਾਂ ਨੂੰ ਜੀਵਨ ਬਲੀਦਾਨ ਕਰਕੇ ਆਪਣੇ ਅਧਿਕਾਰਾਂ ਦੀ ਰਾਖੀ ਦਾ ਰਾਹ ਦੱਸਿਆ। ਡਾ. ਮੈਕਲੋਡ ਅਨੁਸਾਰ ਇਨ੍ਹਾਂ ਪੰਜ ਗੁਰਸਿੱਖਾਂ ਨਾਲ ਗੁਰੂ ਸਾਹਿਬ ਜੀ ਨੇ ਖ਼ਾਲਸਾ ਨਾਮੀ ਨਵੇਂ ਭਾਈਚਾਰੇ ਦੀ ਨੀਂਹ ਰੱਖੀ। ਡਾ. ਗੋਕਲ ਚੰਦ ਨਾਰੰਗ ਲਿਖਦਾ ਹੈ ਕਿ ਜਾਤ-ਪਾਤ ਤੋੜ ਕੇ ਸਾਰਿਆਂ ਨੂੰ ਇਕੋ ਜਿਹੇ ਹਕੂਕ ਦੇ ਕੇ, ਇਕੋ ਪੂਜਾ ਅਸਥਾਨ, ਇਕੋ ਯਾਤਰਾ ਅਸਥਾਨ, ਇਕੋ ਬਾਟੇ ਵਿਚ ਸਾਰੀਆਂ ਜਾਤਾਂ ਨੂੰ ਅੰਮ੍ਰਿਤ ਛਕਾ ਕੇ ਸਾਰਿਆਂ ਨੂੰ ਇਕੋ ਜਿਹੀ ਰਹਿਤ ਮਰਯਾਦਾ ਦੇ ਕੇ ਸਾਂਝੇ ਆਦਰਸ਼ਾਂ ਲਈ ਇਕੱਠਾ ਕਰ ਸਿੱਖਾਂ ਵਿਚ ਨਾ ਭੰਗ ਹੋਣ ਵਾਲੀ ਏਕਤਾ ਪੈਦਾ ਕੀਤੀ ਅਤੇ ਇਕ ਲੜੀ ਵਿਚ ਪਰੋ ਦਿੱਤਾ। ਡਾ. ਗੋਕਲ ਚੰਦ ਨਾਰੰਗ ਇਹ ਵੀ ਲਿਖਦਾ ਹੈ ਕਿ ਜਿਸ ਤੇਗ਼ ਨੇ ਖ਼ਾਲਸੇ ਦੀ ਸ਼ਾਨ ਫੈਲਾਈ ਉਸ ਦੀ ਫੌਲਾਦ ਸ੍ਰੀ ਗੁਰੂ ਨਾਨਕ ਦੇਵ ਜੀ ਕਮਾ ਕੇ ਦੇ ਗਏ ਸਨ, ਜਾਂ ਜਿਸ ਬੂਟੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੇਲੇ ਫਲ਼ ਦਿੱਤਾ ਉਸ ਦੀ ਬਿਜਾਈ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਕੀਤੀ ਸੀ ਅਤੇ ਬਾਕੀ ਅੱਠ ਗੁਰੂ ਸਾਹਿਬਾਨ ਨੇ ਇਸ ਬੂਟੇ ਨੂੰ ਸਿੰਜਿਆ।

ਗੁਰੂ ਸਾਹਿਬ ਜੀ ਨੇ ਆਪਣਾ ਸਾਰਾ ਪਰਿਵਾਰ ਹੱਕ-ਸੱਚ ਲਈ ਵਾਰ ਦਿੱਤਾ, ਜੋ ਸੰਸਾਰ ਦੇ ਇਤਿਹਾਸ ਵਿਚ ਅਸਲੋਂ ਨਿਵੇਕਲੀ ਗਾਥਾ ਹੈ। ਆਪ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੁਨੀਆਂ ਦੇ ਇਤਿਹਾਸ ਅੰਦਰ ਇਕਲੌਤੀ ਮਿਸਾਲ ਹੈ। ਆਪ ਜੀ ਦਾ ਸਮੁੱਚਾ ਜੀਵਨ ਸਾਡੇ ਲਈ ਪ੍ਰੇਰਨਾ-ਸਰੋਤ ਹੈ, ਜਿਸ ਤੋਂ ਅਸੀਂ ਸੇਧ ਪ੍ਰਾਪਤ ਕਰਨੀ ਹੈ।

■

# ਸ਼ਹੀਦ ਬਾਬਾ ਦੀਪ ਸਿੰਘ ਜੀ



*-ਪ੍ਰੋ. ਕਿਰਪਾਲ ਸਿੰਘ ਬਡੂੰਗਰ**

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਜੇ ਖ਼ਾਲਸਾ ਪੰਥ ਨੇ ਹਿੰਦੋਸਤਾਨ ਅਤੇ ਹੱਕ-ਸੱਚ ਦੀ ਰਾਖੀ ਲਈ ਜੋ ਸੁਨਹਿਰੀ ਇਤਿਹਾਸ ਰਚਿਆ ਹੈ, ਇਸ ਦੀ ਮਿਸਾਲ ਦੁਨੀਆਂ ਦੇ ਇਤਿਹਾਸ ਵਿਚ ਹੋਰ ਕਿਤੇ ਨਹੀਂ ਮਿਲਦੀ। ਅਮਨ-ਸ਼ਾਂਤੀ ਦੇ ਸਮੇਂ ਤਾਂ ਧਰਮ ਦੇ ਰਾਖੇ ਬਣ ਬੈਠਣਾ ਕੋਈ ਵੱਡੀ ਗੱਲ ਨਹੀਂ ਹੁੰਦੀ, ਸੁਆਦ ਤਾਂ ਉਸ ਸਮੇਂ ਰਾਖੇ ਬਣਨ ਦਾ ਹੁੰਦਾ ਹੈ, ਜਦੋਂ ਹੱਕ-ਸੱਚ ਦੀ ਆਵਾਜ਼ ਨੂੰ ਦਬਾਇਆ ਜਾ ਰਿਹਾ ਹੋਵੇ ਤੇ ਧਰਮ ਦਾ ਨਾਂ ਲੈਣਾ ਵੀ ਜ਼ੁਲਮ ਸਮਝਿਆ ਜਾਂਦਾ ਹੋਵੇ। ਜ਼ੁਲਮ ਵੀ ਅਜਿਹਾ ਜਿਸ ਦੀ ਕੋਈ ਦਾਦ-ਫ਼ਰਿਆਦ ਨਾ ਹੋਵੇ ਤੇ ਕਿਸੇ ਤੋਂ ਨਿਆਂ ਦੀ ਕੋਈ ਆਸ ਨਾ ਹੋਵੇ। ਮੁਗ਼ਲ ਰਾਜ ਸਮੇਂ ਖਾਸ ਕਰਕੇ ਬਾਦਸ਼ਾਹ ਔਰੰਗਜ਼ੇਬ ਦੇ ਸਮੇਂ ਗ਼ੈਰ-ਮੁਸਲਮਾਨਾਂ 'ਤੇ ਅਨੇਕ ਪ੍ਰਕਾਰ ਦੀਆਂ ਬੰਦਸ਼ਾਂ ਲਗਾ ਦਿੱਤੀਆਂ ਗਈਆਂ ਤੇ ਤਲਵਾਰ ਦੇ ਜ਼ੋਰ ਨਾਲ ਗ਼ੈਰ-ਮੁਸਲਮਾਨਾਂ ਨੂੰ ਜਬਰੀ ਮੁਸਲਮਾਨ ਬਣਾਇਆ ਜਾਣ ਲੱਗਾ।

ਅਜਿਹੇ ਘੋਰ ਸੰਕਟ ਦੇ ਸਮੇਂ ਜਦੋਂ ਇਸ ਜ਼ੁਲਮ ਅੱਗੇ ਸਾਰੇ ਹਿੰਦੋਸਤਾਨ ਦੀ ਜਨਤਾ ਥਰ-ਥਰ ਕੰਬ ਰਹੀ ਸੀ, ਉਸ ਸਮੇਂ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਨੂੰ ਬਚਾਉਣ ਲਈ ਅਤੇ ਹੱਕ-ਸੱਚ ਦੀ ਰਾਖੀ ਲਈ ਜ਼ਾਲਮ ਹਕੂਮਤ ਨੂੰ ਠੱਲ੍ਹ ਪਾਉਣ ਲਈ ਖ਼ਾਲਸੇ ਦੀ ਸਾਜਨਾ ਕੀਤੀ। ਅਕਾਲ ਪੁਰਖ ਨੇ ਖਾਲਸਾ ਦਲਾਂ ਨੂੰ ਅਜਿਹਾ ਹੌਂਸਲਾ ਤੇ ਬਲ ਬਖਸ਼ਿਆ ਕਿ ਸੂਰਬੀਰ ਸਿੰਘਾਂ ਨੇ ਹਰ ਜ਼ੁਲਮ ਦਾ ਟਾਕਰਾ ਆਪਣਾ ਸਿਰ ਤਲੀ 'ਤੇ ਧਰ ਕੇ ਦੁਨੀਆਂ ਅੱਗੇ ਅਜਿਹੇ ਕਾਰਨਾਮੇ ਪੇਸ਼ ਕੀਤੇ ਕਿ ਲੋਕ ਮੂੰਹ ਵਿਚ ਉਂਗਲਾਂ ਪਾ ਕੇ ਸੋਚਣ ਲੱਗ ਪਏ।

ਸਿੱਖਾਂ ਦੀਆਂ ੧੨ ਮਿਸਲਾਂ 'ਚੋਂ ਸ਼ਹੀਦਾਂ ਦੀ ਮਿਸਲ ਦੇ ਬਾਨੀ ਬਾਬਾ ਦੀਪ ਸਿੰਘ ਜੀ ਦਾ ਜਨਮ ੧੬੮੨ ਈ. ਵਿਚ ਅੰਮ੍ਰਿਤਸਰ ਪਰਗਣੇ ਦੇ ਪਹੂਵਿੰਡ ਪਿੰਡ ਵਿਖੇ ਹੋਇਆ। ਜੁਆਨ ਅਵਸਥਾ ਵਿਚ ਆਪ ਖੰਡੇ-ਬਾਟੇ ਦੀ ਪਾਹੁਲ ਛਕ ਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸੇਵਾ ਵਿਚ ਰਹਿਣ ਲੱਗ ਪਏ। ਜਥੇਦਾਰ ਬੁੱਢਾ ਸਿੰਘ ਜੀ ਵੀ ਆਪ ਜੀ ਦੇ ਸਾਥੀ ਸਨ।

ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਚਮਕੌਰ ਦੀ ਜੰਗ ਤੋਂ ਬਾਅਦ ਜੰਗਲਾਂ ਦੇ ਵਿਚ ਦੀ ਹੁੰਦੇ ਹੋਏ ਪਿੰਡਾਂ ਵਿਚ ਠਹਿਰਦੇ ਤਲਵੰਡੀ ਸਾਬੋ ਪਹੁੰਚੇ ਅਤੇ ਇਸ ਜਗ੍ਹਾ 'ਤੇ ਆ ਕੇ ਟਿਕ ਗਏ ਅਤੇ ਸਿੱਖਾਂ ਨੂੰ ਹੁਕਮਨਾਮੇ ਜਾਰੀ ਕੀਤੇ, ਜਿਸ ਕਾਰਨ ਇਸ ਜਗ੍ਹਾ ਦਾ ਨਾਂ ਦਮਦਮਾ ਸਾਹਿਬ ਪੈ ਗਿਆ। ਤਲਵੰਡੀ ਸਾਬੋ ਵਿਖੇ ਅੱਜ ਜਿੱਥੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਇਮਾਰਤ ਬਣੀ ਹੋਈ ਹੈ, ਇਸ ਜਗ੍ਹਾ 'ਤੇ ਗੁਰੂ ਜੀ ਦਰਬਾਰ ਸਜਾਇਆ ਕਰਦੇ ਸਨ। ਇਸੇ ਜਗ੍ਹਾ 'ਤੇ ਮਾਤਾ ਜੀ ਨੇ ਪੁੱਤਰਾਂ ਦੀ ਸ਼ਹੀਦੀ ਦਾ ਹਾਲ ਪੁੱਛਿਆ ਸੀ। ਤਲਵੰਡੀ ਸਾਬੋ ਵਿਚ ਗੁਰੂ ਸਾਹਿਬ ਦੇ ਕਾਫ਼ੀ ਸਮਾਂ ਟਿਕੇ ਰਹਿਣ ਕਰਕੇ ਇਸ ਜਗ੍ਹਾ ਦੇ ਕਈ ਸਥਾਨ ਗੁਰੂ ਸਾਹਿਬ ਦੀਆਂ ਯਾਦਾਂ ਨਾਲ ਜੁੜੇ ਹੋਏ ਹਨ ਅਤੇ ਦੂਰੋਂ-ਦੂਰੋਂ ਸਿੱਖ ਗੁਰੂ ਸਾਹਿਬ ਦੇ ਦਰਸ਼ਨਾਂ ਨੂੰ ਇਸ ਜਗ੍ਹਾ 'ਤੇ ਆਉਂਦੇ ਹਨ। ਉੱਚ-ਕੋਟੀ ਦੇ ਵਿਦਵਾਨ, ਨਾਮ-ਅਭਿਆਸੀ, ਕੁਰਬਾਨੀ ਦੇ ਪੁੰਜ, ਧਰਮੀ ਸੂਰਬੀਰ, ਸਿੱਖ ਪੰਥ ਦੇ ਅਣਖੀਲੇ ਜਥੇਦਾਰ ਬਾਬਾ ਦੀਪ ਸਿੰਘ ਜੀ ਵੀ ਇਸ ਜਗ੍ਹਾ 'ਪੁਰ ਗੁਰੂ ਜੀ ਪਾਸ ਰਹਿੰਦੇ ਰਹੇ।

---

**ਸਾਬਕਾ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।*

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਜਦੋਂ ਦੱਖਣ ਦੀ ਯਾਤਰਾ ਤੋਂ ਪਹਿਲਾਂ ਦਮਦਮਾ ਸਾਹਿਬ ਤਲਵੰਡੀ ਸਾਬੋ ਠਹਿਰੇ ਹੋਏ ਸਨ, ਉਸ ਸਮੇਂ ਉਨ੍ਹਾਂ ਨੇ ਇਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਵਿਚ ਪਿਤਾ ਗੁਰੂ, ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੀ ਬਾਣੀ ਦਰਜ ਕਰਵਾ ਕੇ ਨਵਾਂ ਸਰੂਪ ਤਿਆਰ ਕਰਵਾਇਆ। ਬਾਬਾ ਦੀਪ ਸਿੰਘ ਜੀ ਨੇ ਇਸ ਸਰੂਪ ਦੇ ਉਤਾਰੇ ਕੀਤੇ।

ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੱਖਣ ਯਾਤਰਾ 'ਤੇ ਗਏ ਤਾਂ ਬਾਬਾ ਦੀਪ ਸਿੰਘ ਜੀ ਅਤੇ ਜਥੇਦਾਰ ਬੁੱਢਾ ਸਿੰਘ ਜੀ ਦੀ ਡਿਊਟੀ ਦਮਦਮਾ ਸਾਹਿਬ ਵਿਖੇ ਸੇਵਾ-ਸੰਭਾਲ ਲਈ ਲਗਾਈ। ਦਮਦਮ ਾ ਸਾਹਿਬ ਵਿਖੇ ਸੇਵਾ-ਸੰਭਾਲ ਕਰਦਿਆਂ ਬਾਬਾ ਦੀਪ ਸਿੰਘ ਜੀ ਨੇ ਇਕ ਖੂਹ ਲਗਵਾਇਆ ਜੋ ਤਖ਼ਤ ਸਾਹਿਬ ਦੀ ਪਰਕਰਮਾ ਵਿਚ ਹੈ, ਜੋ ਸ਼ਹੀਦਾਂ ਦੇ ਖੂਹ ਨਾਲ ਜਾਣਿਆ ਜਾਂਦਾ ਹੈ। ਜਥੇਦਾਰ ਬੁੱਢਾ ਸਿੰਘ ਜੀ ਨੇ ਬੇਰੀਆਂ ਦੇ ਦਰੱਖ਼ਤ ਲਗਵਾਏ।

ਦੱਖਣ ਤੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਜੀ ਬਹਾਦਰ ਨੂੰ ਅੰਮ੍ਰਿਤ ਛਕਾ ਕੇ ਸਿੰਘ ਸਜਾ ਕੇ ਪੰਜਾਬ ਭੇਜਿਆ, ਉਸ ਸਮੇਂ ਬਾਬਾ ਦੀਪ ਸਿੰਘ ਜੀ ਆਪਣੇ ਸਾਥੀ ਸਿੰਘਾਂ ਸਮੇਤ ਬਾਬਾ ਬੰਦਾ ਸਿੰਘ ਜੀ ਬਹਾਦਰ ਦੀ ਸਹਾਇਤਾ ਕੀਤੀ। ਇਹ ਮੈਦਾਨ-ਏ-ਜੰਗ ਵਿਚ ਸਭ ਤੋਂ ਅੱਗੇ ਹੋ ਕੇ ਲੜਦੇ ਜਿਸ ਨਾਲ ਵਿਰੋਧੀਆਂ ਵਿਚ ਬਾਬਾ ਜੀ ਦਾ ਇਤਨਾ ਦਬਦਬਾ ਬੈਠ ਗਿਆ ਕਿ ਬਾਬਾ ਦੀਪ ਸਿੰਘ ਜੀ ਦਾ ਨਾਂ ਸੁਣ ਕੇ ਹੀ ਮੈਦਾਨ ਵਿੱਚੋਂ ਤਿੱਤਰ ਹੋ ਜਾਂਦੇ ਸਨ ਅਤੇ ਇਨ੍ਹਾਂ ਦੇ ਜਥੇ ਦਾ ਨਾਂ ਸ਼ਹੀਦੀ ਜਥਾ ਪ੍ਰਸਿੱਧ ਹੋ ਗਿਆ ਸੀ।

ਬਾਬਾ ਬੰਦਾ ਸਿੰਘ ਜੀ ਬਹਾਦਰ ਦੀ ਸ਼ਹੀਦੀ ਤੋਂ ਬਾਅਦ ਮੁਗ਼ਲ ਸਰਕਾਰ ਵੱਲੋਂ ਸਿੱਖਾਂ 'ਤੇ ਸਖ਼ਤੀਆਂ ਦਾ ਦੌਰ ਚੱਲਿਆ। ਜ਼ਕਰੀਆ ਖਾਨ ਦੇ ਸਮੇਂ ਇਹ ਸਖ਼ਤੀ ਇਕ ਭਿਆਨਕ ਸੰਘਰਸ਼ ਦਾ ਰੂਪ ਧਾਰਨ ਕਰ ਗਈ। ਉਸ ਸਮੇਂ ਖਾਲਸਾ ਪੰਥ ਇਕ ਜਥੇ ਦੇ ਰੂਪ ਵਿਚ ਵਿਚਰਦਾ ਸੀ ਅਤੇ ਬਾਬਾ ਦੀਪ ਸਿੰਘ ਜੀ ਨੂੰ ਜਥੇ ਦੇ ਮੁਖੀ ਸਿੰਘਾਂ ਵਿਚ ਗਿਣਿਆ ਜਾਂਦਾ ਸੀ। ਗਿਆਨੀ ਗਿਆਨ ਸਿੰਘ ਅਨੁਸਾਰ ਉਸ ਸਮੇਂ ਜਥੇਦਾਰ ਦਰਬਾਰਾ ਸਿੰਘ ਦੀਵਾਨ, ਜਥੇਦਾਰ ਸੰਗਤ ਸਿੰਘ ਖ਼ਜ਼ਾਨਚੀ, ਜਥੇਦਾਰ ਹਰੀ ਸਿੰਘ ਲਾਂਗਰੀ, ਜਥੇਦਾਰ ਭਗਤ ਸਿੰਘ ਮੋਦੀ, ਜਥੇਦਾਰ ਬੁੱਢਾ ਸਿੰਘ ਦੇਸੀ, ਜਥੇਦਾਰ ਹਰਦਿੱਤ ਸਿੰਘ, ਜਥੇਦਾਰ ਗਰਜਾ ਸਿੰਘ, ਜਥੇਦਾਰ ਸੱਜਨ ਸਿੰਘ, ਜਥੇਦਾਰ ਈਸ਼ਰ ਸਿੰਘ, ਜਥੇਦਾਰ ਗਿਆਨ ਸਿੰਘ, ਜਥੇਦਾਰ ਸਾਧੂ ਸਿੰਘ, ਜਥੇਦਾਰ ਦੇਵਾ ਸਿੰਘ, ਨਵਾਬ ਕਪੂਰ ਸਿੰਘ, ਜਥੇਦਾਰ ਹਰੀ ਸਿੰਘ ਸੁਖਈ, ਬਾਬਾ ਦੀਪ ਸਿੰਘ ਜੀ, ਜਥੇਦਾਰ ਗੁਰਬਖਸ਼ ਸਿੰਘ (ਸ਼ਹੀਦ), ਜਥੇਦਾਰ ਥਰਾਜ ਸਿੰਘ, ਜਥੇਦਾਰ ਜੱਸਾ ਸਿੰਘ, ਜਥੇਦਾਰ ਕਰਮ ਸਿੰਘ, ਜਥੇਦਾਰ ਭੋਲਾ ਸਿੰਘ, ਜਥੇਦਾਰ ਅਤਰ ਸਿੰਘ, ਜਥੇਦਾਰ ਸੀਹਾਂ ਸਿੰਘ, ਜਥੇਦਾਰ ਬਚਨ ਸਿੰਘ, ਜਥੇਦਾਰ ਕੇਹਰ ਸਿੰਘ, ਜਥੇਦਾਰ ਬ੍ਰਜ ਸਿੰਘ, ਜਥੇਦਾਰ ਘਨਘੋਰ ਸਿੰਘ ਅਤੇ ਜਥੇਦਾਰ ਅਮਰ ਸਿੰਘ ਆਦਿ ਮੁਖੀ ਸਿੰਘ ਸਨ।

੧੭੩੫ ਈ. ਵਿਚ ਜ਼ਕਰੀਆ ਖਾਨ ਨੇ ਸ੍ਰੀ ਅੰਮ੍ਰਿਤਸਰ ਦੇ ਇਰਦ-ਗਿਰਦ ਪਹਿਰੇ ਲਾ ਕੇ ਸ੍ਰੀ ਦਰਬਾਰ ਸਾਹਿਬ ਵੱਲ ਜਾਂਦੇ ਸਾਰੇ ਰਸਤੇ ਬੰਦ ਕਰ ਦਿੱਤੇ। ਭਾਈ ਮਨੀ ਸਿੰਘ ਜੀ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਜੰਡਿਆਲੇ ਦਾ ਤੁਅੱਲਕਦਾਰ ਮੱਸਾ ਰੰਘੜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਕਰ ਰਿਹਾ ਸੀ। ਉਸ ਨੂੰ ਸਜ਼ਾ ਦੇਣ ਲਈ ਭਾਈ ਮਹਿਤਾਬ ਸਿੰਘ ਅਤੇ ਭਾਈ ਸੁਖਾ ਸਿੰਘ ਨੂੰ ਜਥੇਦਾਰ ਬੁੱਢਾ ਸਿੰਘ ਨੇ ਬੀਕਾਨੇਰ ਤੋਂ ਭੇਜਿਆ। ਉਹ ਜਾਂਦੇ ਸਮੇਂ ਬਾਬਾ ਦੀਪ ਸਿੰਘ ਜੀ ਪਾਸ ਦਮਦਮਾ ਸਾਹਿਬ ਠਹਿਰੇ ਸਨ ਅਤੇ ਮੱਸੇ ਰੰਘੜ ਨੂੰ ਉਸ ਦੇ ਕੀਤੇ ਦੀ ਸਜ਼ਾ ਦੇਣ ਤੋਂ ਬਾਅਦ ਉਸ ਦਾ ਸਿਰ ਨੇਜਿਆਂ 'ਤੇ ਟੰਗ ਕੇ ਲਿਜਾਂਦੇ ਹੋਏ ਵਾਪਸੀ 'ਤੇ ਵੀ ਦਮਦਮਾ ਸਾਹਿਬ ਵਿਖੇ ਬਾਬਾ ਦੀਪ ਸਿੰਘ ਜੀ ਪਾਸ ਠਹਿਰੇ।

ਜਦ ਅਦੀਨਾ ਬੇਗ ਦੇ ਮਰਨ ਪਿੱਛੋਂ ਜਲੰਧਰ ਸਿੱਖਾਂ ਦੇ ਕਬਜ਼ੇ ਵਿਚ ਆ ਗਿਆ ਉਸ ਸਮੇਂ ਬਾਬਾ ਦੀਪ ਸਿੰਘ ਜੀ ਨੇ ਸਿਆਲਕੋਟ ਦਾ ਇਲਾਕਾ ਮੁਹੰਮਦ ਅਮੀਨ ਤੋਂ ਫ਼ਤਹਿ ਕਰ ਕੇ ਆਪਣੇ ਸਾਥੀ ਭਾਈ ਦਿਆਲ ਸਿੰਘ ਤੇ ਭਾਈ ਨੱਥਾ ਸਿੰਘ ਸ਼ਹੀਦ ਨੂੰ ਦੇ ਦਿੱਤਾ, ਜੋ ਸ਼ਹੀਦ ਭਾਈ ਕਰਮ ਸਿੰਘ ਦੇ ਸਮੇਂ ਤਕ ਮਿਸਲ ਸ਼ਹੀਦਾਂ ਨੂੰ ਸਾਲਾਨਾ ਕੁਝ ਨਾ ਕੁਝ ਪਹੁੰਚਾਉਂਦੇ ਰਹੇ, ਕਿੰਤੂ ਗੁਲਾਬ ਸਿੰਘ ਦਾ ਅਵੈੜਪੁਣਾ ਦੇਖ ਕੇ ਉਹ ਜਾਗੀਰ ਦਰਬਾਰ ਬੇਰ ਬਾਬਾ ਨਾਨਕ ਸਾਹਿਬ

ਦੇ ਨਾਮ ਲਾ ਦਿੱਤੀ।

ਅਹਿਮਦਸ਼ਾਹ ਅਬਦਾਲੀ ਨੇ ਜਹਾਨ ਖਾਨ ਨੂੰ ਸਿੰਘਾਂ 'ਤੇ ਹਮਲਾ ਕਰਨ ਲਈ ਭੇਜਿਆ। ਦੁਰਾਨੀਆਂ ਦਾ ਜ਼ੋਰ ਦੇਖ ਕੇ ਕੁਝ ਸਿੰਘ ਮਾਲਵੇ ਵੱਲ ਨੂੰ ਚਲੇ ਗਏ। ਜਹਾਨ ਖਾਨ ਅੰਮ੍ਰਿਤਸਰ ਵਿਖੇ ਡੇਰੇ ਲਾ ਕੇ ਬੈਠ ਗਿਆ ਅਤੇ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਲੱਗ ਪਿਆ। ਸ੍ਰੀ ਅੰਮ੍ਰਿਤਸਰ ਦਾ ਸਰੋਵਰ ਮਿੱਟੀ ਨਾਲ ਪੂਰ ਦਿੱਤਾ ਗਿਆ। ਜਦੋਂ ਬਾਬਾ ਦੀਪ ਸਿੰਘ ਜੀ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਆਪ ਨੇ ਉਸੇ ਵੇਲੇ ਅੰਮ੍ਰਿਤਸਰ ਪਹੁੰਚ ਕੇ ਬਦਲਾ ਲੈਣ ਦਾ ਫ਼ੈਸਲਾ ਕਰ ਲਿਆ। ਝਟਪਟ ਆਪਣੀ ਜਗ੍ਹਾ ਭਾਈ ਨੱਥਾ ਸਿੰਘ ਨੂੰ ਛੱਡ ਕੇ ਸ਼ਹੀਦ ਹੋਣ ਦੇ ਇਰਾਦੇ ਨਾਲ ਅੰਮ੍ਰਿਤਸਰ ਵੱਲ ਨੂੰ ਕੂਚ ਕਰ ਦਿੱਤਾ। ਉਸ ਸਮੇਂ ਆਪ ਜੀ ਦੇ ਨਾਲ ਸਿਰਫ਼ ੫੦੦ ਸਿੰਘਾਂ ਦਾ ਜਥਾ ਸੀ। ਰਸਤੇ ਵਿਚ ਲਾਗਲੇ ਪਿੰਡਾਂ ਜੋਗਾ, ਦੋਰਾਜ, ਭੁੱਚੋ, ਗੋਬਿੰਦਪੁਰਾ, ਲੱਖੀ ਜੰਗਲ, ਬਹਿਮਨ, ਮਾਹਨਵਾਲ, ਕੋਟ, ਪੰਜੋ ਕੇ, ਗੁਰੂ ਚੌਤਰਾ, ਫੂਲ, ਮਹਿਰਾਜ ਤੋਂ ਹੋਰ ਸਿੰਘ ਜਥੇ ਵਿਚ ਰਲਦੇ ਗਏ, ਇਸ ਤਰ੍ਹਾਂ ਤਰਨ ਤਾਰਨ ਪਹੁੰਚਣ ਤੀਕ ਉਨ੍ਹਾਂ ਨਾਲ ਪੰਜ ਹਜ਼ਾਰ ਜੁਝਾਰੂ ਸਿੰਘਾਂ ਦਾ ਜਥਾ ਬਣ ਗਿਆ ਸੀ। ਉਨ੍ਹਾਂ ਨੇ ਕਿਹਾ ਕਿ ਜੋ ਗੁਰੂ ਦੇ ਰਾਹ 'ਤੇ ਸਿਰ ਦੇਣ ਲਈ ਤਿਆਰ ਹੈ ਉਹੀ ਉਨ੍ਹਾਂ ਨਾਲ ਆਵੇ। ਉਨ੍ਹਾਂ ਦੇ ਸੱਦੇ 'ਤੇ ਪੰਜ ਹਜ਼ਾਰ ਗੁਰੂ ਕੇ ਸਿੰਘ ਸ਼ਹੀਦ ਹੋਣ ਲਈ ਤਿਆਰ-ਬਰ-ਤਿਆਰ ਹੋ ਕੇ ਆ ਪਹੁੰਚੇ। ਉਧਰ ਲਾਹੌਰ ਦੇ ਸੂਬੇ ਨੂੰ ਵੀ ਖ਼ਬਰ ਲੱਗ ਗਈ ਕਿ ਸਿੱਖ ਦੀਵਾਲੀ ਦੇ ਮੌਕੇ 'ਤੇ ਅੰਮ੍ਰਿਤਸਰ ਇਕੱਠੇ ਹੋ ਰਹੇ ਹਨ। ਹਾਜੀ ਅਤਾਈ ਖਾਂ ਗਸ਼ਤੀ ਫ਼ੌਜ ਲੈ ਕੇ ਸਿੱਖਾਂ ਦਾ ਖੁਰਾ-ਖੋਜ ਮਿਟਾਉਣ ਲਈ ਚੱਕਰ ਲਗਾ ਰਿਹਾ ਸੀ। ਅੰਮ੍ਰਿਤਸਰ ਪਹੁੰਚ ਕੇ ਸਿੱਖਾਂ ਨੂੰ ਦਬਾਉਣ ਦਾ ਹੁਕਮ ਹੋਇਆ। ਉਧਰੋਂ ਸੂਬੇ ਨੇ ਢੋਲ ਵਜਵਾ ਕੇ ਲਾਹੌਰ ਵਿਚ ਜਹਾਦ ਦਾ ਐਲਾਨ ਕਰਵਾ ਦਿੱਤਾ ਅਤੇ ਸਾਰੇ ਮੋਮਨਾਂ ਨੂੰ ਨਿੱਤਰਨ ਲਈ ਵੰਗਾਰਿਆ। ਲਾਹੌਰ ਦਾ ਫ਼ੌਜਦਾਰ ਜਹਾਨ ਖਾਂ ਦੋ ਹਜ਼ਾਰ ਸਵਾਰ ਲੈ ਕੇ ਅੰਮ੍ਰਿਤਸਰ ਵੱਲ ਚੱਲ ਪਿਆ। ਸਿੰਘਾਂ ਦੇ ਆਉਣ ਦੀ ਖ਼ਬਰ ਦੁਰਾਨੀ ਨੂੰ ਵੀ ਮਿਲ ਚੁੱਕੀ ਸੀ ਉਹ ਵੀ ਆਪਣੀ ਫ਼ੌਜ ਲੈ ਕੇ ਗੋਹਲਵੜ ਕੋਲ ਆਣ ਪਹੁੰਚਾ। ਦੋਵਾਂ ਦਲਾਂ ਦਾ ਮੁਕਾਬਲਾ ਗੋਹਲਵੜ ਕੋਲ ਹੋ ਗਿਆ। ਗਹਿਗੱਚ ਲੜਾਈ ਹੋਈ, ਛੇ ਕੋਹ ਦੇ ਵਿਚਕਾਰ ਲਾਸ਼ਾਂ ਹੀ ਲਾਸ਼ਾਂ ਵਿੱਛ ਗਈਆਂ। ਗਿਆਨੀ ਗਿਆਨ ਸਿੰਘ ਅਨੁਸਾਰ, 'ਚੱਬੇ ਪਿੰਡ ਦੇ ਕੋਲ ਸ਼ਾਹ ਜਮਾਲ ਨਾਲ ਬਾਬਾ ਜੀ ਦੀ ਇਤਨੀ ਭਿਆਨਕ ਲੜਾਈ ਹੋਈ ਕਿ ਬਾਬਾ ਜੀ ਸਿਰ ਤਲੀ 'ਤੇ ਧਰ ਕੇ ਲੜੇ ਅਤੇ ਸ੍ਰੀ ਅੰਮ੍ਰਿਤਸਰ ਪਹੁੰਚ ਕੇ ਬਾਬਾ ਜੀ ਸ਼ਹੀਦੀ ਪਾ ਗਏ।'

ਇਸੇ ਤਰ੍ਹਾਂ ਜਥੇਦਾਰ ਰਾਮ ਸਿੰਘ ਬਹੁਤਿਆਂ ਨੂੰ ਮਾਰ ਕੇ ਸ਼ਹੀਦ ਹੋ ਗਿਆ, ਜਿਨ੍ਹਾਂ ਦਾ ਸ਼ਹੀਦ ਗੰਜ ਰਾਮਗੜ੍ਹੀਆਂ ਦੇ ਕਟੜੇ ਵਿਚ ਹੈ। ਬਾਬਾ ਸੱਜਣ ਸਿੰਘ, ਬਾਬਾ ਬਹਾਦਰ ਸਿੰਘ ਤੇ ਕਈ ਹੋਰ ਸਿੰਘ ਗੁਰੂ ਦੇ ਬਾਗ਼ ਵਿਚ ਲੜਦੇ ਸ਼ਹੀਦ ਹੋ ਗਏ, ਉਨ੍ਹਾਂ ਦਾ ਸਥਾਨ ਬਾਗ਼ ਵਿਚ ਹੈ। ਬਾਗ਼ ਦੀ ਜਗ੍ਹਾ ਅੱਜਕਲ੍ਹ ਦੀਵਾਨ ਹਾਲ ਮੰਜੀ ਸਾਹਿਬ ਬਣ ਗਿਆ ਹੈ। ਇਨ੍ਹਾਂ ਸ਼ਹੀਦਾਂ ਦੀ ਯਾਦ ਵਿਚ ਮੰਜੀ ਸਾਹਿਬ ਦੇ ਨੇੜੇ ਨਿਸ਼ਾਨ ਸਾਹਿਬ ਝੁਲਾਇਆ ਹੋਇਆ ਹੈ, ਜਿਸ ਦੇ ਥੜ੍ਹੇ ਉੱਪਰ ਹੇਠ ਲਿਖੇ ਸਿੰਘਾਂ ਦੇ ਨਾਮ ਲਿਖੇ ਹੋਏ ਹਨ:

੧. ਬਾਬਾ ਦੀਪ ਸਿੰਘ ਜੀ ਸ਼ਹੀਦ ਹੈੱਡ ਜਥੇਦਾਰ
੨. ਬਾਬਾ ਬਲਵੰਤ ਸਿੰਘ ਜੀ ਸ਼ਹੀਦ ਜਥੇਦਾਰ
੩. ਬਾਬਾ ਹੀਰਾ ਸਿੰਘ ਜੀ ਸ਼ਹੀਦ ਜਥੇਦਾਰ
੪. ਬਾਬਾ ਗੰਡਾ ਸਿੰਘ ਜੀ ਸ਼ਹੀਦ ਜਥੇਦਾਰ
੫. ਬਾਬਾ ਲਹਿਣਾ ਸਿੰਘ ਜੀ ਸ਼ਹੀਦ ਜਥੇਦਾਰ
੬. ਬਾਬਾ ਰਣ ਸਿੰਘ ਜੀ ਸ਼ਹੀਦ ਜਥੇਦਾਰ
੭. ਬਾਬਾ ਗੁਪਾਲ ਸਿੰਘ ਜੀ ਸ਼ਹੀਦ ਜਥੇਦਾਰ
੮. ਬਾਬਾ ਭਾਗ ਸਿੰਘ ਜੀ ਸ਼ਹੀਦ ਜਥੇਦਾਰ
੯. ਬਾਬਾ ਸੱਜਣ ਸਿੰਘ ਜੀ ਸ਼ਹੀਦ ਜਥੇਦਾਰ

੧੦. ਬਾਬਾ ਬਹਾਦਰ ਸਿੰਘ ਜੀ ਸ਼ਹੀਦ ਜਥੇਦਾਰ

ਜਦੋਂ ਇਸ ਲੜਾਈ ਦਾ ਹਾਲ ਬਾਬਾ ਗੁਰਬਖਸ਼ ਸਿੰਘ ਅਤੇ ਭਾਈ ਦਰਗਾਹ ਸਿੰਘ ਨੇ ਸੁਣਿਆ ਤਾਂ ਉਹ ਉਸੇ ਵੇਲੇ ਸ੍ਰੀ ਅਨੰਦਪੁਰ ਸਾਹਿਬ ਤੋਂ ਦੋ ਹਜ਼ਾਰ ਸਵਾਰ ਲੈ ਕੇ ਚੜ੍ਹ ਆਏ ਤੇ ਵੈਰੀਆਂ ਨਾਲ ਲੜਦੇ-ਭਿੜਦੇ ਅੰਮ੍ਰਿਤਸਰ ਪਹੁੰਚ ਗਏ। ਸਿੰਘਾਂ ਨੂੰ ਪਵਿੱਤਰ ਗੁਰ-ਅਸਥਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਇਮਾਰਤ ਨੂੰ ਦੇਖ ਕੇ ਬਹੁਤ ਦੁੱਖ ਹੋਇਆ।

ਉਨ੍ਹਾਂ ਨੇ ਰਾਤ ਨੂੰ ਛਾਪੇ ਮਾਰ ਕੇ ਵੈਰੀਆਂ ਦੇ ਥਾਣੇ ਤਹਿਸੀਲਾਂ ਸਭ ਸਾੜ ਦਿੱਤੇ। ਸਿੰਘਾਂ ਦੇ ਮੁਕਾਬਲੇ ਲਈ ਹੋਰ ਮੁਗ਼ਲ ਫ਼ੌਜਾਂ ਬੁਲਾ ਲਈਆਂ ਗਈਆਂ ਅਤੇ ਸਿੰਘਾਂ ਦਾ ਖੁਰਾ-ਖੋਜ ਮਿਟਾਉਣ ਦਾ ਹੁਕਮ ਦੇ ਦਿੱਤਾ। ਸ਼ਾਹ ਨਾਜਮ ਦੀਨ, ਸਰ ਬੁਲੰਦ ਖਾਂ, ਜਾਬਰ ਖਾਂ, ਜਾਲਮ ਖਾਂ ਆਦਿ ਫ਼ੌਜਦਾਰ ੨੦ ਹਜ਼ਾਰ ਲੜਾਕੇ ਪਠਾਣਾਂ ਨੂੰ ਲੈ ਕੇ ਮੈਦਾਨ ਵਿਚ ਆ ਗਏ। ਉਧਰ ਜਥੇਦਾਰ ਗੁਰਬਖਸ਼ ਸਿੰਘ ਆਦਿ ਦੁਸ਼ਮਣ ਦੀ ਚੜ੍ਹਾਈ ਸੁਣ ਕੇ ਧਰਮ ਯੁੱਧ ਲਈ ਅਰਦਾਸ ਕਰ ਕੇ ਸ਼ਹੀਦ ਹੋਣ ਲਈ ਤਿਆਰ ਹੋ ਬੈਠੇ। ਦਿਨ ਚੜ੍ਹਦੇ ਤਕ ਪਠਾਣਾਂ ਦੀ ਚੰਗੀ ਫ਼ੌਜ ਅੰਮ੍ਰਿਤਸਰ ਪਹੁੰਚ ਗਈ। ਅੰਮ੍ਰਿਤਸਰ ਸਰੋਵਰ ਦੇ ਪਿਛਲੇ ਪਾਸੇ ਬੜੀ ਭਿਆਨਕ ਲੜਾਈ ਹੋਈ, ਜਿਸ ਵਿਚ ਬਾਬਾ ਗੁਰਬਖਸ਼ ਸਿੰਘ, ਬਾਬਾ ਨਿਹਾਲ ਸਿੰਘ, ਬਾਬਾ ਬਸੰਤ ਸਿੰਘ ਆਦਿ ਵੱਡੇ ਜਥੇਦਾਰ ਸ਼ਹੀਦ ਹੋ ਗਏ। ਦੁਰਾਨੀਆਂ ਦੀ ਫ਼ੌਜ ਪਿੱਛੋਂ ਹੋਰ ਆਉਂਦੀ ਗਈ ਤਾਂ ਸਿੰਘ ਬਸਰੇ ਦੇ ਜੰਗਲਾਂ ਵਿਚ ਚਲੇ ਗਏ ਅਤੇ ਦੁਰਾਨੀ ਮੈਦਾਨ ਖ਼ਾਲੀ ਦੇਖ ਕੇ ਅੰਮ੍ਰਿਤਸਰ ਵਿਚ ਖੜਦੁੰਮ ਮਚਾ ਕੇ ਵਾਪਸ ਚਲੇ ਗਏ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਬਾਬਾ ਬਸੰਤ ਸਿੰਘ ਦੇ ਥੜ੍ਹੇ ਦੇ ਪਾਸ ਬਾਬਾ ਗੁਰਬਖਸ਼ ਸਿੰਘ ਦੀ ਯਾਦਗਾਰ ਬਣੀ ਹੋਈ ਹੈ। ਬਾਬਾ ਨਿਹਾਲ ਸਿੰਘ ਚੁਰਸਤੀ ਅਟਾਰੀ ਦੇ ਪਾਸ ਸ਼ਹੀਦ ਹੋਏ ਸਨ, ਉਸੇ ਜਗ੍ਹਾ 'ਤੇ ਉਨ੍ਹਾਂ ਦੀ ਯਾਦਗਾਰ ਬਣੀ ਹੋਈ ਹੈ। ਇਹ ਸਥਾਨ ਹੁਣ ਅੰਮ੍ਰਿਤਸਰ ਵਿਚ ਸ਼ਹੀਦ ਗੰਜ ਦੇ ਨਾਂ ਨਾਲ ਮਸ਼ਹੂਰ ਹੈ। ਇਸ ਜੰਗ ਵਿਚ ਭਾਵੇਂ ਬਾਬਾ ਦੀਪ ਸਿੰਘ ਜੀ ਸ਼ਹੀਦੀ ਪਾ ਗਏ ਪਰ ਉਹ ਆਪਣਾ ਪ੍ਰਣ ਨਿਭਾਉਣ ਵਿਚ ਸਫਲ ਰਹੇ। ਦੁਰਾਨੀ ਦੀਆਂ ਫ਼ੌਜਾਂ ਨੂੰ ਚੀਰਦੇ ਹੋਏ ਉਨ੍ਹਾਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਦਾ ਬਦਲਾ ਲੈਂਦਿਆਂ ਆਪਣਾ ਸੀਸ ਗੁਰੂ-ਚਰਨਾਂ ਵਿਚ ਭੇਟ ਕਰ ਦਿੱਤਾ:

**ਤੂ ਚਉ ਸਜਣ ਮੈਡਿਆ ਡੇਈ ਸਿਸੁ ਉਤਾਰਿ॥**
**ਨੈਣ ਮਹਿੰਜੇ ਤਰਸਦੇ ਕਦਿ ਪਸੀ ਦੀਦਾਰੁ॥**

*(ਪੰਨਾ ੧੦੯੪)*

ਬਾਬਾ ਦੀਪ ਸਿੰਘ ਜੀ ਜੰਗਾਂ-ਯੁੱਧਾਂ ਦੇ ਨਾਲ-ਨਾਲ ਨਾਮ-ਸਿਮਰਨ ਦੇ ਵੀ ਪੱਕੇ ਅਭਿਆਸੀ ਸਨ। ਆਪਣੇ ਹੱਥਾਂ ਨਾਲ ਗੁਰਬਾਣੀ ਲਿਖਣ ਦੀ ਸੇਵਾ ਕਰਦੇ ਹੋਏ ਦਮਦਮਾ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਾਰ ਉਤਾਰੇ ਕੀਤੇ। ਉਨ੍ਹਾਂ ਦਾ ਮਨ ਪੂਰੀ ਤਰ੍ਹਾਂ ਬਾਣੀ ਦੇ ਰੰਗ ਵਿਚ ਰੰਗਿਆ ਰਹਿੰਦਾ ਸੀ। ਉਹ ਆਮ ਸੰਸਾਰੀ ਯੋਧਿਆਂ ਵਾਂਗ ਹੰਕਾਰ ਵਿਚ ਜਾਂ ਕ੍ਰੋਧ ਵੱਸ ਹੋ ਕੇ ਯੁੱਧ ਨਹੀਂ ਸੀ ਕਰਦੇ। ਯੁੱਧ ਕਰਦਿਆਂ ਉਨ੍ਹਾਂ ਦੀ ਅਵਸਥਾ ਠੀਕ ਉਸੇ ਤਰ੍ਹਾਂ ਹੁੰਦੀ ਜਿਸ ਬਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਫੁਰਮਾਇਆ ਹੈ:

**ਧੰਨਿ ਜੀਓ ਤਿਹ ਕੋ ਜਗ ਮੈ ਮੁਖ ਤੇ ਹਰਿ ਚਿਤ ਮੈ ਜੁੱਧੁ ਬਿਚਾਰੈ॥**
**ਦੇਹ ਅਨਿੱਤ ਨ ਨਿੱਤ ਰਹੈ ਜਸੁ ਨਾਵ ਚੜ੍ਹੈ ਭਵ ਸਾਗਰ ਤਾਰੈ॥**
**ਧੀਰਜ ਧਾਮ ਬਨਾਇ ਇਹੈ ਤਨ ਬੁੱਧਿ ਸੁ ਦੀਪਕ ਜਿਉ ਉਜੀਆਰੈ॥**
**ਗਿਆਨਹਿ ਕੀ ਬਢਨੀ ਮਨਹੁ ਹਾਥ ਲੈ ਕਾਤਰਤਾ ਕੁਤਵਾਰ ਬੁਹਾਰੈ॥**

■

# ਅਨੰਦਗੜ੍ਹ ਦਾ ਸੰਕਲਪ

-ਡਾ. ਦਲਜੀਤ ਸਿੰਘ (ਪ੍ਰਿੰ.)*

ਅਨੰਦ ਸਭ ਕੁਝ ਪ੍ਰਾਪਤ ਹੋ ਜਾਣ ਦੀ ਸਿਖਰਲੀ ਅਵਸਥਾ ਹੈ। ਇਸ ਸਥਿਤੀ ਵਿਚ ਮਨ ਦੀ ਸਥਿਰਤਾ ਅਤੇ ਪਰਮਾਤਮਾ ਵਿਚ ਵਿਲੀਨਤਾ ਦਾ ਸੰਜੋਗ ਬਣਦਾ ਹੈ।[੧] ਜਿਸ ਦੀ ਬਰਕਤ ਨਾਲ ਰੂਹ ਆਨੰਦਿਤ ਹੁੰਦੀ ਹੈ। ਅਨੰਦ ਅਨੁਭਵੀ ਵਰਤਾਰਾ ਹੈ ਜਿਸ ਨੂੰ ਮਾਣਿਆ ਜਾ ਸਕਦਾ ਹੈ ਪਰ ਬਿਆਨ ਨਹੀਂ ਕੀਤਾ ਜਾ ਸਕਦਾ। ਗੜ੍ਹ ਕਿਲੇ ਨੂੰ ਕਹਿੰਦੇ ਹਨ। ਮਹਾਨਕੋਸ਼ ਕਰਤਾ ਅਨੁਸਾਰ ਅਜਿਹਾ ਥਾਂ ਜਿੱਥੇ ਪਹੁੰਚਣਾ ਕਠਿਨ ਹੋਵੇ।[੨] ਅਧਿਆਤਮਿਕ ਸੰਦਰਭ ਵਿਚ ਮਨ ਇਸ ਸਰੀਰ ਰੂਪੀ ਕਿਲ੍ਹੇ ਅੰਦਰ ਸਤਿ ਵੱਲੋਂ ਆਕੀ ਹੋ ਕੇ ਬੈਠਾ ਹੋਇਆ ਰਾਜਾ ਹੈ। ਇਸ ਦੇ ਚੁਫੇਰੇ ਵਿਕਾਰਾਂ ਦੀ ਗ੍ਰਿਫਤ ਏਨੀ ਮਜਬੂਤ ਹੈ ਕਿ ਇਸ ਨੂੰ ਆਪਣੇ ਮੂਲ ਦੀ ਪਛਾਣ ਨਹੀਂ ਰਹੀ। ਅਜਿਹੀ ਹਾਲਤ ਵਿਚ ਕੋਈ ਸੂਰਬੀਰ ਹੀ ਸੰਗਤ ਅਤੇ ਸਿਮਰਨ ਦੇ ਸੰਜੋਗ ਨਾਲ ਇਸ ਕਿਲ੍ਹੇ ਨੂੰ ਫਤਿਹ ਕਰ ਕੇ ਵਿਜੈ ਦਾ ਪਰਚਮ ਲਹਿਰਾਉਂਦਾ ਹੈ। ਸੂਰਬੀਰਤਾ ਅਜਿਹਾ ਦੈਵੀ ਗੁਣ ਹੈ, ਜਿਸ ਨਾਲ ਅਸਤਿ ਉਤੇ ਸਤਿ ਦੀ ਜਿੱਤ ਦੀ ਸਾਖੀ ਸਾਖਿਆਤ ਹੁੰਦੀ ਹੈ।

ਧਰਤੀ 'ਤੇ ਝੂਠ ਅਤੇ ਸਚ ਦਾ ਘੋਲ ਆਦਿ ਕਾਲ ਤੋਂ ਜਾਰੀ ਹੈ। ਕੂੜ ਦੀ ਅਗਵਾਈ ਕਰਨ ਵਾਲੇ ਜਦੋਂ ਬਹੁ ਗਿਣਤੀ ਵਿਚ ਹੋ ਜਾਣ ਤਾਂ ਸਤਿ ਦੀ ਰੱਖਿਆ ਲਈ ਅਕਾਲ ਪੁਰਖ ਕੋਈ ਕੌਤਕ ਰਚਾ ਕੇ ਕਿਸੇ ਮਹਾਂਬਲੀ ਦੀ ਅਗਵਾਈ ਵਿਚ ਇਸ ਨੂੰ ਬਾ-ਦਸਤੂਰ ਸਥਾਪਿਤ ਕਰਦਾ ਆਇਆ ਹੈ। ਗੁਰਮਤਿ ਨੇ ਇਸ ਰਮਜ਼ੀ ਵਰਤਾਰੇ ਨੂੰ ਸ਼ਬਦ ਦੀ ਅਗਵਾਈ ਵਿਚ ਪੇਸ਼ ਕੀਤਾ ਹੈ। ਸ਼ਬਦ ਪਰਮੇਸ਼੍ਵਰ ਦੇ ਸੂਖਮ ਵਰਤਾਰੇ ਨੂੰ ਮਨੁੱਖੀ ਅਨੁਭਵ ਵਿਚ ਲਿਆਉਣ ਦਾ ਸਾਧਨ ਮਾਤ੍ਰ ਨਹੀਂ ਬਲਕਿ ਸ਼ਬਦ 'ਬ੍ਰਹਮ' ਹੈ। ਹੋਰ ਨਜ਼ਰੀਏ ਤੋਂ ਸ਼ਬਦ ਰਹਿਣੀ ਹੈ, ਆਤਮਕ ਤਜ਼ਰਬਾ ਹੈ,ਜੀਵਨ ਜਾਚ ਹੈ,ਤਜ਼ਰਬੇ ਵਿੱਚੋਂ ਉਪਜੀ ਰਹਿਤ ਹੈ। ਸਵਾਰੀ ਗਈ ਜੀਵਨ ਜਾਚ ਅਨੰਦ ਦੀ ਜ਼ਾਮਨ ਹੈ।[੩] ਇਸ ਤੋਂ ਬਗੈਰ ਜਗਤ ਦੀ ਹਾਲਤ ਕਮਲਿਆਂ ਵਾਲੀ ਹੈ।[੪] ਅਗਿਆਨਤਾ ਸ਼ਬਦ ਦੀ ਅਣਹੋਂਦ ਦੀ ਸੂਚਕ ਹੈ ਅਤੇ ਗਿਆਨ ਇਸ ਦੇ ਮੱਨੁਖੀ ਚੇਤਨਾ ਅੰਦਰ ਪ੍ਰਕਾਸ਼ਮਾਨ ਹੋਣ ਦਾ ਸਬੂਤ।[੫]

ਜੀਵਨ ਵਿਚ ਪ੍ਰਫੁਲਤ ਹੋਣਾ ਜਾਂ ਰਸ ਨਾਲ ਭਰ ਜਾਣਾ ਅਨੰਦ ਹੈ। ਪ੍ਰਫੁਲਤ ਜੀਵਨ ਨਿਰਗੁਣ ਤੇ ਸਰਗੁਣ ਦੀ ਪਛਾਣ ਦਾ ਧਾਰਨੀ, ਸੰਤ ਸੱਜਣ ਦੀ ਉਂਚੀ ਪੱਧਰ ਵਾਲਾ ਅਤੇ ਪਵਿੱਤਰ ਪੁਨੀਤ ਰਹਿਣੀ ਵਾਲਾ ਹੈ। ਇਹ ਪੂਰਨ ਗੁਰਮੁਖੀ ਜੀਵਨ ਹੈ, ਜਿਸ ਵਿਚ ਗੁਰੂ ਦਾ ਪੂਰਨ ਸੰਜਮ ਵਿਆਪਕ ਹੈ। ਅਨੰਦ ਦਾ ਅਧਾਰ ਚੇਤਨਾ ਹੈ। ਆਪਣੇ ਸਿਖਰਲੇ ਉਦੇਸ਼ ਪ੍ਰਤੀ ਸਾਵਧਾਨਤਾ ਚੇਤਨ ਹੋਣ ਦੀ ਨਿਸ਼ਾਨੀ ਹੈ।[੬] 'ਗਿਆਨੀ ਹੋਇ ਸੁ ਚੇਤੰਨੁ ਹੋਇ'[੭] ਜਾਗ੍ਰਿਤ ਜੀਉੜੇ ਦੀ ਪਹਿਚਾਣ ਹੈ। ਚੇਤਨਾ ਦਾ ਮੂਲ ਗੁਰੂ ਹੈ। ਇਸ ਲਈ ਗੁਰਮਤਿ ਗਿਆਨ ਦੇ ਬਾਹਰੀ ਸੋਮਿਆਂ ਨੂੰ ਅੰਦਰ ਦੀ ਸਥਿਰਤਾ ਲਈ ਕਬੂਲ ਨਹੀਂ ਕਰਦੀ। ਕਿਉਂਕਿ ਅਜਿਹਾ ਗਿਆਨ ਪਰਮੇਸ਼੍ਵਰ ਤਕ ਰਿਸਾਈ ਦੀ ਤਾਕਤ ਨਹੀਂ ਰੱਖਦਾ। ਇਹ 'ਏਤੇ ਚਾਨਣ ਹੋਦਿਆ ਗੁਰ ਬਿਨੁ ਘੋਰ ਅੰਧਾਰ'[੮] ਵਾਲੀ ਹਾਲਤ ਹੁੰਦੀ ਹੈ। ਸਾਧਨਾ ਦਾ ਉਦੇਸ਼ ਅਨੰਦ ਦੀ ਪ੍ਰਾਪਤੀ ਹੈ। ਇਸ ਦਾ ਪ੍ਰਤੱਖਣ 'ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ'[੯] ਰਾਹੀਂ ਹੋ ਜਾਂਦਾ ਹੈ। ਗੁਰੂ ਅਤੇ ਪਰਮੇਸ਼੍ਵਰ ਅਭੇਦ ਹਨ। ਇਸ ਅਭੇਦਤਾ ਸਦਕਾ ਇਨ੍ਹਾਂ ਵਿਚ ਵੱਖਰੇਵਾਂ ਕੋਈ ਨਹੀਂ। ਅਨੰਦ ਦੀ ਅਨੁਭੂਤੀ ਪ੍ਰਭੂ ਨਾਲ ਮਿਲਨੀ ਦਾ ਪ੍ਰਤੱਖ ਵਰਤਾਰਾ ਹੈ, ਜਿਸ ਵਿਚ ਭਿੱਜ ਕੇ ਸਾਧਕ ਵਿਸਮਿਤ ਹੁੰਦਾ ਹੈ। ਇਹ ਅਨੰਦੀ ਰਸ ਗੁਰੂ ਦੀ ਗਲਵਕੜੀ ਵਿਚ ਵੀ ਮੌਜੂਦ ਹੈ। ਇਸ ਕਰਕੇ ਹੀ ਗੁਰੂ ਦੇ ਮਿਲਾਪ ਨਾਲ ਪ੍ਰਭੂ ਦਾ ਮਿਲਨ ਵੀ ਯਕੀਨੀ ਹੋ ਜਾਂਦਾ ਹੈ।[੧੦] ਗੁਰੂ ਅੰਦਰ ਦੇ ਸਾਰੇ ਭਰਮ ਗੜ੍ਹ ਤੋੜ ਕੇ ਇਕ ਰਸ ਪਰਮਾਤਮਾ ਦੇ ਨਾਮ ਦੀ ਧੁਨ ਛੇੜ ਦਿੰਦਾ ਹੈ। ਸਾਧਕ ਆਨੰਦਿਤ ਹੋਇਆ ਗੁਰੂ ਤੋਂ ਵਾਰਨੇ ਬਲਿਹਾਰਨੇ ਜਾਂਦਾ ਅਤੇ ਬਿਖਮ ਅਖਾੜੇ ਨੂੰ ਜਿਤ ਲੈਣ ਦਾ ਐਲਾਨ ਕਰਦਾ ਹੈ।[੧੧]

*ਬੇਬੇ ਨਾਨਕੀ ਸਿੱਖ ਮਿਸ਼ਨਰੀ ਕਾਲਜ, ਸੁਲਤਾਨਪੁਰ ਲੋਧੀ (ਕਪੂਰਥਲਾ)।

ਐਲਾਨੀਆਂ ਬਿਆਨ ਹਉਮੈ ਵਸ ਨਹੀਂ ਬਲਕਿ ਸ਼ੁਕਰਾਨੇ ਦਾ ਗੀਤ ਹੈ। ਜੋ ਉਸ ਦੇ ਧੁਰ ਅੰਦਰਲੇ ਅੰਮ੍ਰਿਤ ਕੁੰਟ 'ਚੋਂ ਪ੍ਰਗਟ ਹੋਇਆ ਹੈ। ਇਸ ਹਾਲਤ ਵਿਚ ਅਨਹਦੀ ਵਾਜੇ ਇਕ ਰਸ ਵਜਦੇ ਹਨ, ਅਸਲ ਵਿਚ ਇਹ ਦੂਖ ਰੋਗ ਸੰਤਾਪ ਤੋਂ ਪਰੇ ਦੀ ਜ਼ਿੰਦਗੀ ਹੈ।

ਗੁਰੂ ਕੋਲ ਕੁਝ ਤਾਂ ਅਜਿਹਾ ਹੈ ਜਿਸ ਨਾਲ ਓਹ ਸਾਧਕ ਨੂੰ ਸ਼ਰਸ਼ਾਰ ਕਰਦਾ ਹੈ। ਗੁਰਮਤਿ ਉਸ ਨੂੰ ਨਾਮ ਕਹਿੰਦੀ ਹੈ। ਨਾਮ ਰੱਬ ਦੀ ਸਮਸਤ ਰੱਬਤਾ, ਉਸ ਦੀ ਹੋਂਦ, ਸਿਰਜਣਾਤਮਕਤਾ, ਵਿਆਪਕਤਾ ਤੇ ਉਸ ਦੀ ਅਨੰਤ ਮੁਹੱਬਤ ਦੀ ਅਭਿਵਿਅਕਤੀ ਹੈ।[੧੨] ਇਹ ਅਜਿਹਾ ਸਰੋਕਾਰ ਹੈ ਜਿਸ ਵਿਚੋਂ ਗੁਰਮੁਖਾ ਜੀਵਨ ਜਾਚ ਪ੍ਰਾਪਤ ਕਰਕੇ ਸਾਧਨਾ ਦੇ ਨਿਯੰਤਰਨ ਰਾਹੀਂ ਪਰਮਸਤਿ ਦੇ ਰਹੱਸ ਨੂੰ ਖੋਲ੍ਹਣਾ ਹੈ।[੧੩] ਗੁਰੂ ਕੋਲ ਇਸ ਅਨਮੋਲ ਰਤਨ ਦਾ ਭੰਡਾਰ ਹੈ। ਪਰ ਸ਼ਰਤ ਹੈ ਇਸ ਅਨਮੋਲ ਰਤਨ ਦੀ ਪ੍ਰਾਪਤੀ ਲਈ ਗੁਰੂ ਤੇ ਪੂਰਨ ਨਿਸ਼ਚਾ ਲਿਆਂਦਾ ਜਾਏ। ਸਾਧਕ ਜਦੋਂ ਗੁਰੂ ਦੀ ਨਦਰ-ਏ-ਕਰਮ ਦਾ ਪਾਤਰ ਬਣਦਾ ਹੈ ਤਾਂ ਉਸ ਦੇ ਅੰਦਰ ਗੁਰੂ ਅਜਿਹਾ ਗਿਆਨ ਪ੍ਰਕਾਸ਼ਮਾਨ ਕਰਦਾ ਹੈ ਜਿਸਦੀ ਬਰਕਤ ਨਾਲ ਧੁਰ ਅੰਦਰ ਰੌਸ਼ਨੀ ਹੋ ਜਾਂਦੀ ਹੈ।[੧੪] ਇਹ ਰੌਸ਼ਨੀ ਅਗਿਆਨ ਨਾਸ਼ਕ ਅਤੇ ਅਨੰਦ ਦਾਤੀ ਹੈ। ਸਚਾਈ ਪ੍ਰਤੱਖ ਹੋਣ ਦੇ ਬਾਵਜੂਦ ਵੀ ਮਨੁੱਖ ਇਸ ਅੰਮ੍ਰਿਤ ਤੋਂ ਸੱਖਣਾ ਹੈ। ਕਾਰਨ ਹੈ ਅਗਿਆਨਤਾ ਵਸ ਬਾਹਰੀ ਦੌੜ। ਗਿਆਨ ਇੰਦ੍ਰੇ ਅਤੇ ਕਰਮ ਇੰਦ੍ਰੇ ਬਾਹਰੀ ਸੰਸਾਰ ਪ੍ਰਤੀ ਉਨਮੁੱਖ ਹਨ ਜਦਕਿ ਨਾਮ ਅੰਦਰ ਦਾ ਵਰਤਾਰਾ ਹੈ ਅਤੇ ਸ਼ਬਦ ਨਾਮ ਦਾ ਵਿਆਖਿਆਤਮਕ ਰੂਪ। ਇੰਦ੍ਰੇ ਬਾਹਰੋਂ ਤ੍ਰਿਪਤ ਹੋਣ ਲਈ ਯਤਨਸ਼ੀਲ ਹਨ। ਨਾਮ ਧੁਰ ਅੰਦਰ ਟਿਕਾਅ ਬਖਸ਼ਣ ਵਾਲਾ ਹੈ। ਦੋਨੋ ਵਿਪਰੀਤ ਵਰਤਾਰੇ ਹਨ। ਗੁਰੂ ਇਸ ਵਿਪਰੀਤ ਦਿੱਸਣ ਵਾਲੇ ਵਰਤਾਰੇ ਨੂੰ ਨਾਮ ਦੀ ਤਾਕਤ ਨਾਲ ਰੱਬੀ ਜ਼ਬਤ ਵਿਚ ਲਿਆਉਣ ਦੀ ਕਲਾ ਵਰਤਾਉਂਦਾ ਹੈ। ਜਿਸ ਨਾਲ ਸਹਜ ਹੀ ਇਹ ਸਚਾਈ ਪ੍ਰਗਟ ਹੋ ਜਾਂਦੀ ਹੈ 'ਘਰੈ ਅੰਦਰਿ ਸਭੁ ਵਥੁ ਹੈ ਬਾਹਰਿ ਕਿਛੁ ਨਾਹੀ॥ਗੁਰ ਪਰਸਾਦੀ ਪਾਈਐ ਅੰਤਰਿ ਕਪਟ ਖੁਲਾਹੀ'।[੧੫]

ਨਾਮ ਨੂੰ ਹਿਰਦੇ ਵਿਚ ਵਸਾਉਣ ਨਾਲ ਪੈਦਾ ਹੋਣ ਵਾਲਾ ਪ੍ਰਕਾਸ਼ ਗਿਆਨ ਹੈ। ਗਿਆਨ ਦਾ ਪ੍ਰਕਾਸ਼ ਹੀ ਭ੍ਰਮ ਅਤੇ ਸੰਸੇ ਦੇ ਨਾਸ਼ ਹੋ ਜਾਣ ਦਾ ਸੂਚਕ ਹੈ।ਅਸਲ ਵਿਚ ਇਹ ਪ੍ਰਭੂ ਦੇ ਸਾਖਿਆਤਕਾਰ ਦਾ ਪਲ ਹੈ ਆਤਮ ਅਨੁਭੂਤੀ ਹੈ।[੧੬] ਆਤਮਾ ਦਾ ਪ੍ਰਤੱਖਣ ਪਰਮਾਤਮਾ ਦੇ ਦੀਦਾਰ ਤੁਲ ਹੈ 'ਜਿਨੀ ਆਤਮੁ ਚੀਨਿਆ ਪਰਮਾਤਮੁ ਸੋਈ'।[੧੭] ਸਿੱਖ ਚਿੰਤਨ ਗਿਆਨ ਨੂੰ ਤ੍ਰਿਪਤ ਹੋਣ ਦੀ ਅਵਸਥਾ ਦਰਸਾਉਂਦਾ ਹੈ 'ਗਿਆਨ ਮਹਾਰਸੁ ਭੋਗਵੈ ਬਾਹੁੜਿ ਭੂਖ ਨ ਹੋਇ'।[੧੮] ਗਿਆਨ ਦੇ ਪੱਧਰ 'ਤੇ ਇੱਥੇ ਅਨੰਦੀ ਅਵਸਥਾ ਦਾ ਜ਼ਿਕਰ ਹੈ। ਇਹ ਗਿਆਨ ਦੀ ਸਿਖਰ ਵੀ ਹੈ। ਜਿੱਥੇ ਪਹੁੰਚ ਕੇ ਆਤਮਾ ਵਿਗਾਸ ਅਤੇ ਚੇਤਨਾ ਦੇ ਅਨੰਦੀ ਰਸ ਮਾਣਦੀ ਅਤੇ ਮਉਲਦੀ ਹੈ। ਗੁਰੂ ਜੀ ਇਸ ਨੂੰ 'ਗਿਆਨ ਖੰਡ ਮਹਿ ਗਿਆਨੁ ਪਰਚੰਡੁ॥ ਤਿਥੈ ਨਾਦ ਬਿਨੋਦ ਕੋਡ ਅਨੰਦੁ'[੧੯] ਦੇ ਤੱਤਸਾਰ ਰਾਹੀਂ ਬਿਆਨਦੇ ਹਨ। ਅਸੀਮ ਸ਼ਕਤੀ ਦਾ ਪ੍ਰਚੰਡ ਗਿਆਨ ਮਨੁੱਖੀ ਮਨ ਵਿਚ ਵਿਸਮਾਦ ਅਤੇ ਅਨੰਦ ਦੇ ਭਾਵ ਉਪਜਾਉਂਦਾ ਹੈ। ਇਹ ਸਿਰਫ ਕੁਦਰਤੀ ਅਮਲਾਂ ਦੀ ਸੂਚਨਾ ਨਹੀਂ ਰਹਿ ਜਾਂਦਾ ਬਲਕਿ ਰਹੱਸਮਈ ਅਨੁਭਵ ਅਤੇ ਦਿੱਬ ਦ੍ਰਿਸ਼ਟੀ ਦੀ ਪੱਧਰ ਦਾ ਅਧਿਆਤਮਿਕ ਗਿਆਨ ਹੋ ਨਿਬੜਦਾ ਹੈ।[੨੦] ਗਿਆਨ ਅੰਦਰ ਤੇ ਬਾਹਰ ਦੀ ਸਾਰੀ ਮੈਲ ਧੋ ਕੇ ਨਿਰਮਲ ਕਰ ਦਿੰਦਾ ਹੈ। ਇਸ ਵਿਚ ਮਜਨ ਕਰਨ ਦੀ ਲੋੜ ਹੈ 'ਗਿਆਨ ਮਹਾ ਰਸਿ ਨਾਈਐ ਭਾਈ ਮਨੁ ਤਨੁ ਨਿਰਮਲ ਹੋਇ'।[੨੧]

ਸ੍ਰੀ ਅਨੰਦਪੁਰ ਸਾਹਿਬ ਜਿਸ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਵਸਾਇਆ ਦੈਵੀ ਅਨੰਦ ਦਾ ਸ਼ਹਿਰ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸਰਪ੍ਰਸਤੀ ਵਿਚ ਇਹ ਅਨੰਦਪੁਰੀ ਦੈਵੀ ਇਖਲਾਕ ਵਾਲੇ ਖਾਲਸੇ ਦੀ ਜਨਮ ਭੂਮੀ ਵਜੋਂ ਜਾਣੀ ਜਾਣ ਲੱਗੀ। ਹੁਣ ਅਨੰਦ ਖਾਲਸੇ ਦੇ ਦੈਵੀ ਅਦਬ ਵਿਚ ਚਰਮ ਸੀਮਾ 'ਤੇ ਪਹੁੰਚ ਗਿਆ। ਇਹ ਆਮ ਲੋਕਾਈ ਦੇ ਸਰੀਰਿਕ ਮਾਨਸਿਕ ਤੇ ਅਧਿਆਤਮਿਕ ਜੀਵਨ ਦਾ ਕੇਂਦਰ ਬਣ ਗਿਆ। ਅਧਿਆਤਮਿਕ ਉੱਚਤਾ ਧਰਤੀ ਦੀ ਮਰਿਯਾਦਾ ਵਿਚ ਬੱਝ ਕੇ ਕਿਸ ਕਿਸਮ ਦੇ ਪਰਉਪਕਾਰ ਨੂੰ ਜਨਮ ਦਿੰਦੀ ਹੈ, ਇਹ ਸਬਕ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਨਿਮਾਣੇ ਸਿੱਖਾਂ ਦੀ ਝੋਲੀ ਪਾ ਦਿੱਤਾ। ਇੱਥੇ ਗੁਰੂ ਸਾਹਿਬ ਨੇ ਵਿਦਵਤਾ ਦਾ ਬਲ ਰੱਖਣ ਵਾਲਿਆਂ ਨੂੰ ਅਧਿਆਤਮਿਕਤਾ ਦੀ ਖੁਰਾਕ ਦਿੱਤੀ ਤੇ ਸ਼ਰੀਰਿਕ ਹੁਨਰ ਰੱਖਣ ਵਾਲਿਆਂ ਨੂੰ ਦੈਵੀ ਪ੍ਰਕਾਸ਼। ਦੋ ਜ਼ਿਕਰ ਇੱਥੇ ਉਦਾਹਰਨ ਵਜੋਂ ਲਾਜ਼ਮੀ ਹਨ। ਇਕ ਭਾਈ ਨੰਦ ਲਾਲ ਤੇ ਦੂਸਰਾ ਭਾਈ ਬੱਚਿਤ੍ਰ ਸਿੰਘ। ਭਾਈ ਨੰਦ ਲਾਲ ਰੌਸ਼ਨ

ਦਿਮਾਗ ਹੈ ਪਰ ਰੂਹਾਨੀਅਤ ਤੋਂ ਸੱਖਣਾ। ਗੁਰੂ ਸਾਹਿਬ ਦੀ ਸੰਗਤ ਨੇ ਅਜਿਹਾ ਕੀਲਿਆ ਕਿ ਦੁਬਾਰਾ ਹੋਰ ਕੁਝ ਸੁੱਝਿਆ ਹੀ ਨਹੀਂ। "ਭਾਈ ਨੰਦ ਲਾਲ ਜੀ ਨੇ ਜਦੋਂ ਆਪਣਾ ਸੀਸ ਗੁਰੂ ਜੀ ਦੇ ਚਰਨਾਂ 'ਤੇ ਟਿਕਾਇਆ ਤਾਂ ਉਹ ਫਿਰ ਉਨ੍ਹਾਂ ਦੀ ਹਜੂਰੀ ਤੋਂ ਕਦੀ ਨਹੀਂ ਗਏ। ਗੁਰੂ ਜੀ ਉਨ੍ਹਾਂ 'ਤੇ ਅਤੀ ਕ੍ਰਿਪਾਲੂ ਸਨ ਅਤੇ ਸਦਾ ਉਨ੍ਹਾਂ ਨੂੰ 'ਨੰਦ ਲਾਲ' (ਅਨੰਦ ਦੇ ਸੁਆਮੀ) ਕਹਿ ਕੇ ਪਿਆਰ ਨਾਲ ਬੁਲਾਉਂਦੇ ਸਨ।"[੨੨]

ਭਗਤ ਯੋਧਾ ਵੀ ਹੈ। ਉਸ ਨੇ ਗੁਰੂ ਦੇ ਉਪਦੇਸ਼ ਨੂੰ ਹਿਰਦੇ ਵਿਚ ਵਸਾ ਕੇ ਅਧਿਆਤਮਿਕਤਾ ਦਾ ਸਿਖਰ ਸਰ ਕੀਤਾ ਹੈ। ਨਾਲ ਹੀ ਓਹ ਮੈਦਾਨ-ਏ-ਜੰਗ ਵਿਚ ਰੱਬੀ ਅਦਬ ਦਾ ਧਾਰਨੀ ਹੋ ਕੇ ਸਚ ਲਈ ਝੂਠਿਆਂ ਦੇ ਆਹੂ ਲਾਹੁੰਦਾ ਹੈ। ਉਸ ਦੀ ਕ੍ਰਿਪਾਨ ਈਰਖਾ ਜਾਂ ਬਦਲੇ ਵੱਸ ਨਹੀਂ ਬਲਕਿ ਨਿਆਂ ਦਾ ਅਦਬ ਧਾਰਨ ਕਰੀ ਆਪਣੀ ਭੂਮਿਕਾ ਨਿਭਾਉਂਦੀ ਹੈ। ਇਸ ਲਈ ਇੱਥੇ ਸੂਰਮਿਆਂ ਦਾ ਹੁਨਰ ਜਾਂ ਤਾਕਤ ਕੋਈ ਖਾਸ ਮਾਇਨੇ ਨਹੀਂ ਰੱਖਦਾ ਬਲਕਿ ਗੁਰੂ ਦੀ ਕ੍ਰਿਪਾ ਵੱਡਾ ਅਰਥ ਰੱਖਦੀ ਹੈ। ਅਨੰਦਪੁਰੀ ਨੇ ਅਨੰਦਗੜ੍ਹ ਦੇ ਕਿਲ੍ਹੇ ਸਾਮ੍ਹਣੇ ਇਹ ਕੌਤਕ ਵੇਖਿਆ ਹੈ। ਜਦੋਂ ਸੂਰਮਾਂ ਅਖਵਾਉਣ ਵਾਲਾ ਸਰਦਾਰ (ਦੁਨੀ ਚੰਦ) ਨਸ਼ੇ 'ਚ ਮਸਤ ਹਾਥੀ ਨਾਲ ਟੱਕਰ ਲੈਣੋ ਘਾਬਰ ਗਿਆ। ਉਹ ਬੁੱਜ਼ਦਿਲਾਂ ਵਾਂਗੂੰ ਰਾਤ ਦੇ ਹਨੇਰੇ ਵਿਚ ਪਿੱਠ ਦਿਖਾ ਦੌੜਿਆ ਤਾਂ ਬੱਚਿਤਰ ਸਿੰਘ ਆਪਣੇ ਗੁਰੂ ਦੀ ਅਸੀਸ ਨਾਲ ਓਹ ਕਰ ਗੁਜਰਦਾ ਹੈ ਜਿਸਦਾ ਅੰਦਾਜ਼ਾ ਲਾਉਣਾ ਔਖਾ ਹੁੰਦਾ ਹੈ। ਤਵਾਰੀਖ ਗੁਰੂ ਖਾਲਸਾ ਦਾ ਕਰਤਾ ਲਿਖਦਾ ਹੈ "ਗੁਰੂ ਜੀ ਨੇ ਬੜੇ ਪ੍ਰਸੰਨ ਹੋ ਕੇ ਆਤਮਕ ਸ਼ਕਤੀ ਬਖਸ਼ ਕੇ ਬਚਿੱਤ੍ਰ ਸਿੰਘ ਨੂੰ ਲਾਲੋ ਲਾਲ ਕਰ ਦਿੱਤਾ ਤੇ ਇਕ ਬਰਛਾ ਦੇ ਕੇ ਪਿਠ ਠੋਕ ਉਸ ਨੂੰ ਜਦ ਗੁਰੂ ਜੀ ਨੇ ਘੋੜੇ ਦਾ ਸਵਾਰ ਕਰ ਫੌਜ ਖਾਲਸੇ ਸਮੇਤ ਪਹਾੜੀਆਂ ਦੇ ਹਾਥੀ ਨੂੰ ਮਾਰਨ ਲਈ ਤੋਰਿਆ, ਤਦ ਉਸ ਨੂੰ ਐਡੀ ਖੁਸ਼ੀ ਦਾ ਹੌਸਲਾ ਚੜਿਆ ਜੋ ਸ਼ਤ੍ਰੂ ਦਾ ਹਾਥੀ ਭੇਡ ਤੇ ਵੈਰੀ ਕੀੜੀਆਂ ਦਿੱਸਣ ਲਗੇ।"[੨੩] ਇਹ ਗੁਰੂ ਅਸੀਸ ਦਾ ਜਲੌਅ ਅਤੇ ਸਿੱਖ ਦਾ ਗੁਰੂ ਵਿਚ ਅਟੁੱਟ ਵਿਸ਼ਵਾਸ਼ ਸੀ ਜੋ ਇਕ ਦਰਮਿਆਨੇ ਸ਼ਰੀਰ ਵਾਲਾ ਸਿੱਖ ਲੋਹੇ 'ਚ ਮੜ੍ਹੇ ਹਾਥੀ ਦਾ ਮੱਥਾ ਵਿੰਨ ਸੁੱਟਦਾ ਹੈ। ਗੁਰੂ ਦਾ ਥਾਪੜਾ ਰੂਹ ਨੂੰ ਬਲਵਾਨ ਕਰਦਾ ਹੈ ਤੇ ਸਿੱਖ ਦਾ ਯਕੀਨ ਉਸ ਨੂੰ ਪਹਾੜਾਂ ਨਾਲ ਟੱਕਰਾ ਜਾਣ ਦੀ ਪ੍ਰੇਰਣਾ ਨਾਲ ਭਰ ਦਿੰਦਾ ਹੈ। ਜੇਕਰ ਸਿੱਖ ਆਪਣੇ ਗੁਰੂ ਨੂੰ ਸਮਰਪਿਤ ਹੋਵੇ ਅਤੇ ਗੁਰੂ ਸਿੱਖ ਤੇ ਮਿਹਰਵਾਨ ਫਿਰ ਦੁਨੀਆਂ ਦੀ ਕੋਈ ਤਾਕਤ ਉਸ ਦਾ ਰਾਹ ਰੋਕਣ ਦਾ ਹੌਸਲਾ ਨਹੀਂ ਰੱਖਦੀ।

ਰੂਹਾਨੀ ਸੰਦਰਭ ਵਿਚ ਗੁਰਮਤਿ ਚਿੰਤਨ ਇਸ ਸਿਧਾਂਤ ਦਾ ਧਾਰਨੀ ਹੈ ਕਿ ਮਨੁੱਖੀ ਸ਼ਰੀਰ ਹੀ ਅਜਿਹਾ ਕਿਲ੍ਹਾ ਹੈ ਜਿਸ ਵਿਚ ਅਨੰਦ ਦਾ ਭੰਡਾਰ ਮੌਜੂਦ ਹੈ। ਪ੍ਰਭੂ ਆਪ ਅਨੰਦ ਦਾ ਸੋਮਾਂ ਹੈ 'ਸਦਾ ਅਨੰਦ ਅਨੰਦੀ ਸਾਹਿਬੁ' ਅਤੇ ਇਸ ਵਿਚ ਮੌਜੂਦ ਹੈ 'ਕਾਇਆ ਕੋਟੁ ਗੜੈ ਮਹਿ ਰਾਜਾ'।[੨੪] ਇਸ ਕਿਲ੍ਹੇ ਨੂੰ ਫਤਿਹ ਕਰ ਲੈਣ ਨਾਲ ਅਵਿਨਾਸ਼ੀ ਬਾਦਸ਼ਾਹਤ ਦੀ ਪ੍ਰਾਪਤੀ ਹੋ ਜਾਂਦੀ ਹੈ 'ਦਾਸੁ ਕਮੀਰੁ ਚੜ੍ਹਿਓ ਗੜ੍ਹ ਊਪਰਿ ਰਾਜੁ ਲੀਓ ਅਬਿਨਾਸੀ'।[੨੫] ਸ਼ਰੀਰ ਕਿਲ੍ਹੇ ਅੰਦਰ ਹੀ ਪ੍ਰਭੂ ਦੇ ਵਿਰਾਜਮਾਨ ਹੋਣ ਦਾ ਤੱਖਤ ਮੌਜੂਦ ਹੈ 'ਕਾਇਆ ਗੜ ਮਹਲ ਮਹਲੀ ਪ੍ਰਭੁ ਸਾਚਾ ਸਚੁ ਸਾਚਾ ਤਖਤੁ ਰਚਾਇਆ'।[੨੬] ਪਰਮਾਤਮਾ ਜਦੋਂ ਆਪ ਇਸ ਵਿਚ ਆ ਵਸਦਾ ਹੈ ਤਾਂ ਇਹ ਸ਼ੋਭਨੀਕ ਹੋ ਜਾਂਦਾ ਹੈ। ਬਾਹਰ ਦੇ ਪਸਾਰੇ ਰਹੱਸਾਤਮਕ ਨੁਕਤੇ ਤੋਂ ਕਿਸੇ ਅੰਦਰਲੇ ਭੇਦ ਦੀ ਤਰਜ਼ਮਾਨੀ ਕਰਦੇ ਪ੍ਰਤੀਤ ਹੁੰਦੇ ਹਨ 'ਜੋ ਬ੍ਰਹਮੰਡੇ ਸੋਈ ਪਿੰਡੇ' ਪਰ ਇਹ ਨਿਯਮ ਪ੍ਰਤੀਬੰਧਿਤ ਹੈ 'ਜੋ ਖੋਜੈ ਸੁ ਪਾਵੈ' ਦੀ ਜੁਗਤੀ ਨਾਲ। ਖੋਜ ਇਸ ਤਰ੍ਹਾਂ ਦੀ ਨਿਯਮਬੱਧ ਵਿਓਂਤ ਹੈ ਕਿ ਕੁਝ ਮੌਜੂਦ ਹੈ ਪਰ ਉਸ ਦੇ ਸਾਖਿਆਤਕਾਰ ਲਈ ਉਪਰਾਲਾ ਕਰਨ ਦੀ ਲੋੜ ਹੈ। ਸਰੀਰ ਹੈ ਤਾਂ ਅਨੰਦ ਦਾ ਸੋਮਾ ਪਰ ਕੋਈ ਰੁਕਾਵਟ ਹੈ ਜਿਸ ਕਰਕੇ ਉਸ ਨੂੰ ਮਾਣਿਆ ਨਹੀਂ ਜਾ ਰਿਹਾ ਜਾਂ ਉਸ ਤਕ ਪਹੁੰਚ ਨਹੀ ਬਣ ਸਕੀ। ਗੁਰਬਾਣੀ ਅਨੁਸਾਰ 'ਬਜਰ ਕਪਾਟ ਕਾਇਆ ਗੜ੍ਹ ਭੀਤਰਿ' ਮਜਬੂਤ ਫਾਟਕ ਹਨ ਅੰਦਰ ਲੱਗੇ ਹੋਏ ਜੋ ਅਨੰਦ ਨਾਲ ਰੂ-ਬ-ਰੂ ਨਹੀਂ ਹੋਣ ਦਿੰਦੇ। ਪਰ 'ਗੁਰਸਬਦੀ ਖੋਲਾਈਅਨਿ੍' ਅਨੁਸਾਰ ਖੁੱਲ੍ਹ ਸਕਦੇ ਹਨ ਇਹ ਦਰਵਾਜੇ ਜੇ ਗੁਰ-ਸ਼ਬਦ ਦਾ ਆਸਰਾ ਲਿਆ ਜਾਏ।

ਹਨੇਰੇ ਦਾ ਆਪਣਾ ਕੋਈ ਵਜੂਦ ਨਹੀਂ ਹੁੰਦਾ ਬਸ ਪ੍ਰਕਾਸ਼ ਦੀ ਗੈਰ-ਮੌਜੂਦਗੀ ਹੀ ਉਸਦੀ ਜਿੰਦਗੀ ਹੁੰਦੀ ਹੈ। ਜਿਵੇਂ ਹੀ ਪ੍ਰਕਾਸ਼ ਦਸਤਕ ਦਿੰਦਾ ਹੈ ਹਨੇਰਾ ਅਲੋਪ ਹੋ ਜਾਂਦਾ ਹੈ। ਕਾਇਆ ਗੜ੍ਹ ਅੰਦਰ 'ਅਨੰਦ' ਭਰਪੂਰ ਹੈ ਸਰੀਰ ਤੋਂ ਬਾਹਰ ਇਸ ਦੀ ਖੋਜ ਮੂਰਖਤਾਈ ਦੀ ਸੂਚਕ ਹੈ 'ਵਿਣੁ ਕਾਇਆ ਜਿ ਹੋਰਥੈ ਧਨੁ ਖੋਜਦੇ ਸੇ ਮੂੜ ਬੇਤਾਲੇ'।

ਗੁਰੂ ਦਾ ਸ਼ਬਦ ਅਜਿਹਾ ਦੀਪਕ ਹੈ 'ਸਤਿਗੁਰ ਸਬਦ ਉਜਾਰੋ ਦੀਪਾ' ਜਿਸ ਦੇ ਹਿਦਰੇ ਵਿਚ ਪ੍ਰਕਾਸ਼ਮਾਨ ਹੋਣ ਨਾਲ 'ਬਿਨਸਿਓ ਅੰਧਕਾਰ ਤਿਹ ਮੰਦਰਿ ਰਤਨ ਕੋਠੜੀ ਖੁਲ੍ਹੀ ਅਨੂਪਾ'[੨੭] ਵਾਲੀ ਅਸਚਰਜ ਖੇਡ ਵਾਪਰਦੀ ਹੈ। ਜੀਵ-ਆਤਮਾ ਮਹਾਂਪ੍ਰਕਾਸ਼ ਨਾਲ ਜਗਮਗਾ ਉੱਠਦੀ ਹੈ।

### *ਹਵਾਲੇ ਅਤੇ ਟਿੱਪਣੀਆਂ:*


੧. ਸ੍ਰੀ ਗੁਰੂ ਗ੍ਰੰਥ ਸਾਹਿਬ, ਰਾਮਕਲੀ ਮ:੩, ਪੰ.੯੨੨

੨. ਕਾਨ੍ਹ ਸਿੰਘ ਨਾਭਾ, ਗੁਰੁਸ਼ਬਦ ਰਤਨਾਕਰ ਮਹਾਨ ਕੋਸ਼, ਪੰ.੬੪੪

੩. ਤਾਰਨ ਸਿੰਘ, ਅਨੰਦ: ਜੋਤਿ ਤੇ ਜੁਗਤਿ, ਪੰ.੧੦੬

੪. ਸਬਦੁ ਗੁਰ ਪੀਰਾ ਗਹਿਰ ਗੰਭੀਰਾ ਬਿਨੁ ਸਬਦੈ ਜਗੁ ਬਉਰਾਨੰ॥ (ਸ੍ਰੀ ਗੁਰੂ ਗ੍ਰੰਥ ਸਾਹਿਬ, ਸੋਰਠਿ ਮ: ੧, ਪੰ.੬੩੫)

੫. ਬਿਨੁ ਸਬਦੈ ਜਗਿ ਆਨੇਰ ਹੈ ਸਬਦੇ ਪਰਗਟੁ ਹੋਇ॥ (ਉਹੀ, ਸਾਰੰਗ ਮ: ੪, ਪੰ.੧੨੫੦)

੬. ਉਹੀ, ਬਿਹਾਗੜਾ ਮ: ੪, ਪੰ.੫੫੬

੭. ਉਹੀ, ਆਸਾ ਮ: ੪, ਪੰ.੪੬੩

੮. ਉਹੀ, ਰਾਮਕਲੀ ਮ: ੩, ਪੰ.੯੧੭

੯. ਗੁਰਿ ਮਿਲਿਐ ਹਰਿ ਮੇਲਾ ਹੋਈ॥ (ਉਹੀ, ਗਉੜੀ ਮ: ੩, ਪੰ.੧੫੭)

੧੦. ਬਿਖਮੋ ਬਿਖਮੁ ਅਖਾੜਾ ਮੈ ਗੁਰ ਮਿਲਿ ਜੀਤਾ ਰਾਮ॥
ਗੁਰ ਮਿਲਿ ਜੀਤਾ ਹਰਿ ਹਰਿ ਕੀਤਾ ਤੂਟੀ ਭੀਤਾ ਭਰਮ ਗੜਾ॥ (ਉਹੀ, ਆਸਾ ਮ: ੩, ਪੰ.੪੫੩)

੧੧. ਜਸਵੰਤ ਸਿੰਘ ਨੇਕੀ, ਗੁਰਮਤਿ ਮਨੋਵਿਗਿਆਨ, ਪੰ. ੨੨੮

੧੨. ਗੁਲਜਾਰ ਸਿੰਘ ਕੰਗ, ਸ਼ਬਦ ਦਾ ਸੰਕਲਪ, ਪੰ.੧੩੬

੧੩. ਨਾਮੁ ਅਮੋਲਕੁ ਰਤਨੁ ਹੈ ਪੂਰੇ ਸਤਿਗੁਰ ਪਾਸਿ॥
ਸਤਿਗੁਰ ਸੇਵੈ ਲਗਿਆ ਕਢਿ ਰਤਨੁ ਦੇਵੈ ਪਰਗਾਸਿ॥ (ਉਹੀ, ਸਿਰੀ ਰਾਗ ਮ: ੪, ਪੰ.੪੦)

੧੪. ਉਹੀ, ਆਸਾ ਮ: ੩, ਪੰ.੪੨੫

੧੫. ਕਹਿ ਕਬੀਰ ਮਨਿ ਭਇਆ ਪ੍ਰਗਾਸਾ ਉਦੈ ਭਾਨੁ ਜਬ ਚੀਨਾ॥ (ਉਹੀ, ਗਉੜੀ ਕਬੀਰ ਜੀ, ਪੰ.੩੩੨)

੧੬. ਉਹੀ, ਆਸਾ ਮ: ੧, ਪੰ.੪੨੧

੧੭. ਉਹੀ, ਸਿਰੀ ਰਾਗ ਮ: ੧, ਪੰ. ੨੧

੧੮. ਉਹੀ, ਜਪੁ, ਪੰ.੮

੧੯. ਵਜੀਰ ਸਿੰਘ, ਸਿੱਖ ਦਰਸ਼ਨਧਾਰਾ, ਪੰ.੩੨

੨੦. ਸ੍ਰੀ ਗੁਰੂ ਗ੍ਰੰਥ ਸਾਹਿਬ, ਸੋਰਠਿ ਮ: ੧, ਪੰ.੬੩੭

੨੧. ਪੂਰਨ ਸਿੰਘ, ਅਨੁ.- ਕਿਰਪਾਲ ਸਿੰਘ ਕਸੇਲ, ਦਸ ਗੁਰ ਦਰਸ਼ਨ, ਪੰ.੧੦੭

੨੨. ਗਿਆਨੀ ਗਿਆਨ ਸਿੰਘ, ਤਵਾਰੀਖ ਗੁਰੂ ਖਾਲਸਾ, ਭਾਗ ਪਹਿਲਾ, ਪੰ.੯੦੨

੨੩. ਸ੍ਰੀ ਗੁਰੂ ਗ੍ਰੰਥ ਸਾਹਿਬ, ਮਾਰੂ ਮ: ੧, ਪੰ.੧੦੩੭

੨੪. ਉਹੀ, ਭੈਰਉ ਕਬੀਰ ਜੀ, ਪੰ.੧੧੬੨

੨੫. ਉਹੀ, ਮਾਰੂ ਮ: ੧, ਪੰਨੇ. ੧੦੩੮-੩੯

੨੬. ਉਹੀ, ਪੰਨਾ ੧੦੩੯

੨੭. ਉਹੀ, ਬਿਲਾਵਲ ਮ: ੫, ਪੰਨਾ ੮੨੧


■

ਖ਼ਬਰਨਾਮਾ

# ਅਮਰੀਕਾ ਦੇ ਲਾਂਸ ਏਂਜਲਸ ਦੇ ਗੁਰਦੁਆਰੇ ਦੀ ਭੰਨ-ਤੋੜ ਕਰਨਾ ਅਫਸੋਸਨਾਕ- ਜਥੇਦਾਰ ਅਵਤਾਰ ਸਿੰਘ

## ਅਮਰੀਕਾ ਦੇ ਰਾਸ਼ਟਰਪਤੀ ਬਰਾਕ ਓਬਾਮਾ ਨੂੰ ਲਿਖਿਆ ਪੱਤਰ

ਅੰਮ੍ਰਿਤਸਰ- ਅਮਰੀਕਾ ਦੇ ਲਾਂਸ ਏਂਜਲਸ ਦੇ ਗੁਰਦੁਆਰਾ ਸਾਹਿਬ ਦੀ ਭੰਨ-ਤੋੜ ਕਰਨਾ ਅਫਸੋਸਨਾਕ ਕਾਰਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਫ਼ਤਰ ਸ਼੍ਰੋਮਣੀ ਕਮੇਟੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਲਾਸ ਏਂਜਲਸ ਦੇ ਉਪ ਨਗਰੀ ਇਲਾਕੇ 'ਚ ਗੁਰਦੁਆਰਾ ਸਾਹਿਬ ਦੀ ਭੰਨ-ਤੋੜ ਕਰਨ ਤੇ ਗੁਰਦੁਆਰਾ ਸਾਹਿਬ ਦੀ ਦੀਵਾਰ ਤੇ ਸਿੱਖਾਂ ਨੂੰ ਮੁਸਲਮਾਨ ਸਮਝ ਕੇ ਆਈ.ਐੱਸ.ਆਈ. ਵਿਰੁੱਧ ਨਾਹਰੇ ਲਿਖਣ ਸਬੰਧੀ ਅਮਰੀਕਾ ਦੇ ਰਾਸ਼ਟਰਪਤੀ ਮਿਸਟਰ ਬਰਾਕ ਓਬਾਮਾ ਨੂੰ ਚਿੱਠੀ ਲਿਖੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਪੱਤਰਕਾ ਦਾ ਉਤਾਰਾ ਦਿੱਲੀ ਵਿਖੇ ਸਥਿਤ ਅਮਰੀਕਾ ਦੇ ਰਾਜਦੂਤ ਨੂੰ ਭੇਜਿਆ ਜਾਵੇਗਾ ਅਤੇ ਇਕ ਪੱਤਰਕਾ ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੂੰ ਵੀ ਲਿਖੀ ਜਾਵੇਗੀ।

ਉਨ੍ਹਾਂ ਕਿਹਾ ਕਿ ਅਮਰੀਕਾ 'ਚ ਸਿੱਖਾਂ ਤੇ ਵਾਰ-ਵਾਰ ਨਸਲੀ ਹਮਲੇ ਸਿੱਖਾਂ ਦੀ ਤੁਲਨਾ ਮੁਸਲਮਾਨਾਂ ਨਾਲ ਕਰਨ ਕਰਕੇ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਗੁਰਦੁਆਰਾ ਸਾਹਿਬ 'ਚ ਤਕਰੀਬਨ ੮੦੦ ਸਿੱਖ ਹਰ ਹਫਤੇ ਨਤਮਸਤਕ ਹੋਣ ਜਾਂਦੇ ਹਨ। ਅਜਿਹੇ ਹਮਲੇ ਉਨ੍ਹਾਂ ਦੀ ਸੁਰੱਖਿਆ ਤੇ ਸਵਾਲੀਆ ਚਿੰਨ੍ਹ ਲਗਾਉਂਦੇ ਹਨ। ਉਨ੍ਹਾਂ ਕਿਹਾ ਕਿ ਇਸ ਸ਼ਰਮਨਾਕ ਘਟਨਾ ਨਾਲ ਪੂਰੇ ਸਿੱਖ ਸਮਾਜ ਵਿੱਚ ਰੋਸ ਤੇ ਰੋਹ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸਿੱਖ ਇਕ ਬਹਾਦਰ, ਨਿਡਰ ਤੇ ਸਰਬੱਤ ਦਾ ਭਲਾ ਚਾਹੁਣ ਵਾਲੀ ਕੌਮ ਹੈ। ਉਨ੍ਹਾਂ ਕਿਹਾ ਕਿ ਸਿੱਖ ਜਿਸ ਕਿਸੇ ਮੁਲਕ ਵਿੱਚ ਵੀ ਗਏ, ਉਥੋਂ ਦੀ ਤਰੱਕੀ ਤੇ ਖੁਸ਼ਹਾਲੀ ਵਿੱਚ ਵੱਡਮੁੱਲਾ ਯੋਗਦਾਨ ਪਾਇਆ ਹੈ। ਉਨ੍ਹਾਂ ਕਿਹਾ ਕਿ ਸੰਸਾਰ ਦੀ ਦੂਸਰੀ ਜੰਗ ਵਿੱਚ ਸਿੱਖਾਂ ਨੇ ਪੱਛਮੀ ਦੇਸ਼ਾਂ ਵੱਲੋਂ ਜੰਗ ਲੜ ਕੇ ਕੁਰਬਾਨੀਆਂ ਦੇ ਕੇ ਮਹੱਤਵਪੂਰਨ ਯੋਗਦਾਨ ਪਾਇਆ। ਉਨ੍ਹਾਂ ਅਮਰੀਕਾ ਦੀ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਜਿਨ੍ਹਾਂ ਸ਼ਰਾਰਤੀ ਅਨਸਰਾਂ ਨੇ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਨੁਕਸਾਨ ਪਹੁੰਚਾਇਆ ਹੈ ਅਤੇ ਨਸਲੀ ਭਾਵਨਾਵਾਂ ਨੂੰ ਭੜਕਾਉਣ ਦਾ ਕੋਝਾ ਯਤਨ ਕੀਤਾ ਹੈ ਉਨ੍ਹਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਕੇ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿੱਤੀ ਜਾਵੇ ਤਾਂ ਜੋ ਅੱਗੇ ਤੋਂ ਕੋਈ ਅਜਿਹੀ ਸ਼ਰਮਨਾਕ ਘਟਨਾ ਨੂੰ ਅੰਜ਼ਾਮ ਨਾ ਦੇਵੇ।

ਇਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਪੰਥ ਪ੍ਰਵਾਨਿਤ ਅਰਦਾਸ ਬਦਲਣ ਦਾ ਕੋਈ ਹੱਕ ਨਹੀਂ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੇ ਅਰਦਾਸ ਬਦਲੀ ਹੈ ਉਨ੍ਹਾਂ ਖਿਲਾਫ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਕੇਸ ਦਾ ਫੈਂਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੰਜ ਸਿੰਘ ਸਾਹਿਬਾਨ ਦੀ ਅਗਲੇਰੀ ਇਕੱਤਰਤਾ ਵਿੱਚ ਹੋਵੇਗਾ। ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਹਸਪਤਾਲ ਵੱਲਾ ਦੇ ਮਾਹਿਰ ਡਾਕਟਰਾਂ ਦੀ ਟੀਮ ਨਾਲ ੧੨ ਤਾਰੀਖ ਨੂੰ ਕਸ਼ਮੀਰ ਦੇ ਬਾਰਾਮੁੱਲਾ ਤੇ ਤਰਾਵਲ ਇਲਾਕੇ ਵਿੱਚ ਮੈਡੀਕਲ ਕੈਂਪ ਲਗਾਇਆ ਜਾਵੇਗਾ ਤੇ ਗੁਰਦੁਆਰਾ ਸ਼ਹੀਦ ਬੁੰਗਾ ਬਡਗਾਮ ਵਿਖੇ ੧੩ ਤਾਰੀਖ ਨੂੰ ਲਗਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਕੈਂਪ ਵਿੱਚ ਵੱਖ-ਵੱਖ ਬੀਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਵਿਸ਼ੇਸ਼ ਟੀਮ ਮਰੀਜ਼ਾਂ ਦਾ ਚੈਕਅੱਪ ਕਰੇਗੀ। ਜਿਸ ਵਿੱਚ ਮੈਡੀਸੀਨ, ਸਰਜਰੀ, ਈ ਐਨ ਟੀ, ਓਬਨਗਾਇਨੀਕਾਲੋਜੀ, ਪੇਡੀਆਟ੍ਰਿਕਟਸ ਅਤੇ ਆਰਥੋ ਦੇ ਡਾਕਟਰ ਮਰੀਜ਼ਾਂ ਦਾ ਇਲਾਜ ਕਰਨਗੇ। ਉਨ੍ਹਾਂ ਕਿਹਾ ਕਿ ਇਸ ਇਲਾਜ ਵਿੱਚ ਹੋਣ ਵਾਲੇ ਨਾਰਮਲ ਟੈਸਟ ਬਿਲਕੁਲ ਫਰੀ ਹੋਣਗੇ। ਉਨ੍ਹਾਂ ਕਿਹਾ ਕਿ ਜੇ ਕਸ਼ਮੀਰ ਦੇ ਲੋਕ ਸ੍ਰੀ ਗੁਰੂ

ਰਾਮਦਾਸ ਹਸਪਤਾਲ ਵੱਲਾ ਵਿਖੇ ਦਾਖਲ ਹੋਣ ਲਈ ਆਉਣਗੇ ਤਾਂ ਉਨ੍ਹਾਂ ਦਾ ਇਲਾਜ ਤੇ ਟੈਸਟਾਂ ਦਾ ਖਰਚਾ ਬਿਲਕੁਲ ਫਰੀ ਹੋਵੇਗਾ, ਪਰ ਕੁਝ ਵੱਡੇ ਟੈਸਟ ਐਮ ਆਰ.ਆਈ. ਤੇ ਸੀ.ਟੀ. ਸਕੈਨ ਆਦਿ ਵਰਗੇ ੫੦% ਡਿਸਕਾਊਂਟ ਦੇ ਨਾਲ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇ ਕਿਸੇ ਮਰੀਜ਼ ਦਾ ਅਪਰੇਸ਼ਨ ਕਰਨ ਦੀ ਲੋੜ ਪਈ ਤਾਂ ਉਹ ਵੀ ਬਿਲਕੁਲ ਫਰੀ ਕੀਤਾ ਜਾਵੇਗਾ। ਉਨ੍ਹਾਂ ਕਸ਼ਮੀਰ ਦੇ ਲੋਕਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਉਹ ਇਸ ਮੌਕੇ ਦਾ ਭਰਪੂਰ ਫਾਇਦਾ ਉਠਾਉਂਦੇ ਹੋਏ ਕੈਂਪਾਂ ਵਿੱਚ ਵੱਧ ਚੜ੍ਹਕੇ ਆਉਣ ਤੇ ਬੀਮਾਰੀਆਂ ਤੋਂ ਨਿਜਾਤ ਪਾ ਕੇ ਤੰਦਰੁਸਤ ਹੋਣ। ਉਨ੍ਹਾਂ ਕਿਹਾ ਕਿ ਇਸੇ ਤਰ੍ਹਾਂ ਦਾ ਇਕ ਹੋਰ ਕੈਂਪ ਜੰਮੂ ਵਿਖੇ ਫਰਵਰੀ ੨੦੧੬ ਵਿੱਚ ਵੀ ਲਗਾਇਆ ਜਾਵੇਗਾ। *੧੦ ਦਸੰਬਰ*

## ਜਥੇਦਾਰ ਅਵਤਾਰ ਸਿੰਘ ਨੇ ਪੋਲੈਂਡ 'ਚ ਸਿੱਖ ਨੌਜਵਾਨ 'ਤੇ ਹੋਏ ਨਸਲੀ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੋਲੈਂਡ ਵਿੱਚ ਇਕ ਸਿੱਖ ਨੌਜਵਾਨ 'ਤੇ ਨਸਲੀ ਹਮਲਾ ਹੋਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਪ੍ਰਿੰਟ ਮੀਡੀਏ ਵਿੱਚ ਛਪੀ ਖਬਰ ਮੁਤਾਬਿਕ ਬਰਤਾਨੀਆ ਦੇ ਇਕ ੨੫ ਸਾਲਾ ਦਸਤਾਰਧਾਰੀ ਇੰਜੀਨੀਅਰ ਨਵ ਸਾਹਨੀ ਦੇ ਕਰਾਕੋ ਵਿਖੇ ਕਿਸੇ ਕਲੱਬ ਦੇ ਬਾਹਰ ਬਾਊਂਸਰ ਨੇ ਉਨਾਂ ਨੂੰ ਦਸਤਾਰ ਬੰਨ੍ਹੀ ਹੋਣ ਕਾਰਣ ਮੁਸਲਿਮ ਅੱਤਵਾਦੀ ਕਹਿ ਕੇ ਚਿਹਰੇ 'ਤੇ ਮੁੱਕਾ ਮਾਰ ਦਿੱਤਾ ਜੋ ਬਹੁਤ ਹੀ ਮੰਦਭਾਗੀ ਤੇ ਦੁੱਖਦਾਈ ਘਟਨਾ ਹੈ।

ਉਨ੍ਹਾਂ ਕਿਹਾ ਕਿ ਪਹਿਲਾਂ ਵੀ ਵਿਦੇਸ਼ਾਂ ਵਿੱਚ ਸਿੱਖਾਂ ਨੂੰ ਅੱਤਵਾਦੀ ਕਹਿ ਕੇ ਇਸ ਤਰ੍ਹਾਂ ਦੇ ਹਮਲੇ ਹੁੰਦੇ ਆ ਰਹੇ ਹਨ ਜੋ ਉਚਿੱਤ ਨਹੀਂ ਹੈ।ਉਨ੍ਹਾਂ ਵਿਦੇਸ਼ ਦੀਆਂ ਸੋਸ਼ਲ ਸਿੱਖ ਸੁਸਾਇਟੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜਿੱਥੇ ਕਿਤੇ ਵੀ ਕਿਸੇ ਮੁਲਕ ਵਿੱਚ ਸਿੱਖ ਵਸੇ ਹੋਏ ਹਨ ਉਹ ਉਥੋਂ ਦੇ ਬਾਸ਼ਿੰਦਿਆਂ ਨੂੰ ਸਿੱਖਾਂ ਦੇ ਲਿਬਾਸ, ਰਹਿਣੀ-ਬਹਿਣੀ ਤੇ ਸਖਸ਼ੀਅਤ ਤੋਂ ਜਾਣੂੰ ਕਰਵਾਉਣ ਤਾਂ ਜੋ ਉਨ੍ਹਾਂ ਦੀ ਸਹੀ ਪਹਿਚਾਣ ਹੋ ਸਕੇ।ਉਨ੍ਹਾਂ ਬਰਤਾਨੀਆਂ ਦੀ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਐਸੇ ਵਿਅਕਤੀ ਜੋ ਵਿਦੇਸ਼ਾਂ ਵਿੱਚ ਵਸਦੇ ਸਿੱਖਾਂ 'ਤੇ ਨਸਲੀ ਟਿੱਪਣੀਆਂ ਕਰਕੇ ਆਪਣੇ ਦੇਸ਼ ਦਾ ਸਿਰ ਝੁਕਾਉਂਦੇ ਹਨ, ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾਵਾਂ ਦੇਵੇ ਤਾਂ ਜੋ ਬਾਰ-ਬਾਰ ਐਸੀਆਂ ਅਨਹੋਣੀਆਂ ਘਟਨਾਵਾਂ ਨਾ ਵਾਪਰਨ। *੪ ਦਸੰਬਰ*

## ਸਿੱਖ ਧਰਮ ਦੇ ਅਮੀਰ ਵਿਰਸੇ, ਇਤਿਹਾਸ ਤੇ ਪੁਰਾਤਨ ਇਮਾਰਤਾਂ ਦੀ ਸਾਂਭ ਸੰਭਾਲ ਦਾ ਕੰਮ ਬਹੁਤ ਹੱਦ ਤੱਕ ਮੁਕੰਮਲ- ਜਥੇ. ਅਵਤਾਰ ਸਿੰਘ

### ਸਿੱਖ ਰੈਫਰੈਂਸ ਲਾਇਬ੍ਰੇਰੀ ਨੂੰ ਕੀਤਾ ਜਾ ਰਿਹਾ ਹੈ ਡਿਜ਼ੀਟਲ

ਅੰਮ੍ਰਿਤਸਰ- ਵਿਸ਼ਵ ਪੰਜਾਬੀ ਭਾਸ਼ਾ ਸੰਮੇਲਨ ਹੁਣ ੫-੬ ਫਰਵਰੀ ੨੦੧੬ ਨੂੰ ਹੋਵੇਗਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦਫ਼ਤਰ ਸ਼੍ਰੋਮਣੀ ਕਮੇਟੀ ਦੇ ਇਕੱਤਰਤਾ ਹਾਲ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਕੀਤਾ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਹ ਸੰਮੇਲਨ ਪਹਿਲਾਂ ੨੩-੨੪ ਅਕਤੂਬਰ ੨੦੧੫ ਨੂੰ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਸ੍ਰੀ ਫਤਿਹਗੜ੍ਹ ਸਾਹਿਬ ਦੇ ਗਿਆਨੀ ਦਿੱਤ ਸਿੰਘ ਆਡੀਟੋਰੀਅਮ ਵਿਖੇ ਹੋਣਾ ਸੀ, ਪਰ ਕੁਝ ਅਣ-ਸੁਖਾਵੀਆਂ ਘਟਨਾਵਾਂ ਵਾਪਰਨ ਕਾਰਣ ਇਹ ਅੱਗੇ ਪਾ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਹੁਣ ਇਹ ਦੋ ਰੋਜ਼ਾ 'ਵਿਸ਼ਵ ਪੰਜਾਬੀ ਭਾਸ਼ਾ ਸੰਮੇਲਨ' ਪਹਿਲਾਂ ਵਾਲੇ ਸਥਾਨ 'ਤੇ ਹੀ ੫-੬ ਫਰਵਰੀ ੨੦੧੬ ਨੂੰ ਹੋਵੇਗਾ। ਇਸ ਅੰਤਰ-ਰਾਸ਼ਟਰੀ ਦੋ ਰੋਜ਼ਾ ਸੰਮੇਲਨ ਵਿੱਚ ਪੰਜਾਬੀ ਭਾਸ਼ਾ ਦੇ ਵਿਕਾਸ ਤੇ ਪ੍ਰਫੁੱਲਤਾ ਬਾਰੇ ਖੋਜ ਭਰਪੂਰ ਪਰਚੇ ਵਿਦਵਾਨ ਲੋਕ ਪੇਸ਼ ਕਰਨਗੇ।ਉਨ੍ਹਾਂ ਕਿਹਾ ਕਿ

ਇਸ ਸਬੰਧੀ ਪਹਿਲਾਂ ਵਾਲੀਆਂ ਬਣਾਈਆਂ ਕਮੇਟੀਆਂ ਹੀ ਕੰਮ ਕਰਨਗੀਆਂ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੁਰਾਤਨ ਸਰੂਪ ਗੁਆ ਚੁੱਕੀਆਂ ਇਮਾਰਤਾਂ ਨੂੰ ਸਾਂਭਣ ਲਈ ਵੀ ਵੱਡਾ ਉਪਰਾਲਾ ਕੀਤਾ ਗਿਆ ਹੈ। ਸਿੱਖ ਧਰਮ ਦੇ ਅਮੀਰ ਵਿਰਸੇ, ਇਤਿਹਾਸ ਤੇ ਪੁਰਾਤਨ ਇਮਾਰਤਾਂ ਦੀ ਸਾਂਭ ਸੰਭਾਲ ਬਾਰੇ ਉਨ੍ਹਾਂ ਕਿਹਾ ਕਿ ਦੀਵਾਨ ਟੋਡਰ ਮੱਲ ਦੀ ਹਵੇਲੀ ਸ੍ਰੀ ਫਤਹਿਗੜ੍ਹ ਸਾਹਿਬ ਦੀ ਪੁਰਾਤਨ ਦਿੱਖ ਤਿਆਰ ਕਰਵਾਈ ਜਾ ਰਹੀ ਹੈ। ਜਿਸਦਾ ਪਹਿਲਾ ਫੇਸ ਮੁਕੰਮਲ ਹੋ ਗਿਆ ਹੈ। ਦੂਜਾ ਚੱਲ ਰਿਹਾ ਹੈ। ਚਾਰ ਦੀਵਾਰੀ ਮੁਕੰਮਲ ਹੋ ਚੁੱਕੀ ਹੈ। ਲੈਂਡ ਸਕੈਪਿੰਗ ਦਾ ਕੰਮ ਸ਼ੁਰੂ ਹੋਣ ਵਾਲਾ ਹੈ। ਉਨ੍ਹਾਂ ਦੱਸਿਆ ਕਿ ੨੦੧੦ ਵਿੱਚ ਬਾਬਾ ਬੰਦਾ ਸਿੰਘ ਬਹਾਦਰ ਦੀ ੩੦੦ ਸਾਲਾ ਸ਼ਤਾਬਦੀ ਮਨਾਉਣ ਸਮੇਂ ਸ੍ਰੀ ਫਤਿਹਗੜ੍ਹ ਸਾਹਿਬ ਮਿਊਜ਼ੀਅਮ ਬਨਾਉਣ ਬਾਰੇ ਐਲਾਨ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਇਹ ਕੰਮ ਮੁਕੰਮਲ ਹੋ ਚੁੱਕਾ ਹੈ ਤੇ ਇਸ ਤੇ ਅੰਦਾਜਨ ੭ ਕਰੋੜ ਰੁਪਏ ਇਮਾਰਤ ਤੇ ਖਰਚ ਆਏ ਹਨ। ਬਹੁਤ ਆਲੀਸ਼ਾਨ ਤੇ ਖੂਬਸੂਰਤ ਕਿਸਮ ਦਾ ਇਹ ਮਿਊਜ਼ੀਅਮ ਹੈ। ਉਨ੍ਹਾਂ ਦੱਸਿਆ ਕਿ ਇਸ ਮਿਊਜ਼ੀਅਮ ਵਿਖੇ ਇਤਿਹਾਸਕ ਪ੍ਰਦਰਸ਼ਨੀ ਰੂਪਮਾਨ ਕਰਨ ਬਾਰੇ ਡਾ: ਜਸਪਾਲ ਸਿੰਘ ਵਾਈਸ ਚਾਂਸਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਅਗਵਾਈ ਹੇਠ ੧੧ ਮੈਂਬਰੀ ਵਿਦਵਾਨਾਂ ਦੀ ਕਮੇਟੀ ਬਣਾਈ ਗਈ ਹੈ। ਉਨ੍ਹਾਂ ਦੱਸਿਆ ਕਿ ਠੰਡਾ ਬੁਰਜ ਜੋ ਬਹੁਤ ਇਤਿਹਾਸਕ ਤੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਕੈਦ ਨਾਲ ਸਬੰਧਤ ਹੈ ਨੂੰ ਛੋਟੀ ਪੁਰਾਤਨ ਇੱਟ ਤੇ ਭਵਨ ਕਲਾ ਨਾਲ ਸੰਭਾਲਿਆ ਗਿਆ ਹੈ। ਇਸਦੇ ਉਪਰਲੇ ਗੁੰਬਦ ਦਾ ਕੰਮ ਚੱਲ ਰਿਹਾ ਹੈ। ਬਾਕੀ ਮੁਕੰਮਲ ਹੋ ਚੁੱਕਾ ਹੈ। ਸ੍ਰੀ ਚਮਕੌਰ ਸਾਹਿਬ ਵਿਖੇ ਕੱਚੀ ਗੜ੍ਹੀ ਦਾ ਇਕ ਫੇਸ ਮੁਕੰਮਲ ਹੋ ਚੁੱਕਾ ਹੈ। ਦੂਜੇ ਫੇਸ ਦਾ ਕੰਮ ਚੱਲ ਰਿਹਾ ਹੈ। ਕੇਵਲ ਦਰਸ਼ਨੀ ਡਿਓੜੀ ਦਾ ਕੰਮ ਥੋੜ੍ਹਾ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿੱਚ ਪੰਜ ਕਿਲ੍ਹੇ ਬਣਵਾਏ ਗਏ ਸਨ ਏਸੇ ਤਰ੍ਹਾਂ ਇਨ੍ਹਾਂ ਕਿਲ੍ਹਿਆਂ ਨੂੰ ਪੁਰਾਤਨ ਰੂਪ ਦਿੱਤਾ ਗਿਆ ਹੈ। ਤਿੰਨ ਮੁਕੰਮਲ ਹੋ ਚੁੱਕੇ ਹਨ। ਦੋ ਦਾ ਕੰਮ ਚੱਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਚਮਕੌਰ ਸਾਹਿਬ ਦੀ ਧਰਤੀ ਤੇ ਬੀਬੀ ਸ਼ਰਨ ਕੌਰ ਯਾਦਗਾਰੀ ਖਾਲਸਾ ਕਾਲਜ ਫਾਰ ਗਰਲਜ ਬਣ ਰਿਹਾ ਹੈ ਜੋ ਮਈ ੨੦੧੬ ਤੀਕ ਮੁਕੰਮਲ ਹੋ ਜਾਵੇਗਾ। ਏਸੇ ਸਾਲ ਇਸ ਵਿਦਿਅਕ ਸੈਸ਼ਨ ਨੂੰ ਸ਼ੁਰੂ ਕਰ ਦਿੱਤਾ ਜਾਵੇਗਾ। ਜੀਰੇ ਵਿਖੇ ਖਾਲਸਾ ਕਾਲਜ ਪੰਜ ਕਰੋੜ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਰਿਆਣੇ ਪ੍ਰਾਂਤ ਵਿੱਚ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਖਾਲਸਾ ਕਾਲਜ ਦਾ ਅਕੈਡਮਿਕ ਬਲਾਕ ੨ ਕਰੋੜ ੨੫ ਲੱਖ ਦੀ ਲਾਗਤ ਨਾਲ ਬਣਾਇਆ ਗਿਆ ਹੈ। ਬਹਾਦਰ ਗੜ੍ਹ ਪਟਿਆਲਾ ਵਿਖੇ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਯਾਦਗਾਰੀ ਸਿੱਖ ਇੰਸਟੀਚਿਊਟ ਆਫ਼ ਹਾਇਰ ਸਟੱਡੀਜ਼ ਦੀ ਇਮਾਰਤ ਦੇ ਦੋ ਫੇਸ ਮੁਕੰਮਲ ਹੋ ਚੁੱਕੇ ਹਨ, ਤੀਜਾ ਚੱਲ ਰਿਹਾ ਹੈ। ਇਮਾਰਤ ਦੀ ਭਵਨ ਕਲਾ ਵੇਖਣ ਯੋਗ ਹੈ। ਖਾਲਸਾ ਕਾਲਜ ਅੰਮ੍ਰਿਤਸਰ ਤੋਂ ਬਾਅਦ ਇਹ ਦੂਜੀ ਇਮਾਰਤ ਹੈ ਜਿਸ ਦਾ ਭਵਨ ਨਿਰਮਾਣ ਇੱਕ ਅਦੁੱਤੀ ਤੇ ਦਰਸ਼ਨ ਕਰਨ ਯੋਗ ਹੈ। ਉਨ੍ਹਾਂ ਦੱਸਿਆ ਕਿ ਮਹਾਰਾਣੀ ਜਿੰਦਾਂ ਅਤੇ ਜਰਨੈਲ ਹਰੀ ਸਿੰਘ ਨਲੂਆ ਬਾਰੇ ਸੈਮੀਨਾਰ ਕਰਵਾਏ ਜਾਣਗੇ। ਸਿੱਖ ਇਤਿਹਾਸ ਵਿੱਚ ਸਿੱਖ ਜਰਨੈਲ ਹਰੀ ਸਿੰਘ ਨਲੂਆ ਦਾ ਬਹੁਤ ਵੱਡਾ ਸਥਾਨ ਹੈ। ਉਸ ਦੀ ਬਹਾਦਰੀ ਬਾਰੇ ਵੱਖ-ਵੱਖ ਲੋਕਾਂ ਤੇ ਲੇਖਕਾਂ ਵੱਲੋਂ ਵਾਰਾਂ ਰਚੀਆਂ ਗਈਆਂ ਹਨ, ਉਨ੍ਹਾਂ ਦੀ ਖੋਜ ਕਰਕੇ ਇਕ ਪੁਸਤਕ ਪ੍ਰਕਾਸ਼ਿਤ ਕੀਤੀ ਜਾਵੇਗੀ।

ਜਥੇਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਸਿੱਖ ਰੈਫਰੈਂਸ ਲਾਇਬ੍ਰੇਰੀ ਵਿੱਚ ਸਿੱਖ ਕੌਮ ਦਾ ਬੇਸ਼ਕੀਮਤੀ ਖਜ਼ਾਨਾ ਸਿੱਖ ਗ੍ਰੰਥਾਂ ਤੇ ਸਿੱਖ ਸਾਹਿਤ ਦੇ ਰੂਪ ਵਿੱਚ ਸਾਂਭਿਆ ਹੋਇਆ ਹੈ। ੧੯੮੪ ਵਿੱਚ ਸ੍ਰੀ ਦਰਬਾਰ ਸਾਹਿਬ 'ਤੇ ਫੌਜੀ ਹਮਲੇ ਦੌਰਾਨ ਇਸ ਲਾਇਬ੍ਰੇਰੀ ਨੂੰ ਵੱਡਾ ਨੁਕਸਾਨ ਪੁੱਜਾ ਸੀ। ਇਸ ਵਿੱਚੋਂ ਬਹੁਤ ਸਾਰੇ ਇਤਿਹਾਸਕ ਗ੍ਰੰਥ ਤੇ ਪੁਸਤਕਾਂ ਫੌਜ ਆਪਣੇ ਨਾਲ ਲੈ ਗਈ ਸੀ ਅਤੇ ਬਹੁਤ ਸਾਰੇ ਦਸਤਾਵੇਜ਼ ਤਬਾਹ ਹੋ ਗਏ ਸਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਲਾਇਬ੍ਰੇਰੀ ਨੂੰ ਦੁਬਾਰਾ ਇਤਿਹਾਸਕ ਗ੍ਰੰਥਾਂ ਤੇ ਪੁਸਤਕਾਂ ਨਾਲ ਭਰਪੂਰ ਕੀਤਾ ਗਿਆ ਹੈ। ਇਸ ਵਿੱਚ ਪੰਜਾਬੀ, ਅੰਗਰੇਜ਼ੀ, ਤੇ ਹੋਰਨਾਂ ਭਾਸ਼ਾਵਾਂ ਦੀਆਂ ਪੁਸਤਕਾਂ ਸਾਂਭੀਆਂ ਹੋਈਆਂ ਹਨ। ਹਜ਼ਾਰਾਂ ਕਿਤਾਬਾਂ, ਹੱਥ ਲਿਖਤ ਖਰੜੇ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ ਹੱਥ ਲਿਖਤ ਬੀੜਾਂ, ਮੈਗਜ਼ੀਨ ਅਤੇ ਹਿੰਦੀ, ਪੰਜਾਬੀ ਅੰਗਰੇਜ਼ੀ

ਉਰਦੂ ਦੀਆਂ ਅਖਬਾਰਾਂ ਇਥੇ ਮੌਜੂਦ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਹੁਣ ਇਸ ਲਾਇਬ੍ਰੇਰੀ ਨੂੰ ਡਿਜੀਟਲ ਕੀਤਾ ਜਾ ਰਿਹਾ ਹੈ ਤਾਂ ਕਿ ਵੱਧ ਤੋਂ ਵੱਧ ਖੋਜੀ, ਵਿਦਵਾਨ ਅਤੇ ਪਾਠਕ ਇਸ ਦਾ ਲਾਭ ਲੈ ਸਕਣ।

ਇਕ ਸਵਾਲ ਦੇ ਜਵਾਬ ਵਿੱਚ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਦੂਰ ਦੁਰਾਡੇ ਪਿੰਡਾਂ ਵਿੱਚ ਜਿੱਥੇ ਕਿਤੇ ਵੀ ਸੰਗਤਾਂ ਵੱਲੋਂ ਬਣਾਏ ਗਏ ਗੁਰਦੁਆਰਾ ਸਾਹਿਬਾਨ ਵਿੱਚ ਸਕਿਉਰਿਟੀ ਦੀ ਜ਼ਰੂਰਤ ਹੈ ਸੰਗਤਾਂ ਨੂੰ ਗੁਰਦੁਆਰਾ ਸਾਹਿਬਾਨ ਵਿਖੇ ਸੀ.ਸੀ.ਟੀ. ਵੀ ਕੈਮਰੇ ਲਗਾਉਣ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦੀਆਂ ਕਮੇਟੀਆਂ ਇਹ ਕੈਮਰੇ ਲਗਾਉਣ ਵਿੱਚ ਅਸਮਰੱਥ ਹਨ ਸ਼੍ਰੋਮਣੀ ਕਮੇਟੀ ਉਨ੍ਹਾਂ ਦੀ ਕੈਮਰੇ ਲਗਾਉਣ ਵਿੱਚ ਮਦਦ ਕਰੇਗੀ। ਉਨ੍ਹਾਂ ਕਿਹਾ ਕਿ ਕਈ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਵੱਲੋਂ ਸ਼੍ਰੋਮਣੀ ਕਮੇਟੀ ਵਿਖੇ ਸੀ.ਸੀ.ਟੀ. ਵੀ ਕੈਮਰੇ ਲਗਾਉਣ ਸਬੰਧੀ ਬੇਨਤੀ ਪੱਤਰ ਪੁੱਜ ਚੁੱਕੇ ਹਨ। ਇਨ੍ਹਾਂ ਗੁਰਦੁਆਰਾ ਸਾਹਿਬਾਨ ਵਿਖੇ ਸ਼੍ਰੋਮਣੀ ਕਮੇਟੀ ਵੱਲੋਂ ਸਰਵੇ ਕਰਕੇ ਲੋੜਵੰਦ ਗੁਰਦੁਆਰਾ ਸਾਹਿਬਾਨ ਵਿਖੇ ਇਹ ਕੈਮਰੇ ਲਗਵਾਉਣ ਵਿੱਚ ਸਹਾਇਤਾ ਕਰੇਗੀ।

ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਪਿੰਡ ਵਿੱਚ ਜਾਤ ਬਰਾਦਰੀ ਦੇ ਨਾਂ ਤੇ ਗੁਰਦੁਆਰਾ ਸਾਹਿਬਾਨਾਂ ਉਸਾਰੇ ਜਾਣ ਅਤੇ ਹਰ ਪਿੰਡ ਵਿੱਚ ਇੱਕ ਹੀ ਗੁਰਦੁਆਰਾ ਸਾਹਿਬ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਕਰਨ ਨਾਲ ਚੰਗੀ ਸਿੱਖਿਆ, ਚੰਗੇ ਗ੍ਰੰਥੀ, ਪ੍ਰਚਾਰਕ ਅਤੇ ਸੇਵਾਦਾਰ ਸੇਵਾ ਨਿਭਾ ਸਕਣਗੇ। ਉਨ੍ਹਾਂ ਕਿਹਾ ਕਿ ਸਾਰਿਆਂ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਾਂ ਬਾਰੇ ਸ਼੍ਰੋਮਣੀ ਕਮੇਟੀ ਸਖ਼ਤੀ ਨਾਲ ਆਪਣੀ ਭੂਮਿਕਾ ਨਿਭਾਵੇਗੀ।

ਪੱਤਰਕਾਰ ਸੰਮੇਲਨ ਮੌਕੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿੱਜੀ ਸਹਾਇਕ, ਸ. ਸੁਲੱਖਣ ਸਿੰਘ ਮੈਨੇਜਰ, ਸ. ਜਤਿੰਦਰ ਸਿੰਘ ਤੇ ਸ. ਬਘੇਲ ਸਿੰਘ ਵਧੀਕ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਹਰਜਿੰਦਰ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਸਹਾਇਕ ਸੁਪ੍ਰਿੰਟੈਂਡੈਂਟ, ਸ. ਗੁਰਿੰਦਰ ਸਿੰਘ ਨਿਜੀ ਸਹਾਇਕ ਸ. ਕਾਰਜ ਸਿੰਘ ਜੰਡੋਕੇ ਤੇ ਸ. ਗੁਰਪ੍ਰੀਤ ਸਿੰਘ ਸੁਪਰਵਾਈਜ਼ਰ ਆਦਿ ਮੌਜੂਦ ਸਨ। *੧੪ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਪ੍ਰਵਾਨਤ ਸਿੱਖ ਅਰਦਾਸ ਨੂੰ ਤਬਦੀਲ ਕਰਨ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਯੁਕਤ ਅਰਬ ਅਮੀਰਾਤ (ਯੂ.ਏ.ਈ.) ਦੇ ਇਕ ਗੁਰਦੁਆਰੇ ਵਿੱਚ ਪ੍ਰਵਾਨਤ ਸਿੱਖ ਅਰਦਾਸ ਨੂੰ ਤਬਦੀਲ ਕਰਨ ਦੀ ਮਨਮੱਤੀ ਕਾਰਵਾਈ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕੀਤੀ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਇਹ ਮਾਮਲਾ ਪੰਥਕ ਰਹਿਤ ਮਰਯਾਦਾ ਨਾਲ ਛੇੜਛਾੜ ਕਰਨ ਦਾ ਹੈ ਅਤੇ ਇਸ ਸਬੰਧ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਕਾਰਵਾਈ ਕਰਨ ਲਈ ਬੇਨਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਥ ਵਿੱਚੋਂ ਛੇਕੇ ਗਏ ਪ੍ਰੋ.ਦਰਸ਼ਨ ਸਿੰਘ ਦੇ ਯੂ.ਏ.ਈ. ਵਿੱਚ ਸਬੰਧਤ ਗੁਰਦੁਆਰਾ ਸਾਹਿਬ ਵਿਖੇ ਪ੍ਰਚਾਰ ਦੌਰੇ ਦੌਰਾਨ ਇਹ ਮਾਮਲਾ ਸਾਹਮਣੇ ਆਇਆ ਹੈ, ਜਿਸ ਤੋਂ ਇਹ ਸਪੱਸ਼ਟ ਹੁੰਦਾ ਹੈ ਕਿ ਪੰਥ ਵਿਰੋਧੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਾਣ-ਮਰਯਾਦਾ ਅਤੇ ਸਿੱਖ ਸਿਧਾਂਤਾਂ ਨੂੰ ਢਾਹ ਲਗਾਉਣ ਲਈ ਕਿਸ ਤਰ੍ਹਾਂ ਕਾਰਜਸ਼ੀਲ ਹਨ। ਉਨ੍ਹਾਂ ਕਿਹਾ ਕਿ ਪੰਥ ਵਿਰੋਧੀਆਂ ਦੀ ਇਸ ਕੋਝੀ ਕਾਰਵਾਈ ਨੂੰ ਕਦੇ ਵੀ ਮੁਆਫ਼ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਪੰਥਕ ਰਹਿਤ ਮਰਯਾਦਾ ਦਾ ਹਵਾਲਾ ਦਿੰਦਿਆਂ ਕਿਹਾ ਕਿ ਅਰਦਾਸ ਦੇ ਆਰੰਭ ਵਿੱਚ ਆਉਂਦੇ 'ਪ੍ਰਿਥਮ ਭਗੌਤੀ' ਵਾਲੇ ਬੰਦ ਅਤੇ ਅੰਤਲੀਆਂ 'ਨਾਨਕ ਨਾਮ ਚੜ੍ਹਦੀ ਕਲਾ' ਵਾਲੀਆਂ ਦੋ ਤੁਕਾਂ ਵਿੱਚ ਕੋਈ ਵੀ ਤਬਦੀਲੀ ਨਹੀਂ ਕੀਤੀ ਜਾ ਸਕਦੀ ਅਤੇ ਸਿੱਖ ਰਹਿਤ ਮਰਯਾਦਾ ਅੰਦਰ ਅੰਕਿਤ ਅਰਦਾਸ ਨਾਲ ਫੁੱਟ ਨੋਟ ਦੇ ਕੇ ਇਸ

ਸਬੰਧੀ ਸਪੱਸ਼ਟ ਹਦਾਇਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਬੰਧਤ ਗੁਰਦੁਆਰਾ ਸਾਹਿਬ ਵਿੱਚ ਇਨ੍ਹਾਂ ਦੋਹਾਂ ਬੰਦਾਂ ਵਿੱਚ ਤਬਦੀਲੀਆਂ ਦੇ ਨਾਲ-ਨਾਲ ਅਰਦਾਸ ਦੇ ਹੋਰਨਾਂ ਹਿੱਸਿਆਂ ਨੂੰ ਵੀ ਤਬਦੀਲ ਕੀਤਾ ਗਿਆ ਹੈ, ਜਿਸ ਨਾਲ ਸਿੱਖ ਮਾਨਸਿਕਤਾ ਨੂੰ ਠੇਸ ਪਹੁੰਚੀ ਹੈ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਆਪਣੇ ਤੌਰ 'ਤੇ ਪੰਥ ਪ੍ਰਵਾਨਿਤ ਅਰਦਾਸ ਵਿੱਚ ਤਬਦੀਲੀ ਕਰਨ ਦਾ ਕੋਈ ਹੱਕ ਨਹੀਂ ਹੈ। ਉਨ੍ਹਾਂ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਇਸ ਦਾ ਸਬੰਧਤ ਗੁਰਦੁਆਰਾ ਸਾਹਿਬ ਵਿੱਚ ਸਖ਼ਤ ਵਿਰੋਧ ਕਰਨ ਅਤੇ ਪ੍ਰਵਾਨਿਤ ਸਿੱਖ ਅਰਦਾਸ ਨੂੰ ਯਕੀਨੀ ਬਣਾਉਣ ਲਈ ਲਾਮਬੰਦ ਹੋਣ। ਇਥੇ ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁ: ਪ੍ਰ: ਕਮੇਟੀ ਅਤੇ ਸਿੱਖ ਸੰਗਤਾਂ ਵੱਲੋਂ ਕੀਤੇ ਗਏ ਸਖ਼ਤ ਵਿਰੋਧ ਤੋਂ ਬਾਅਦ ਸਬੰਧਤ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਵੱਲੋਂ ਲਿਖਤੀ ਮੁਆਫ਼ੀ ਮੰਗੀ ਗਈ ਹੈ। *੮ ਦਸੰਬਰ*

# ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਪੁਰਬ ਸਬੰਧੀ ਖਰਚਿਆਂ ਨੂੰ ਦਿੱਤੀ ਪ੍ਰਵਾਨਗੀ

## ਸਿੱਖਾਂ 'ਤੇ ਨਸਲੀ ਹਮਲਿਆਂ ਸਬੰਧੀ ਵਫ਼ਦ ਅਮਰੀਕੀ ਰਾਜਦੂਤ ਨੂੰ ਮਿਲੇਗਾ

## ਸਬ-ਆਫਿਸ ਚੰਡੀਗੜ੍ਹ ਵਿਖੇ ਅੰਤ੍ਰਿੰਗ ਕਮੇਟੀ ਦੀ ਅਹਿਮ ਇਕੱਤਰਤਾ ਹੋਈ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਹੇਠ ਸਬ-ਆਫਿਸ ਸ਼੍ਰੋਮਣੀ ਕਮੇਟੀ (ਸੈਕਟਰ-੫ ਏ) ਚੰਡੀਗੜ੍ਹ ਵਿਖੇ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਹੋਈ, ਜਿਸ ਵਿੱਚ ਵੱਖ-ਵੱਖ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਇਕੱਤਰਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ ਨੇ ਕਿਹਾ ਕਿ ਸਰਬੰਸਦਾਨੀ ਕਲਗੀਧਰ ਦਸਮੇਸ਼ ਪਿਤਾ ਦੇ ਛੋਟੇ ਤੇ ਵੱਡੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਮਾਤਾ-ਪਿਤਾ ਆਪਣੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀਆਂ ਅਦੁੱਤੀ ਸ਼ਹਾਦਤਾਂ ਬਾਰੇ ਸੁਚੱਜੀ ਜਾਣਕਾਰੀ ਦੇਣ ਤਾਂ ਜੋ ਉਹ ਦੁਨਿਆਵੀ ਵਿਦਿਆ ਦੇ ਨਾਲ-ਨਾਲ ਗੁਰਸਿੱਖ ਰਹਿਣੀ-ਬਹਿਣੀ ਵਿੱਚ ਰਹਿੰਦੇ ਹੋਏ ਆਪਣਾ ਜੀਵਨ ਬਤੀਤ ਕਰਨ ਅਤੇ ਦੂਸਰਿਆਂ ਲਈ ਪ੍ਰੇਰਣਾ ਸਰੋਤ ਬਨਣ। ਉਨ੍ਹਾਂ ਕਿਹਾ ਕਿ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ੫ ਜਨਵਰੀ ੨੦੧੭ ਨੂੰ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਨਾਈ ਜਾ ਰਹੀ ਤੀਸਰੀ ਅਰਧ ਸ਼ਤਾਬਦੀ (੩੫੦ ਸਾਲਾਂ) ਸਮੇਂ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਵੱਲੋਂ ਇਸ ਦੌਰਾਨ ਹੋਣ ਵਾਲੇ ਖਰਚਿਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਪਾਵਨ ਦਿਹਾੜਾ ਦੇਸ਼-ਵਿਦੇਸ਼ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ-ਭਾਵਨਾ ਨਾਲ ਮਨਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਸਿੱਖਾਂ ਅਤੇ ਗੁਰਦੁਆਰਾ ਸਾਹਿਬਾਨ 'ਤੇ ਲਗਾਤਾਰ ਹੋ ਰਹੇ ਨਸਲੀ ਹਮਲਿਆਂ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਅਮਰੀਕਾ ਦੇ ਰਾਸ਼ਟਰਪਤੀ ਬਰਾਕ ਓਬਾਮਾ, ਭਾਰਤ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਨਵੀ ਦਿੱਲੀ ਸਥਿਤ ਅਮਰੀਕੀ ਰਾਜਦੂਤ ਨੂੰ ਪੱਤਰਕਾਵਾਂ ਲਿਖੀਆਂ ਗਈਆਂ ਸਨ। ਜਿਸ ਬਾਰੇ ੧੮ ਦਸੰਬਰ ਨੂੰ ਅਮਰੀਕੀ ਰਾਜਦੂਤ ਵੱਲੋਂ ਆਏ ਜਵਾਬ ਵਿੱਚ ਉਨ੍ਹਾਂ ਸਿੱਖਾਂ ਨਾਲ ਸਬੰਧਤ ਮਾਮਲਿਆਂ ਨੂੰ ਹੱਲ ਕਰਨ ਦਾ ਭਰੋਸਾ ਦਿੰਦਿਆਂ ਸ਼੍ਰੋਮਣੀ ਕਮੇਟੀ ਨੂੰ ਵਫ਼ਦ ਸਮੇਤ ਮਿਲਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਲਦ ਹੀ ਇਕ ਵਫ਼ਦ ਅਮਰੀਕੀ ਰਾਜਦੂਤ ਨੂੰ ਮਿਲ ਕੇ ਇਨ੍ਹਾਂ ਮਾਮਲਿਆਂ ਨੂੰ ਹੱਲ ਕਰਨ ਲਈ ਉਪਰਾਲੇ ਕਰੇਗਾ। ਸਿੱਖਾਂ ਬਾਰੇ ਇਕ ਹੋਰ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਸਿੱਖ ਕੌਮ ਸਾਰੀ ਦੁਨੀਆਂ ਵਿਚ ਸਤਿਕਾਰੀ ਜਾਂਦੀ ਹੈ, ਪਰੰਤੂ ਕੁਝ ਸਿਰਫਿਰੇ ਵਿਅਕਤੀਆਂ ਵੱਲੋਂ ਸਿੱਖਾਂ ਪ੍ਰਤੀ ਚੁਟਕਲੇ ਬਣਾ ਕੇ ਉਨ੍ਹਾਂ ਦਾ ਮਜਾਕ ਉਡਾਇਆ ਜਾਂਦਾ ਹੈ। ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੀ ਆਪਣੇ ਤੌਰ 'ਤੇ ਸੁਪਰੀਮ ਕੋਰਟ ਵਿੱਚ ਰਿੱਟ ਦਾਇਰ ਕਰੇਗੀ ਤਾਂ ਜੋ

*(ਬਾਕੀ ਪੰਨਾ ੫੧ 'ਤੇ)*



ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕਰਨ ਲਈ ਲੈ ਕੇ ਜਾਂਦੇ ਹੋਏ
ਗਿ. ਜਗਤਾਰ ਸਿੰਘ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ। (28 ਦਸੰਬਰ 2015)



ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ
ਗੁਰਦੁਆਰਾ ਸ੍ਰੀ ਜੋਤੀ ਸਰੂਪ ਤਕ ਸਜਾਏ ਗਏ ਨਗਰ ਕੀਰਤਨ ਦਾ ਅਲੌਕਿਕ ਦ੍ਰਿਸ਼। (28 ਦਸੰਬਰ 2015)



ਨਗਰ ਕੀਰਤਨ ਦੀ ਸਮਾਪਤੀ 'ਤੇ ਗੁ: ਸ੍ਰੀ ਜੋਤੀ ਸਰੂਪ ਵਿਖੇ ਕਰਵਾਏ ਗਏ ਗੁਰਮਤਿ ਸਮਾਗਮ ਸਮੇਂ ਹੁਕਮਨਾਮਾ ਲੈਂਦੇ ਹੋਏ ਸਿੰਘ ਸਾਹਿਬ ਗਿ: ਜਗਤਾਰ ਸਿੰਘ ਹੈੱਡ ਗ੍ਰੰਥੀ। ਉਨ੍ਹਾਂ ਨਾਲ ਗਿ: ਗੁਰਬਚਨ ਸਿੰਘ ਜਥੇ: ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਅਤੇ ਹੋਰ।



ਗੁ: ਸ੍ਰੀ ਜੋਤੀ ਸਰੂਪ ਵਿਖੇ ਨਗਰ ਕੀਰਤਨ ਦੀ ਸਮਾਪਤੀ ਸਮੇਂ ਅਰਦਾਸ ਕਰਦੇ ਹੋਏ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਗਿ. ਹਰਪਾਲ ਸਿੰਘ ਅਤੇ ਸੰਗਤਾਂ ਦਾ ਵਿਸ਼ਾਲ ਇਕੱਠ।

(28 ਦਸੰਬਰ 2015)



ਨਗਰ ਕੀਰਤਨ ਦੀ ਸਮਾਪਤੀ ਸਮੇਂ ਗੁ: ਸ੍ਰੀ ਜੋਤੀ ਸਰੂਪ ਵਿਖੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ। ਉਨ੍ਹਾਂ ਨਾਲ ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਕਮੇਟੀ ਮੈਂਬਰ ਅਤੇ ਸ. ਦਿਲਜੀਤ ਸਿੰਘ 'ਬੇਦੀ' ਐਡੀ. ਸਕੱਤਰ ਵੀ ਦਿਖਾਈ ਦੇ ਰਹੇ ਹਨ।



ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮਾਤਾ ਗੁਜਰੀ ਕਾਲਜ ਵੱਲੋਂ ਲਗਾਏ ਗਏ ਖੂਨਦਾਨ ਕੈਂਪ ਦਾ ਉਦਘਾਟਨ ਕਰਦੇ ਹੋਏ ਜਥੇ: ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ। ਉਨ੍ਹਾਂ ਨਾਲ ਸ: ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਕਮੇਟੀ ਮੈਂਬਰ ਅਤੇ ਹੋਰ।



ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਲਗਾਈ ਗਈ ਚਿੱਤਰ ਪ੍ਰਦਰਸ਼ਨੀ ਦਾ ਉਦਘਾਟਨ ਕਰਦੇ ਹੋਏ ਜਥੇ: ਅਵਤਾਰ ਸਿੰਘ ਪ੍ਰਧਾਨ, ਸ਼੍ਰੋਮਣੀ ਕਮੇਟੀ ਅਤੇ ਹੋਰ।



ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਏ ਗਏ ਸੁੰਦਰ ਦਸਤਾਰ ਮੁਕਾਬਲਿਆਂ ਵਿਚ ਅੱਵਲ ਆਉਣ ਵਾਲੇ ਨੌਜਵਾਨਾਂ ਨਾਲ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਕਮੇਟੀ, ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਮੈਂਬ ਰ, ਡਾ. ਧਰਮਿੰਦਰ ਸਿੰਘ ਉੱਭਾ ਡਾਇਰੈਕਟਰ ਅਤੇ ਹੋਰ। (26 ਦਸੰਬਰ 2015)



ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਸਾਂਝੀਆਂ ਕਰਦੇ ਹੋਏ ਜਥੇ: ਅਵਤਾਰ ਸਿੰਘ ਪ੍ਰਧਾਨ, ਸ਼੍ਰੋਮਣੀ ਕਮੇਟੀ।

(27 ਦਸੰਬਰ 2015)



ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਏ ਗਏ ਗੱਤਕਾ ਮੁਕਾਬਲਿਆਂ ਦੀ ਆਰੰਭਤਾ ਕਰਦੇ ਹੋਏ ਜਥੇ: ਅਵਤਾਰ ਸਿੰਘ ਪ੍ਰਧਾਨ, ਸ਼੍ਰੋਮਣੀ ਕਮੇਟੀ।
ਉਨ੍ਹਾਂ ਨਾਲ ਸ: ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਕਮੇਟੀ ਮੈਂਬਰ, ਡਾ. ਗੁਰਮੋਹਨ ਸਿੰਘ ਵਾਲੀਆ ਵੀ.ਸੀ. ਅਤੇ ਹੋਰ।

(26 ਦਸੰਬਰ 2015)




ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਪਹੁੰਚੇ ਸ. ਸੁਰਜੀਤ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਸ਼ਿਲਾਂਗ ਨੂੰ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ ਤੇ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਸਨਮਾਨਿਤ ਕਰਦੇ ਹੋਏ। ਉਨ੍ਹਾਂ ਨਾਲ ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਸਤਬੀਰ ਸਿੰਘ ਓ.ਐੱਸ.ਡੀ. ਤੇ ਹੋਰ।

(18 ਦਸੰਬਰ 2015)



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਵੱਲੋਂ ਕੈਂਸਰ ਪੀੜਤ ਮਰੀਜਾਂ ਨੂੰ ਸਹਾਇਤਾ ਵਜੋਂ ਚੈੱਕ ਦਿੰਦੇ ਹੋਏ ਸ. ਦਰਸ਼ਨ ਸਿੰਘ ਮੋਠਾਂ ਵਾਲੇ ਮੈਂਬਰ ਸ਼੍ਰੋਮਣੀ ਕਮੇਟੀ ਹਲਕਾ ਜਲਾਲਾਬਾਦ।



ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ ਕਰਨ ਆਏ ਰਾਜਾ ਹਸਨ ਅਖਤਰ ਪ੍ਰੈਜ਼ੀਡੈਂਟ ਆਜ਼ਾਦ ਗਰੁੱਪ, ਚੈਂਬਰ ਆਫ ਕਾਮਰਸ ਲਾਹੌ ਰ ਨੂੰ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ ਤੇ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਸਨਮਾਨਿਤ ਕਰਦੇ ਹੋਏ। ਉਨ੍ਹਾਂ ਨਾਲ ਸ. ਸੁਲੱਖਣ ਸਿੰਘ ਭੰਗਾਲੀ ਮੈਨੇਜਰ ਸ੍ਰੀ ਦਰਬਾਰ ਸਾਹਿਬ, ਸ. ਸਤਬੀਰ ਸਿੰਘ ਓ.ਐਸ.ਡੀ. ਤੇ ਹੋਰ।

(18 ਦਸੰਬਰ 2015)



ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਨੂੰ ਸੰਬੋਧਨ ਕਰਦੇ ਹੋਏ ਸ. ਰਜਿੰਦਰ ਸਿੰਘ ਮਹਿਤਾ ਅੰ ਤ੍ਰਿੰਗ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਮਨਜੀਤ ਸਿੰਘ ਸਕੱਤਰ, ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਤੇ ਸ. ਸਤਬੀਰ ਸਿੰਘ ਓ.ਐੱਸ.ਡੀ.।

(17 ਦਸੰਬਰ 2015)



ਸ. ਗੁਰਚਰਨ ਸਿੰਘ ਮੀਤ ਸਕੱਤਰ, ਸ. ਦਵਿੰਦਰ ਸਿੰਘ ਤੇ ਸ. ਸਰਵਣ ਸਿੰਘ ਗੁ: ਇੰਸਪੈਕਟਰ, ਸ. ਪ੍ਰੇਮ ਸਿੰਘ ਕਲਰਕ ਅਤੇ ਸ. ਸ਼ੇਰ ਸਿੰਘ ਹੈਲਪਰ ਨੂੰ ਸੇਵਾ-ਮੁਕਤ ਹੋਣ 'ਤੇ ਸਨਮਾਨਿਤ ਕਰਦੇ ਹੋਏ ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਬਿਜੈ ਸਿੰਘ ਤੇ ਸ. ਮਹਿੰਦਰ ਸਿੰਘ ਆਹਲੀ ਐਡੀ. ਸਕੱਤਰ ਅਤੇ ਹੋਰ। (31 ਦਸੰਬਰ 2015)



ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ, ਅੰਮ੍ਰਿਤਸਰ ਵਿਖੇ ਕਰਵਾਏ ਗਏ ਅੰਮ੍ਰਿਤ ਸੰਚਾਰ ਸਮੇਂ ਅੰਮ੍ਰਿਤ ਅਭਿਲਖੀ ਸੰਗਤਾਂ ਨਾਲ ਪੰਜ ਪਿਆਰੇ ਸਾਹਿਬਾਨ।

(ਪੰਨਾ ੪੨ ਦਾ ਬਾਕੀ)

ਅੱਗੇ ਤੋਂ ਕਿਸੇ ਵਿਅਕਤੀ ਵੱਲੋਂ ਸਿੱਖਾਂ ਦਾ ਮਜਾਕ ਉਡਾਉਣ ਦੀ ਬਜਾਏ ਉਨ੍ਹਾਂ ਨੂੰ ਸਤਿਕਾਰਤ ਨਿਗਾਹ ਨਾਲ ਵੇਖਿਆ ਜਾਵੇ। ਉਨ੍ਹਾਂ ਹੋਰ ਦੱਸਿਆ ਕਿ ਜੋਧਪੁਰ ਵਿਖੇ ਨਜ਼ਰਬੰਦ ਰਹੇ ਸਮੂਹ ਮੁਲਾਜ਼ਮ ਜਿਨ੍ਹਾਂ ਨੂੰ ਸਾਲ ੨੦੦੫-੦੬ ਦੌਰਾਨ ਯੋਗਤਾ ਦੇ ਅਧਾਰਪੁਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਖੇ ਸਰਵਿਸ ਦਿੱਤੀ ਗਈ ਸੀ, ਉਨ੍ਹਾਂ ਦੀ ਤਨਖਾਹ ਘੱਟ ਹੋਣ ਕਰਕੇ ਵਾਧਾ ਕਰਨ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਤਿੰਨ ਸਪੈਸ਼ਲ ਤਰੱਕੀਆਂ ਦੇਣ ਦਾ ਫੈਂਸਲਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚ ਉਹ ਮੁਲਾਜ਼ਮ ਵੀ ਸ਼ਾਮਲ ਹਨ ਜਿਨ੍ਹਾਂ ਦੀ ਸੇਵਾ-ਮੁਕਤੀ ਨੇੜੇ ਹੈ।

ਉਨ੍ਹਾਂ ਕਿਹਾ ਕਿ ੧ ਜਨਵਰੀ ੨੦੧੬ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਨੂੰ ਪ੍ਰਫੁੱਲਤ ਕਰਨ ਲਈ ਬਠਿੰਡਾ ਜ਼ਿਲ੍ਹੇ ਤੋਂ ਸ਼ੁਰੂ ਕਰਕੇ ਸਾਰੇ ਪੰਜਾਬ ਦੇ ਪਿੰਡ-ਪਿੰਡ ਵਿੱਚ 'ਚਾਰ ਸਾਹਿਬਜ਼ਾਦੇ' ਅਤੇ 'ਬਾਬਾ ਬੰਦਾ ਸਿੰਘ ਬਹਾਦਰ' ਫਿਲਮ ਦਿਖਾਉਣ ਲਈ ਲੋੜੀਦੀਆਂ ੫੦ ਵੈਨਾਂ ਸਮੇਤ ਫਿਲਮ ਸਿਸਟਮ ਖਰੀਦਿਆਂ ਜਾਵੇਗਾ। ਉਨ੍ਹਾਂ ਕਿਹਾ ਕਿ ਫਿਲਮ ਦਿਖਾਉਣ ਸਮੇਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਗਤੀਵਿਧੀਆਂ 'ਤੇ ਅਧਾਰਿਤ ਲਗਭਗ ੧੫ ਮਿੰਟ ਦਾ ਪ੍ਰੋਗਰਾਮ ਵੀ ਦਿਖਾਇਆ ਜਾਵੇਗਾ ਜਿਸ ਨਾਲ ਲੋਕਾਂ ਨੂੰ ਸਿੱਖਾਂ ਦੀ ਨੁਮਾਇੰਦਾ ਜਮਾਤ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸਾਹਿਬਾਨ ਦੇ ਚਲਾਏ ਜਾ ਰਹੇ ਸੁੱਚਜੇ ਪ੍ਰਬੰਧ ਦੇ ਨਾਲ ਨਾਲ ਵਿਦਿਅਕ, ਮੈਡੀਕਲ ਅਤੇ ਸਮਾਜਿਕ ਸੇਵਾਵਾਂ ਵਿੱਚ ਪਾਏ ਯੋਗਦਾਨ ਬਾਰੇ ਵੀ ਜਾਣਕਾਰੀ ਹਾਸਲ ਹੋਵੇਗੀ। ਉਨ੍ਹਾਂ ਕਿਹਾ ਕਿ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਣ ਹਿੱਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖ-ਰੇਖ ਵਿੱਚ ੧ ਜਨਵਰੀ ੨੦੧੬ ਤੋਂ ਸ੍ਰੀ ਅੰਮ੍ਰਿਤਸਰ ਤੋਂ ਸ਼ੁਰੂ ਕਰਕੇ ਸਮੁੱਚੇ ਪੰਜਾਬ ਵਿੱਚ ਕੀਰਤਨ ਦਰਬਾਰ ਦੀ ਲੜੀ ਚਲਾਈ ਜਾਵੇਗੀ। ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ-ਦੀਦਾਰੇ ਅਤੇ ਲੰਗਰ ਦੀ ਸੇਵਾ ਕਰਨ ਲਈ ਸ੍ਰੀ ਅਨੰਦਪੁਰ ਸਾਹਿਬ (ਰੋਪੜ) ਤੋਂ ਸ਼ੁਰੂ ਕਰਕੇ ਸਾਰੇ ਪੰਜਾਬ ਵਿੱਚ ਹਲਕਾ ਪੱਧਰ 'ਤੇ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਲਿਆਉਣ ਲਈ ੮ ਬੱਸਾਂ ਤੇ ੨ ਟਰੱਕਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ। ਇਸ ਦੀ ਦੇਖ-ਰੇਖ ਸ਼੍ਰੋਮਣੀ ਕਮੇਟੀ ਦੇ ਮੈਂਬਰ ਸਾਹਿਬਾਨ ਹਲਕਾ ਪੱਧਰ ਤੇ ਕਰਨਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕੀਤੀਆਂ ਜਾਂਦੀਆਂ ਗਤੀਵਿਧੀਆਂ ਦੀ ਇਕ ਸਕ੍ਰਿਪਟ ਤਿਆਰ ਕੀਤੀ ਜਾਵੇਗੀ ਜਿਸ ਦਾ ਪ੍ਰਸਾਰਣ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਤੋਂ ਗੁਰਬਾਣੀ ਦੇ ਪ੍ਰਸਾਰਣ ਤੋਂ ਤੁਰੰਤ ਬਾਅਦ ਦਿਖਾਇਆ ਜਾਵੇਗਾ। ਉਨ੍ਹਾਂ ਕਿਹਾ ਕਿ 'ਗਾਵਹੁ ਸਚੀ ਬਾਣੀ' ਦੇ ਸਿਰਲੇਖ ਹੇਠ ਸ਼੍ਰੋਮਣੀ ਕਮੇਟੀ ਵੱਲੋਂ ੧੬ ਤੋਂ ੨੧ ਸਾਲ ਦੇ ਘੱਟ ਉਮਰ, ਸਾਬਤ-ਸੂਰਤ ਅਤੇ ਅੰਮ੍ਰਿਤਧਾਰੀ ਬੱਚਿਆਂ ਦੇ ਕੀਰਤਨ ਗਾਇਨ ਮੁਕਾਬਲੇ ਕਰਵਾਏ ਜਾਣਗੇ ਜਿਸ ਦਾ ਪ੍ਰਸਾਰਣ ਟੀ ਵੀ ਚੈਨਲ ਤੋਂ ਹੋਵੇਗਾ ਅਤੇ ਜੇਤੂ ਬੱਚਿਆਂ ਨੂੰ ਵੱਡੇ ਪੱਧਰ 'ਤੇ ਇਨਾਮ ਵੀ ਦਿੱਤੇ ਜਾਣਗੇ।

ਇਕੱਤਰਤਾ 'ਚ ਲਏ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਜਥੇਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਭੋਂਥਰ ਤੋਂ ਮਨੀਕਰਨ ਸਾਹਿਬ ਰੋਡ 'ਤੇ ਬੱਸ ਦਰਿਆ ਵਿੱਚ ਡਿੱਗਣ ਕਾਰਨ ਮਾਰੇ ਗਏ ੪੩ ਮ੍ਰਿਤਕਾਂ ਨੂੰ ੫੦-੫੦ ਹਜ਼ਾਰ ਰੁਪਏ ਤੇ ਜ਼ਖਮੀਆਂ ਨੂੰ ੧੦-੧੦ ਹਜ਼ਾਰ ਰੁਪਏ ਸਹਾਇਤਾ ਵਜੋਂ ਦੇਣ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਭਾਈ ਗੁਰਚਰਨ ਸਿੰਘ ਢਾਡੀ ਨੂੰ ਬਿਮਾਰ ਹੋਣ ਕਾਰਨ ੫੦ ਹਜ਼ਾਰ ਰੁਪਏ ਸਹਾਇਤਾ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ, ਗੋਇੰਦਵਾਲ ਸਾਹਿਬ (ਤਰਨ ਤਾਰਨ) ਦੀ ਸਰਾਂ ਦੇ ਕਮਰਿਆਂ ਵਾਸਤੇ ੧੦ ਨਗ ਗੀਜ਼ਰ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਨਿਵਾਸ ਦੇ ਨਵੇਂ ਤਿਆਰ ਹੋਏ ੪੦ ਕਮਰਿਆਂ ਲਈ ੧੦੦ ਨਗ ਕੰਬਲ ਤੇ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸਾਰਾਗੜ੍ਹੀ ਵਿਖੇ ਬਣ ਰਹੀ ਸਰਾਂ ਲਈ ੧੦੦੦ ਕੇ.ਵੀ.ਏ ਟਰਾਂਸਫਾਰਮਰ ਨੂੰ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸ੍ਰੀ ਕੌਲਸਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਸਰੋਵਰ ਦੀ ਕਾਰ-ਸੇਵਾ ਕਰਾਉਣ ਦਾ ਫੈਂਸਲਾ ਵੀ ਕੀਤਾ ਗਿਆ ਹੈ।

ਇਕੱਤਰਤਾ ਵਿੱਚ ਸ. ਰਘੂਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ. ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਅੰਤ੍ਰਿੰਗ ਮੈਂਬਰਾਨ ਸ. ਨਿਰਮੈਲ ਸਿੰਘ ਜੌਲਾਂ ਕਲਾਂ, ਸ. ਦਿਆਲ ਸਿੰਘ ਕੋਲਿਆਂਵਾਲੀ, ਸ. ਰਜਿੰਦਰ

ਸਿੰਘ ਮਹਿਤਾ, ਸ. ਗੁਰਬਚਨ ਸਿੰਘ ਕਰਮੂੰਵਾਲ, ਸ. ਕਰਨੈਲ ਸਿੰਘ ਪੰਜੋਲੀ, ਸ. ਰਾਮਪਾਲ ਸਿੰਘ ਬਹਿਣੀਵਾਲ ਤੇ ਸ. ਭਜਨ ਸਿੰਘ ਸ਼ੇਰਗਿੱਲ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ, ਸ. ਮਨਜੀਤ ਸਿੰਘ ਤੇ ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ. ਮਹਿੰਦਰ ਸਿੰਘ ਆਹਲੀ, ਸ. ਬਿਜੈ ਸਿੰਘ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਕੇਵਲ ਸਿੰਘ ਵਧੀਕ ਸਕੱਤਰ, ਸ. ਸਤਿੰਦਰ ਸਿੰਘ ਨਿਜੀ ਸਹਾਇਕ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਰਣਜੀਤ ਸਿੰਘ ਖਾਲਸਾ ਮੀਡੀਆਂ ਸਲਾਹਕਾਰ, ਸ. ਕਰਮਬੀਰ ਸਿੰਘ, ਸ. ਗੁਰਦਿਆਲ ਸਿੰਘ ਤੇ ਸ. ਸੁਖਬੀਰ ਸਿੰਘ ਇੰਚਾਰਜ, ਸ. ਅਰਵਿੰਦਰ ਸਿੰਘ ਸਾਸਨ ਏ.ਪੀ.ਆਰ.ਓ., ਸ. ਸੁਖਵਿੰਦਰ ਸਿੰਘ ਗਰੇਵਾਲ ਨਿਜੀ ਸਹਾਇਕ, ਸ. ਹਰਜਿੰਦਰ ਸਿੰਘ ਅਤੇ ਸ. ਸੁਖਦੀਪ ਸਿੰਘ ਸੁਪਰਵਾਈਜ਼ਰ ਆਦਿ ਮੌਜੂਦ ਸਨ।

*੨੧ ਦਸੰਬਰ*

## ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਵੱਲੋਂ ਵਿੱਦਿਅਕ ਅਦਾਰਿਆਂ ਦੇ ਪ੍ਰਿੰਸੀਪਲਾਂ ਨਾਲ ਮੀਟਿੰਗ

ਅੰਮ੍ਰਿਤਸਰ- ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਸ਼੍ਰੋਮਣੀ ਕਮੇਟੀ ਦੇ ਵਿੱਦਿਅਕ ਅਦਾਰਿਆਂ ਦੇ ਪ੍ਰਿੰਸੀਪਲਾਂ ਨਾਲ ਪ੍ਰਬੰਧਾਂ ਸਬੰਧੀ ਦਫ਼ਤਰ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਕੀ ਬਲਾਕ ਵਿੱਚ ਮੀਟਿੰਗ ਕੀਤੀ।

ਇਥੋਂ ਜਾਰੀ ਪ੍ਰੈੱਸ ਨੋਟ 'ਚ ਜਾਣਕਾਰੀ ਦਿੰਦਿਆ ਸ. ਹਰਚਰਨ ਸਿੰਘ ਨੇ ਦੱਸਿਆ ਕਿ ਸਮੂਹ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਚਲਾਏ ਜਾ ਰਹੇ ਸਕੂਲਾਂ ਵਿੱਚ ਵਿਦਿਆ ਪ੍ਰਾਪਤ ਕਰ ਰਹੇ ਬੱਚਿਆਂ ਨੂੰ ਮੈਰਿਟ ਵਿੱਚ ਲਿਆਉਣ ਲਈ ਠੋਸ ਉਪਰਾਲੇ ਕੀਤੇ ਜਾਣ ਭਾਵੇਂ ਉਹ ਸੀ.ਬੀ.ਐੱਸ.ਈ ਜਾਂ ਪੰਜਾਬ ਸਕੂਲ ਸਿੱਖਿਆ ਬੋਰਡ ਹੋਵੇ।ਉਨ੍ਹਾਂ ਸਿੱਖੀ ਤੋਂ ਦੂਰ ਹੋ ਰਹੇ ਬੱਚਿਆਂ ਵੱਲ ਵੀ ਪ੍ਰਿੰਸੀਪਲਾਂ ਦਾ ਧਿਆਨ ਦਿਵਾਉਂਦਿਆ ਕਿਹਾ ਕਿ ਉਹ ਪੜ੍ਹਾਈ ਨਾਲ ਸਬੰਧਤ ਵਿਸ਼ਿਆਂ ਤੋਂ ਇਲਾਵਾ ਬੱਚਿਆਂ ਨੂੰ ਆਪਣੇ ਵਿਲੱਖਣ ਇਤਿਹਾਸ ਨਾਲ ਵੀ ਜੋੜਣ ।

ਇਸ ਮੌਕੇ ਸ. ਮਨਜੀਤ ਸਿੰਘ ਸਕੱਤਰ ਨੇ ਸਮੂਹ ਪ੍ਰਿੰਸੀਪਲਾਂ ਨੂੰ ਕਿਹਾ ਕਿ ਉਹ ਵਿੱਦਿਆ ਦੇ ਮਿਆਰ ਵਿੱਚ ਵੱਡੇ ਪੱਧਰ 'ਤੇ ਸੁਧਾਰ ਲਿਆਉਣ ਅਤੇ ਪ੍ਰਬੰਧ ਵਿੱਚ ਹੋਰ ਅਨੁਸ਼ਾਸਨਿਕ ਹੋਣ।ਉਨ੍ਹਾਂ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਇਹ ਵੀ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਪੇਸ਼ ਆਉਂਦੀ ਹੈ ਤਾਂ ਦਫ਼ਤਰ ਸ਼੍ਰੋਮਣੀ ਕਮੇਟੀ ਨੂੰ ਉਸ ਦੀ ਸੂਚਨਾ ਦੇਣ।ਉਨ੍ਹਾਂ ਇਹ ਵੀ ਦੱਸਿਆ ਕਿ ਸਕੂਲਾਂ ਨੂੰ ਡਿਪਟੀ ਡਾਇਰੈਕਟਰ ਵੇਖਣਗੇ ਤੇ ਇਨ੍ਹਾਂ ਦੇ ਪ੍ਰਬੰਧਕੀ ਢਾਂਚੇ ਨੂੰ ਹੋਰ ਦਰੁਸਤ ਕਰਨ ਲਈ ਸਾਡੇ ਵੱਲੋਂ ਯੋਗਦਾਨ ਪਾਇਆ ਜਾਵੇਗਾ। ਇਸ ਸਮੇਂ ਸ. ਬਲਵਿੰਦਰ ਸਿੰਘ ਜੌੜਾਸਿੰਘਾ ਨੇ ਵੀ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲਾਂ ਨਾਲ ਗੱਲਬਾਤ ਕੀਤੀ।ਸਮੂਹ ਪ੍ਰਿੰਸੀਪਲਾਂ ਵੱਲੋਂ ਇਕੱਤਰਤਾ ਵਿੱਚ ਦਿੱਤੀਆਂ ਗਈਆਂ ਹਦਾਇਤਾਂ ਨੂੰ ਅਮਲੀ ਰੂਪ ਵਿੱਚ ਲਿਆਉਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਸ. ਬਲਵਿੰਦਰ ਸਿੰਘ ਮੀਤ ਸਕੱਤਰ, ਬੀਬੀ ਹਰਜੀਤ ਕੌਰ ਡਿਪਟੀ ਡਾਇਰੈਕਟਰ, ਸ. ਸੁਖਬੀਰ ਸਿੰਘ ਤੇ ਸ. ਮਨਿੰਦਰ ਮੋਹਨ ਸਿੰਘ ਇੰਚਾਰਜ ਟਰੱਸਟ ਆਦਿ ਮੌਜੂਦ ਸਨ।

*੨ ਦਸੰਬਰ*

## ਜਥੇ. ਅਵਤਾਰ ਸਿੰਘ ਨੇ ਬਹਿਰਾਮ ਨੇੜੇ ਗੁ. ਸਾਹਿਬ ਵਿਖੇ ਸ਼ਰਾਰਤੀ ਅਨਸਰਾਂ ਵੱਲੋਂ ਅੱਗ ਲਗਾਏ ਜਾਣ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਹਿਰਾਮ ਨੇੜੇ ਪਿੰਡ ਤਲਵੰਡੀ ਜੱਟਾਂ ਦੇ ਗੁਰਦੁਆਰਾ ਸ਼ਹੀਦ ਬੀਬੀ ਰੂਪ ਕੌਰ ਵਿਖੇ ਸ਼ਰਾਰਤੀ ਅਨਸਰਾਂ ਵੱਲੋਂ ਲਗਾਈ ਗਈ ਅੱਗ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕੀਤਾ ਹੈ।ਉਨ੍ਹਾਂ ਕਿਹਾ ਕਿ ਕਿਸੇ ਸ਼ਰਾਰਤੀ ਅਨਸਰ ਨੇ ਗੁਰਦੁਆਰਾ ਸਾਹਿਬ ਦੇ

ਸੇਵਾਦਾਰਾਂ ਦੀ ਗੈਰ ਮੌਜੂਦਗੀ ਵਿੱਚ ਚੰਦੋਆ ਸਾਹਿਬ ਤੇ ਪਾਲਕੀ ਸਾਹਿਬ ਨੂੰ ਅੱਗ ਲਗਾ ਦਿੱਤੀ, ਜਿਸ ਨਾਲ ਚੰਦੋਆ ਸਾਹਿਬ ਤੇ ਪਾਲਕੀ ਸਾਹਿਬ ਸੜ੍ਹ ਕੇ ਸੁਆਹ ਹੋ ਗਏ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਾਰ-ਬਾਰ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਕਦੇ ਵੀ ਗੁਰਦੁਆਰਾ ਸਾਹਿਬ ਨੂੰ ਇਕੱਲਾ ਨਾ ਛੱਡਣ। ਹਰ ਗੁਰਦੁਆਰਾ ਸਾਹਿਬ ਵਿੱਚ ਘੱਟੋ ਘੱਟ ਇਕ ਗ੍ਰੰਥੀ ਸਿੰਘ ਤੇ ਇਕ ਸੇਵਾਦਾਰ ਜ਼ਰੂਰ ਹੋਣੇ ਚਾਹੀਦੇ ਹਨ ਤਾਂ ਜੋ ਬਾਹਰ ਜਾਣ ਸਮੇਂ ਇਕ ਵਿਅਕਤੀ ਗੁਰਦੁਆਰਾ ਸਾਹਿਬ ਦਾ ਠੀਕ ਤਰ੍ਹਾਂ ਨਾਲ ਧਿਆਨ ਰੱਖ ਸਕੇ। ਉਨ੍ਹਾਂ ਪ੍ਰਸ਼ਾਸਨ ਨੂੰ ਅਪੀਲ ਕਰਦਿਆਂ ਕਿਹਾ ਕਿ ਜਲਦ ਤੋਂ ਜਲਦ ਦੋਸ਼ੀਆਂ ਦੀ ਭਾਲ ਕਰਕੇ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾ ਦਿੱਤੀ ਜਾਵੇ ਤਾਂ ਜੋ ਅੱਗੇ ਤੋਂ ਐਸੀਆਂ ਘਟਨਾਵਾਂ ਨੂੰ ਵਾਪਰਨ ਤੋਂ ਰੋਕਿਆ ਜਾ ਸਕੇ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਕਈ ਵਾਰ ਅਜਿਹੀਆਂ ਘਟਨਾਵਾਂ ਹਲਕੀ ਵਾਇਰਿੰਗ ਕਰਕੇ ਬਿਜਲੀ ਦਾ ਸਰਕਟ ਸ਼ਾਰਟ ਹੋਣ ਨਾਲ ਅੱਗ ਲੱਗਣ ਕਾਰਨ ਹੋ ਜਾਂਦੀਆਂ ਹਨ ਜੋ ਬਹੁਤ ਹੀ ਦੁੱਖਦਾਈ ਤੇ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਕਿਹਾ ਕਿ ਮਰਯਾਦਾ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੇਵਾ-ਸੰਭਾਲ ਤੇ ਅਦਬ-ਸਤਿਕਾਰ ਬਹਾਲ ਰੱਖਣ ਲਈ ਸਮੁੱਚੇ ਸਿੱਖ ਭਾਈਚਾਰੇ ਨੂੰ ਸੁਚੇਤ ਹੋਣਾ ਚਾਹੀਦਾ ਹੈ। ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨਾ ਵਾਪਰਨ ਇਸ ਲਈ ਗੁਰਦੁਆਰਾ ਸਾਹਿਬ ਦੇ ਅੰਦਰ ਅਤੇ ਸੁਖ-ਆਸਨ ਅਸਥਾਨਾਂ ਵਿੱਚ ਲਾਈਟਾਂ, ਪੱਖੇ, ਬਿਜਲੀ ਉਪਕਰਣਾਂ ਆਦਿ ਦੀ ਵਰਤੋਂ ਉਦੋਂ ਤੱਕ ਹੀ ਕੀਤੀ ਜਾਵੇ, ਜਦੋਂ ਤੱਕ ਕੋਈ ਨਿਗਰਾਨ ਹਾਜ਼ਰ ਹੋਵੇ। *੧੧ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੜਾਹ ਪ੍ਰਸ਼ਾਦਿ ਦੇ ਨਵੇਂ ਕਾਊਂਟਰਾਂ ਦਾ ਉਦਘਾਟਨ ਕੀਤਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਰਦਾਸ ਉਪਰੰਤ ਅਧਿਆਤਮਿਕਤਾ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਕੜਾਹ ਪ੍ਰਸ਼ਾਦਿ ਦੇ ਕਾਊਂਟਰਾਂ ਦਾ ਉਦਘਾਟਨ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸੰਗਤਾਂ ਦੀ ਵਧ ਰਹੀ ਆਮਦ ਅਤੇ ਸੁੱਖ ਸਹੂਲਤਾਂ ਨੂੰ ਮੁੱਖ ਰੱਖਦੇ ਹੋਏ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ੩ ਨਵੇਂ ਕੜਾਹ ਪ੍ਰਸ਼ਾਦਿ ਦੇ ਕਾਊਂਟਰ ਹੋਰ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਕੁੱਲ ੭ ਕਾਊਂਟਰ ਹੋਰ ਲੱਗਣੇ ਸਨ ਜਿਨ੍ਹਾਂ ਵਿਚੋਂ ੩ ਦਾ ਅੱਜ ਉਦਘਾਟਨ ਕੀਤਾ ਜਾ ਚੁੱਕਾ ਹੈ ਤੇ ੪ ਕਾਊਂਟਰ ਹੋਰ ਨਵੇਂ ਤਿਆਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਵਾਰ ਨਵਾਂ ਸਾਫ਼ਟ ਵੇਅਰ ਤਿਆਰ ਕਰਕੇ ਸਾਰੇ ਕੰਪਿਊਟਰਾਂ ਵਿੱਚ ਪਾਇਆ ਗਿਆ ਹੈ ਜਿਸ ਨਾਲ ਵੱਟਕ ਦਾ ਹਿਸਾਬ-ਕਿਤਾਬ ਸੌਖਾ ਹੋਵੇਗਾ। ਉਨ੍ਹਾਂ ਦੱਸਿਆਂ ਕਿ ਇਸ ਨਵੇਂ ਸਿਸਟਮ ਨਾਲ ਕਿੰਨੇ ਦੀ ਪਰਚੀ ਕੱਟੀ ਗਈ, ਕਿਸ ਵਿਅਕਤੀ ਨੇ ਕੱਟੀ, ਕਿੰਨੇ ਸਮੇਂ 'ਤੇ ਕੱਟੀ, ਕਿੰਨੀ ਤਾਰੀਖ ਨੂੰ ਕੱਟੀ ਤੇ ਬਾਰ ਕੋਡ ਦਾ ਸਕਿਉਰਿਟੀ ਫੀਚਰ ਵੀ ਪ੍ਰਿੰਟ ਹੋਵੇਗਾ।

ਇਸ ਮੌਕੇ ਸ. ਸਤਿੰਦਰ ਸਿੰਘ ਨਿੱਜੀ ਸਹਾਇਕ, ਸ. ਸੁਲੱਖਣ ਸਿੰਘ ਮੈਨੇਜਰ, ਸ. ਜਤਿੰਦਰ ਸਿੰਘ, ਸ. ਲਖਬੀਰ ਸਿੰਘ ਤੇ ਸ. ਬਘੇਲ ਸਿੰਘ ਵਧੀਕ ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਗੁਰਿੰਦਰ ਸਿੰਘ ਨਿੱਜੀ ਸਹਾਇਕ, ਸ. ਜਸਪਾਲ ਸਿੰਘ ਇੰਚਾਰਜ ਇੰਟਰਨੈੱਟ, ਸ. ਨਰਪਾਲ ਸਿੰਘ, ਸ. ਹਰਚਰਨ ਸਿੰਘ ਹਾਰਡ ਵੇਅਰ ਇੰਜੀਨੀਅਰ, ਸ. ਜਸਵਿੰਦਰ ਸਿੰਘ ਤੇ ਮਲਕੀਤ ਸਿੰਘ ਤੇ ਸ. ਕਸ਼ਮੀਰ ਸਿੰਘ ਇੰਚਾਰਜ, ਸ. ਪਰਮਜੀਤ ਸਿੰਘ ਸੁਪਰਵਾਈਜ਼ਰ, ਸ. ਕੁਲਦੀਪ ਸਿੰਘ ਤੇ ਸ. ਗੁਰਵੇਲ ਸਿੰਘ ਨਿਗਰਾਨ ਆਦਿ ਹਾਜ਼ਰ ਸਨ।

*੧੪ ਦਸੰਬਰ*

# ਜਥੇ. ਅਵਤਾਰ ਸਿੰਘ ਵੱਲੋਂ ਅਮਰੀਕੀ ਫੌਜ ਵੱਲੋਂ ਸਿੱਖ ਨੌਜਵਾਨ ਨੂੰ ਦਸਤਾਰ ਸਜਾਉਣ ਤੇ ਦਾੜ੍ਹੀ ਰੱਖਣ ਦੀ ਇਜਾਜਤ ਦੇਣ ਦੀ ਸ਼ਲਾਘਾ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕੀ ਫੌਜ ਵੱਲੋਂ ਲੜਾਕੂ ਦਸਤੇ ਦੇ ਸਿੱਖ ਨੌਜਵਾਨ ਸਿਮਰਤਪਾਲ ਸਿੰਘ ਨੂੰ ਦਸਤਾਰ ਸਜਾਉਣ ਤੇ ਦਾੜ੍ਹੀ ਰੱਖਣ ਦੀ ਇਜਾਜਤ ਦੇਣ 'ਤੇ ਅਮਰੀਕਾ ਫੌਜ ਦੀ ਸ਼ਲਾਘਾ ਕੀਤੀ ਹੈ।

ਉਨ੍ਹਾਂ ਕਿਹਾ ਕਿ ਦਾੜ੍ਹੀ ਅਤੇ ਕੇਸ ਸਾਬਤ ਸੂਰਤ ਸਿੱਖ ਦੀ ਪਹਿਚਾਣ ਹਨ ਤੇ ਦਸਤਾਰ ਸਿੱਖ ਦਾ ਮਾਣ-ਸਨਮਾਨ ਅਤੇ ਸ਼ਾਨ ਹੈ। ਉਨ੍ਹਾਂ ਕਿਹਾ ਦਹਾਕਿਆਂ ਮਗਰੋਂ ਇਹ ਪਹਿਲਾ ਮਾਮਲਾ ਹੈ ਕਿ ਜਦੋਂ ਫੌਜ ਦੇ ਲੜਾਕੂ ਦਸਤੇ 'ਚ ਤਾਇਨਾਤ ਕਿਸੇ ਨੌਜਵਾਨ ਨੂੰ ਧਾਰਮਿਕ ਅਧਾਰ 'ਤੇ ਦਾੜ੍ਹੀ ਰੱਖਣ ਦੀ ਇਜਾਜਤ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਦੇਸ਼-ਵਿਦੇਸ਼ ਵਿੱਚ ਵਸਦੇ ਸਿੱਖਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਿੱਖਾਂ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਅਤੇ ਇਸ ਨਾਲ ਸਿੱਖਾਂ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ। ਉਨ੍ਹਾਂ ਇਸ ਲਈ ਅਮਰੀਕਾ ਦੀ ਸਰਕਾਰ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਿੱਖਾਂ ਦੀ ਪਹਿਚਾਣ ਬਾਰੇ ਅਜਿਹੇ ਕਦਮ ਸ਼ਲਾਘਾਯੋਗ ਹਨ।

*੧੫ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਸਿੱਖਾਂ ਨੂੰ ਫੁੱਟਬਾਲ ਮੈਚ ਵੇਖਣ ਤੋਂ ਰੋਕਣ ਦੀ ਨਿਖੇਧੀ ਕੀਤੀ

## ਧਾਰਮਿਕ ਸਭਾ-ਸੁਸਾਇਟੀਆਂ ਸਿੱਖ ਪਛਾਣ ਬਾਰੇ ਜਾਗਰੂਕਤਾ ਫੈਲਾਉਣ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕੈਲੀਫੋਰਨੀਆ ਦੇ ਸਾਨ ਡਿਆਗੋ ਸ਼ਹਿਰ ਵਿੱਚ ਫੁੱਟਬਾਲ ਮੈਚ ਦੇਖਣ ਜਾ ਰਹੇ ਸਿੱਖਾਂ ਨੂੰ ਸੁਰੱਖਿਆ ਅਮਲੇ ਵੱਲੋਂ ਦਸਤਾਰਾਂ ਸਜਾਈਆ ਹੋਣ ਕਾਰਨ ਸਟੇਡੀਅਮ ਵਿੱਚ ਜਾਣ ਤੋਂ ਰੋਕਣ ਦੀ ਸਖ਼ਤ ਸਬਦਾਂ 'ਚ ਨਿਖੇਧੀ ਕੀਤੀ ਹੈ।

ਇਥੋਂ ਜਾਰੀ ਪ੍ਰੈੱਸ ਨੋਟ 'ਚ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਸਿੱਖਾਂ ਨੂੰ ਅੰਮ੍ਰਿਤ ਦੀ ਦਾਤ ਬਖਸ਼ ਕੇ ਖਾਲਸਾ ਪੰਥ ਦੀ ਸਥਾਪਨਾ ਕੀਤੀ ਸੀ। ਉਨ੍ਹਾਂ ਆਪਣੇ ਅੰਮ੍ਰਿਤਧਾਰੀ ਸਿੱਖਾਂ ਨੂੰ ਰਹਿਤ ਵਜੋਂ ਪੰਜ ਕਕਾਰ ਕਛਹਿਰਾ, ਕੰਘਾ, ਕੜ੍ਹਾ, ਕ੍ਰਿਪਾਨ ਤੇ ਕੇਸਾਂ ਦੇ ਧਾਰਨੀ ਹੋਣ ਲਈ ਕਿਹਾ। ਉਨ੍ਹਾਂ ਕਿਹਾ ਕਿ ਦਸਤਾਰ ਸਿੱਖਾਂ ਦੀ ਸਹੀ ਪਹਿਚਾਣ ਅਤੇ ਮਾਣ ਹੈ। ਉਨ੍ਹਾਂ ਕਿਹਾ ਕਿ ਕੇਸਾਂ ਦੀ ਸੰਭਾਲ ਲਈ ਸਿਰ ਤੇ ਦਸਤਾਰ ਸਜਾਉਣੀ ਬਹੁਤ ਜ਼ਰੂਰੀ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਸਿੱਖ ਅਮਨਪਸੰਦ ਕੌਮ ਹੈ ਤੇ ਇਸ ਦੇ ਧਾਰਮਿਕ ਚਿੰਨ੍ਹਾਂ ਨੂੰ ਅਸ਼ਾਂਤੀ ਤੇ ਅਸੁਰੱਖਿਆ ਨਾਲ ਜੋੜ ਕੇ ਨਹੀਂ ਵੇਖਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ 'ਤੇ ਅਮਰੀਕਾ ਵਿੱਚ ਸਿੱਖਾਂ ਦੀ ਦਸਤਾਰ ਕਰਕੇ ਉਨ੍ਹਾਂ ਦੀ ਤੁਲਨਾ ਮੁਸਲਮਾਨਾਂ ਨਾਲ ਕਰਨ ਦੀਆਂ ਘਟਨਾਵਾਂ ਵਿੱਚ ਰੋਜ਼ਾਨਾ ਵਾਧਾ ਹੋਣਾ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਅਮਰੀਕਾ ਦੀ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਉਥੋਂ ਦੇ ਰਹਿਣ ਵਾਲੇ ਵਸਨੀਕਾਂ ਵਿੱਚ ਸਿੱਖਾਂ ਦੀ ਵੱਖਰੀ ਪਹਿਚਾਣ ਪ੍ਰਤੀ ਵੱਧ ਤੋਂ ਵੱਧ ਜਾਗਰੂਕਤਾ ਲਿਆਉਣ ਤਾਂ ਕਿ ਆਪਸੀ ਭਾਈਚਾਰਕ ਸਾਂਝ ਵਿੱਚ ਕਿਸੇ ਕਿਸਮ ਦੀ ਫਿਰਕੂ ਭਾਵਨਾ ਭਾਰੂ ਨਾ ਹੋ ਸਕੇ। ਉਨ੍ਹਾਂ ਅਮਰੀਕਾ 'ਚ ਸਿੱਖਾਂ ਵੱਲੋਂ ਸਥਾਪਿਤ ਕੀਤੀਆਂ ਧਾਰਮਿਕ ਤੇ ਸੋਸ਼ਲ ਸੁਸਾਇਟੀਆਂ ਨੂੰ ਵੀ ਕਿਹਾ ਕਿ ਉਹ ਪ੍ਰਚਾਰ ਤੇ ਪ੍ਰਸਾਰ ਦੇ ਮਾਧਿਅਮ ਰਾਹੀਂ ਅਮਰੀਕਾ ਦੇ ਬਾਸ਼ਿੰਦਿਆਂ ਨੂੰ ਆਪਣੀ ਵੱਖਰੀ ਪਹਿਚਾਣ ਬਾਰੇ ਜਾਗਰੂਕ ਕਰਨ।

*੧੫ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਅਮਰੀਕਾ 'ਚ ਭਾਰਤੀ ਨੂੰ ਅੱਤਵਾਦੀ ਕਹਿ ਕੇ ਗੋਲੀ ਮਾਰਨ ਦਾ ਸਖ਼ਤ ਸ਼ਬਦਾਂ ਵਿੱਚ ਵਿਰੋਧ ਕੀਤਾ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਬੁਲਾਰੇ ਤੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਇਕ ਬਿਆਨ ਵਿੱਚ ਕਿਹਾ ਕਿ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੇ ਨਿਊਯਾਰਕ ਵਿੱਚ ਸਥਿਤ ਇਕ ਸਟੋਰ 'ਚ ਕੰਮ ਕਰਦੇ ਭਾਰਤੀ ਮੂਲ ਦੇ ਕਰਮਚਾਰੀ 'ਤੇ ਅਣਪਛਾਤੇ ਵਿਅਕਤੀ ਵੱਲੋਂ ਅੱਤਵਾਦੀ ਕਹਿ ਕੇ ਗੋਲੀ ਚਲਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ੯/੧੧ ਦੇ ਹਮਲੇ ਦੇ ਬਾਅਦ ਵਿਦੇਸ਼ਾਂ ਵਿੱਚ ਇਸ ਤਰ੍ਹਾਂ ਦੇ ਨਸਲੀ ਹਮਲੇ ਬਾਰ-ਬਾਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਨਿਊਯਾਰਕ ਵਿੱਚ ਇਕ ਅਮਰੀਕੀ ਸਿੱਖ ਨੂੰ ਕਾਰ ਚਾਲਕ ਨਬਾਲਗ ਵੱਲੋਂ ਅੱਤਵਾਦੀ ਕਹਿ ਕੇ ਕੁੱਟਮਾਰ ਕੀਤੀ ਗਈ ਸੀ।

ਉਨ੍ਹਾਂ ਕਿਹਾ ਕਿ ਕਦੇ ਕਿਸੇ ਸਿੱਖ ਨੂੰ ਅੱਤਵਾਦੀ ਕਹਿ ਕੇ ਜਨਤਕ ਥਾਵਾਂ ਵਿੱਚ ਜਾਣ ਤੋਂ ਰੋਕ ਦਿੱਤਾ ਜਾਂਦਾ ਹੈ, ਕਦੇ ਸਟੇਡੀਅਮ ਤੇ ਕਦੇ ਸਿਨੇਮਾ, ਸਕੂਲ, ਕਾਲਜ ਆਦਿ ਜਗ੍ਹਾਂ 'ਤੇ ਜਾਣ ਤੋਂ ਰੋਕ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਹੁਣ ਵੇਲਾ ਆ ਗਿਆ ਹੈ ਕਿ ਉਥੋਂ ਦੇ ਸਿੱਖ ਬਾਸ਼ਿੰਦਿਆਂ ਨੂੰ ਆਪਣੀ ਪਹਿਚਾਣ ਖੁਦ ਕਰਵਾਉਣੀ ਹੋਵੇਗੀ ਕਿ ਸਿੱਖ ਕੌਮ ਅੱਤਵਾਦੀ ਨਹੀਂ ਬਲਕਿ ਸਰਬੱਤ ਦਾ ਭਲਾ ਚਾਹੁਣ ਵਾਲੀ ਤੇ ਭਾਈਚਾਰਕ ਸਾਂਝ ਰੱਖਣ ਵਾਲੀ ਬਹਾਦਰ ਕੌਮ ਹੈ। ਉਨ੍ਹਾਂ ਵਿਦੇਸ਼ਾਂ ਵਿੱਚ ਸਥਿਤ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਤੇ ਸਮਾਜਿਕ ਸੰਸਥਾਵਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸੋਸ਼ਲ ਮੀਡੀਏ ਤੇ ਪ੍ਰਿੰਟ ਮੀਡੀਏ ਤੇ ਹੋਰ ਸਾਧਨਾਂ ਰਾਹੀਂ ਅਜਿਹਾ ਤਰੀਕਾ ਅਪਨਾਉਣ ਜੋ ਉਥੋਂ ਦੇ ਬਾਸ਼ਿੰਦਿਆਂ ਨੂੰ ਸਿੱਖ ਪਹਿਚਾਣ ਦੀ ਸਮਝ ਆ ਸਕੇ। ਉਨ੍ਹਾਂ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀ ਮਤੀ ਸੁਸ਼ਮਾ ਸਵਰਾਜ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਅਮਰੀਕਾ ਦੀ ਸਰਕਾਰ ਨੂੰ ਜ਼ੋਰ ਦੇ ਕੇ ਇਸ ਮੰਦਭਾਗੀ ਘਟਨਾ ਨੂੰ ਅੰਜ਼ਾਮ ਦੇਣ ਵਾਲੇ ਵਿਅਕਤੀਆਂ ਖਿਲਾਫ਼ ਕਾਰਵਾਈ ਕਰਨ ਲਈ ਕਹਿਣ। ਉਨ੍ਹਾਂ ਅਮਰੀਕਾ ਸਰਕਾਰ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਐਸੇ ਵਿਅਕਤੀ ਜੋ ਨਸਲੀ ਘਟਨਾਵਾਂ ਨੂੰ ਅੰਜ਼ਾਮ ਦੇ ਕੇ ਹਿੰਸਕ ਤੇ ਫਿਰਕੂ ਨਫ਼ਰਤ ਫੈਲਾਉਣਾ ਚਾਹੁੰਦੇ ਹਨ ਉਨ੍ਹਾਂ ਨੂੰ ਕਾਨੂੰਨ ਅਨੁਸਾਰ ਸਖ਼ਤ ਸਜ਼ਾਵਾਂ ਦੇਵੇ ਤਾਂ ਜੋ ਅੱਗੇ ਤੋਂ ਕੋਈ ਅਜਿਹਾ ਕਰਨ ਦੀ ਜੁਰਅਤ ਨਾ ਕਰੇ।

*੧੨ ਦਸੰਬਰ*

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਸ਼ਹੀਦੀ ਪੁਰਬ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ

ਅੰਮ੍ਰਿਤਸਰ- ਨੌਵੇਂ ਗੁਰੂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਅਦੁੱਤੀ ਵਿਚਾਰਧਾਰਾ ਤੇ ਅਮਲੀ ਵਰਤਾਰੇ ਨੂੰ ਸਿਖਰ 'ਤੇ ਪਹੁੰਚਾਇਆ। ਆਪ ਨੇ ਤਿਲਕ ਜੰਞੂ ਦੀ ਰਾਖੀ ਖ਼ਾਤਰ ਦਿੱਲੀ ਦੇ ਚਾਂਦਨੀ ਚੌਂਕ ਵਿਖੇ ਸ਼ਹਾਦਤ ਦੇ ਕੇ ਸਿੱਖ ਇਤਿਹਾਸ ਤੇ ਸੱਭਿਆਚਾਰ, ਸਿਧਾਂਤ ਅਤੇ ਪਰੰਪਰਾ ਦੀ ਇਕ ਨਿਵੇਕਲੀ ਮਿਸਾਲ ਕਾਇਮ ਕੀਤੀ ਅਤੇ ਅਨਿਆਂ ਵਿਰੁੱਧ ਸੰਘਰਸ਼ ਦਾ ਐਲਾਨ ਕੀਤਾ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ-ਪੁਰਬ ਨੂੰ ਸਮਰਪਿਤ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਵਿਸ਼ਾਲ ਨਗਰ ਕੀਰਤਨ ਆਯੋਜਿਤ ਕੀਤਾ ਗਿਆ।

ਫੁੱਲਾਂ ਨਾਲ ਸਜੀ ਸੁਨਹਿਰੀ ਪਾਲਕੀ 'ਚ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਚੌਰ ਸਾਹਿਬ ਦੀ ਸੇਵਾ ਨਿਭਾਅ ਰਹੇ

ਸਨ। ਉਨ੍ਹਾਂ ਨਾਲ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੀ ਮੌਜੂਦ ਸਨ। ਨਗਰ ਕੀਰਤਨ ਵਿੱਚ ਸ਼ਹਿਰ ਦੀਆਂ ਸਭਾ-ਸੁਸਾਇਟੀਆਂ, ਨਿਹੰਗ ਸਿੰਘ ਜਥੇਬੰਦੀਆਂ, ਟਕਸਾਲਾਂ, ਗੱਤਕਾ ਪਾਰਟੀਆਂ, ਸਕੂਲੀ ਬੈਂਡ, ਵੱਖ-ਵੱਖ ਸਕੂਲਾਂ/ਕਾਲਜਾਂ ਦੇ ਬੱਚੇ, ਬੈਂਡ ਪਾਰਟੀਆਂ ਤੋਂ ਇਲਾਵਾ ਵੱਡੀ ਗਿਣਤੀ 'ਚ ਸਤਿਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਪੈਦਲ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ।

ਇਹ ਨਗਰ ਕੀਰਤਨ ਗੁਰੂ ਰਾਮਦਾਸ ਤੋਂ ਚੌਂਕ ਪ੍ਰਾਗਦਾਸ, ਚੌਂਕ ਬਾਬਾ ਸਾਹਿਬ, ਚੌਂਕ ਕਰੋੜੀ, ਬਾਬਾ ਦੀਪ ਸਿੰਘ ਕਲੋਨੀ, ਚੌਂਕ ਮੋਨੀ, ਹਵੇਲੀ ਅਬਲਵਾਈਆਂ, ਚੌਂਕ ਜੈ ਸਿੰਘ, ਬਜ਼ਾਰ ਲੁਹਾਰਾਂ, ਚੌਂਕ ਲਛਮਣਸਰ, ਕਣਕ ਮੰਡੀ, ਦਾਲ ਮੰਡੀ, ਚਾਵਲ ਮੰਡੀ, ਚੌਂਕ ਭਾਈ ਮਤੀਦਾਸ, ਚੌਂਕ ਛੱਤੀ ਖੂਹੀ, ਬਜ਼ਾਰ ਬਾਂਸਾਂ, ਬਜ਼ਾਰ ਪਾਪੜਾਂ, ਬਜ਼ਾਰ ਕਾਠੀਆਂ, ਦਰਸ਼ਨੀ ਡਿਉੜੀ ਤੋਂ ਗੁਰੂ ਬਜ਼ਾਰ ਹੁੰਦਾ ਹੋਇਆ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸੰਪੰਨ ਹੋਇਆ।

ਇਸ ਮੌਕੇ ਸ. ਬਿਕਰਮ ਸਿੰਘ ਕੋਟਲਾ ਮੈਂਬਰ ਸ਼੍ਰੋਮਣੀ ਕਮੇਟੀ, ਸ. ਦਿਲਜੀਤ ਸਿੰਘ ਬੇਦੀ, ਸ. ਬਲਵਿੰਦਰ ਸਿੰਘ ਜੌੜਾਸਿੰਘਾ ਤੇ ਸ. ਪ੍ਰਤਾਪ ਸਿੰਘ ਐਡੀ:ਸਕੱਤਰ, ਸ. ਜਸਵਿੰਦਰ ਸਿੰਘ ਦੀਨਪੁਰ ਤੇ ਸ. ਸਿਮਰਜੀਤ ਸਿੰਘ ਮੀਤ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਸੁਖਰਾਜ ਸਿੰਘ ਤੇ ਸ. ਬਘੇਲ ਸਿੰਘ ਵਧੀਕ ਮੈਨੇਜਰ, ਸ. ਹਰਜਿੰਦਰ ਸਿੰਘ ਤੇ ਸ. ਨਿਸ਼ਾਨ ਸਿੰਘ ਸੁਪ੍ਰਿੰਟੈਂਡੈਂਟ, ਸ. ਮਲਕੀਤ ਸਿੰਘ ਬਹਿੜਵਾਲ ਸ/ਸੁਪ੍ਰਿੰਟੈਂਡੈਂਟ, ਸ.ਇੰਦਰਮੋਹਣ ਸਿੰਘ 'ਅਨਜਾਣ' ਇੰਚਾਰਜ, ਸ. ਅਰਵਿੰਦਰ ਸਿੰਘ ਸਾਸਨ ਏ ਪੀ ਆਰ ਓ, ਸ. ਪਰਮਜੀਤ ਸਿੰਘ, ਸ. ਮਨਿੰਦਰ ਮੋਹਣ ਸਿੰਘ, ਸ. ਸੁਖਰਾਜ ਸਿੰਘ, ਸ. ਕਰਮਬੀਰ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ. ਕਰਮਜੀਤ ਸਿੰਘ ਤੇ ਸ. ਲਖਵਿੰਦਰ ਸਿੰਘ ਬੱਦੋਵਾਲ ਇੰਚਾਰਜ, ਸ਼੍ਰੋਮਣੀ ਕਮੇਟੀ, ਧਰਮ ਪ੍ਰਚਾਰ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸਮੁੱਚੇ ਸਟਾਫ ਤੋਂ ਇਲਾਵਾ ਵੱਡੀ ਗਿਣਤੀ 'ਚ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ।

*੧੫ ਦਸੰਬਰ*

# ਸ਼੍ਰੋਮਣੀ ਕਮੇਟੀ ਨੇ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਮਨਾਇਆ

## ਸ਼ਹੀਦ ਕੌਮ ਦਾ ਵੱਡਮੁੱਲਾ ਸਰਮਾਇਆ ਹੁੰਦੇ ਹਨ : ਗਿਆਨੀ ਜਗਤਾਰ ਸਿੰਘ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਪਿਛਲੇ ਪਾਸੇ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਅਸਥਾਨ 'ਤੇ ਸ਼ਹੀਦ ਬਾਬਾ ਗੁਰਬਖ਼ਸ ਸਿੰਘ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸ੍ਰੀ ਅਖੰਡਪਾਠ ਸਾਹਿਬ ਦੇ ਭੋਗ ਪਾਏ ਗਏ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਦੇ ਜਥੇ ਵੱਲੋਂ ਕੀਰਤਨ ਕੀਤਾ ਗਿਆ ਤੇ ਅਰਦਾਸ ਭਾਈ ਰਾਜਦੀਪ ਸਿੰਘ ਨੇ ਕੀਤੀ ਅਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਸਿੰਘ ਐਡੀ:ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ।

ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੀ ਸ਼ਹੀਦੀ ਬਾਰੇ ਵਿਸਥਾਰ ਨਾਲ ਸੰਗਤਾਂ ਨੂੰ ਜਾਣੂੰ ਕਰਵਾਉਂਦਿਆਂ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਐਡੀ: ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਕਿਹਾ ਕਿ ਸ਼ਹੀਦ ਕੌਮ ਦਾ ਵੱਡਮੁੱਲਾ ਸਰਮਾਇਆ ਹੁੰਦੇ ਹਨ। ਜਿਹੜੀ ਕੌਮ ਆਪਣੇ ਸ਼ਹੀਦਾਂ ਨੂੰ ਭੁੱਲ ਜਾਂਦੀ ਹੈ ਉਹ ਦੁਨੀਆਂ ਦੇ ਨਕਸ਼ੇ ਤੋਂ ਸਦਾ ਲਈ ਮਿਟ ਜਾਂਦੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਮੱਸਾ ਰੰਗੜ ਹੋਵੇ ਜਾਂ ਅਬਦਾਲੀ ਸਿੱਖਾਂ ਨੇ ਹਮੇਸ਼ਾ ਗੁਰੂ-ਘਰ ਦੀ ਰਾਖੀ ਲਈ ਵੱਧ ਚੜ੍ਹ ਕੇ ਕੁਰਬਾਨੀਆਂ ਦੇ ਕੇ ਆਪਣੇ ਗੁਰੂ-ਘਰਾਂ ਨੂੰ ਸੁਰੱਖਿਅਤ ਰੱਖਿਆ ਹੈ। ਉਨ੍ਹਾਂ ਕਿਹਾ ਕਿ ਬਾਬਾ ਗੁਰਬਖ਼ਸ ਸਿੰਘ ਐਸੇ ਪੁਰਖ ਸਨ ਜਿਨ੍ਹਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਉਪਰ ਹਮਲਾ ਕਰਨ ਵਾਲੀ ਅਹਿਮਦ ਸ਼ਾਹ ਅਬਦਾਲੀ ਦੀ ੩੦ ਹਜ਼ਾਰ ਫੌਜ ਦਾ ਆਪਣੇ ਤੀਹ ਸਿੰਘਾਂ ਸਮੇਤ ਡੱਟ ਕੇ ਮੁਕਾਬਲਾ ਕੀਤਾ ਤੇ ਸੱਚਖੰਡ

ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਨੂੰ ਕਾਇਮ ਰੱਖਦਿਆਂ ਸ਼ਹਾਦਤ ਪ੍ਰਾਪਤ ਕੀਤੀ।

ਇਸ ਮੌਕੇ ਸ. ਰਣਜੀਤ ਸਿੰਘ ਵਧੀਕ ਸਕੱਤਰ, ਸ. ਸੁਲੱਖਣ ਸਿੰਘ ਮੈਨੇਜਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਹਰਜਿੰਦਰ ਸਿੰਘ, ਸ. ਸੁਖਰਾਜ ਸਿੰਘ, ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸਮੁੱਚਾ ਸਟਾਫ਼ ਤੇ ਸੰਗਤਾਂ ਹਾਜ਼ਰ ਸਨ।

*੧੭ ਦਸੰਬਰ*

# ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਦੀ ਵਿਸ਼ੇਸ਼ ਇਕੱਤਰਤਾ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ

## ਗੁਰਬਾਣੀ ਕੰਠ ਲਹਿਰ ਤਹਿਤ ਸਮੁੱਚੇ ਪੰਜਾਬ ਦੇ ਸਕੂਲਾਂ ਨੂੰ ੯ ਜ਼ੋਨਾਂ 'ਚ ਵੰਡਿਆ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਗੁਰਬਾਣੀ ਕੰਠ ਲਹਿਰ ਨੂੰ ਸਮੁੱਚੇ ਪੰਜਾਬ ਦੇ ਸਕੂਲਾਂ ਵਿਚ ਸ਼ੁਰੂ ਕਰਨ ਲਈ ਪ੍ਰਚਾਰਕਾਂ ਦੀ ਵਿਸੇਸ਼ ਇਕੱਤਰਤਾ ਸਥਾਨਕ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਹੋਈ। ਜਿਸ ਵਿੱਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਸਾਹਿਬਾਨ ਅਤੇ ਸ਼੍ਰੋਮਣੀ ਕਮੇਟੀ ਦੇ ਵੱਖ-ਵੱਖ ਸਕੂਲਾਂ ਦੇ ਧਾਰਮਿਕ ਅਧਿਆਪਕ ਸ਼ਾਮਿਲ ਹੋਏ।

ਇਕੱਤਰਤਾ ਨੂੰ ਸੰਬੋਧਨ ਕਰਦਿਆਂ ਸ. ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ ਨੇ ਕਿਹਾ ਕਿ ੨੬ ਜਨਵਰੀ ੨੦੧੯ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਮੇਂ ਪ੍ਰਚਾਰਕ ਤੇ ਅਧਿਆਪਕ ਵੱਧ ਤੋਂ ਵੱਧ ਬੱਚੇ-ਬੱਚੀਆਂ ਤੇ ਸੰਗਤਾਂ ਨੂੰ ਪ੍ਰੇਰ ਕੇ ਅੰਮ੍ਰਿਤਪਾਨ ਕਰਵਾਉਣ। ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਕਿਹਾ ਕਿ ਪ੍ਰਚਾਰਕ ਸਾਹਿਬਾਨ ਸੰਸਥਾ ਦੇ ਅੰਬੈਸਡਰ ਹੁੰਦੇ ਹਨ, ਜਿਨ੍ਹਾਂ ਰਾਹੀਂ ਸੰਸਥਾ ਦਾ ਚੰਗਾ ਅਕਸ ਸੰਗਤਾਂ ਸਾਹਮਣੇ ਪਹੁੰਚਦਾ ਹੈ। ਉਨ੍ਹਾਂ ਕਿਹਾ ਕਿ ਪ੍ਰਚਾਰਕ ਸਾਹਿਬਾਨ ਤੇ ਅਧਿਆਪਕਾਂ ਨੂੰ ਸਿੱਖੀ ਦੇ ਪ੍ਰਚਾਰ-ਪ੍ਰਸਾਰ ਵਿੱਚ ਇਕ ਸੁਹਿਰਦ ਪ੍ਰਚਾਰਕ ਦੇ ਤੌਰ 'ਤੇ ਵਿਚਰਨਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਖਸ਼ੀਅਤ ਅਤੇ ਰਹਿਣੀ-ਬਹਿਣੀ ਦਾ ਪ੍ਰਭਾਵ ਸੰਗਤਾਂ ਤੇ ਸਕੂਲਾਂ ਦੇ ਬੱਚੇ-ਬੱਚੀਆਂ 'ਤੇ ਪੈਂਦਾ ਹੈ।

ਸ. ਮਨਜੀਤ ਸਿੰਘ ਸਕੱਤਰ ਧਰਮ ਪ੍ਰਚਾਰ ਕਮੇਟੀ ਨੇ ਧਰਮ ਪ੍ਰਚਾਰ ਲਹਿਰ ਵਿੱਚ ਤੇਜੀ ਲਿਆਉਣ ਲਈ ਸਕੂਲੀ ਵਿਦਿਆਰਥੀਆਂ ਵਿੱਚ ਸਿੱਖ ਇਤਿਹਾਸ ਤੇ ਗੁਰਬਾਣੀ ਕੰਠ ਲਹਿਰ ਸ਼ੁਰੂ ਕਰਨ ਦਾ ਪ੍ਰੋਗਰਾਮ ਦਿੱਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸਮੇਂ-ਸਮੇਂ ਸੁੰਦਰ ਦਸਤਾਰ ਮੁਕਾਬਲੇ, ਗੁਰਬਾਣੀ ਕੰਠ ਮੁਕਾਬਲੇ ਤੇ ਸਿੱਖ ਇਤਿਹਾਸ ਸਬੰਧੀ ਬੱਚੇ-ਬੱਚੀਆਂ ਨੂੰ ਜਾਣੂੰ ਕਰਵਾਉਣ ਲਈ ਉਪਰਾਲੇ ਕੀਤੇ ਜਾਂਦੇ ਹਨ। ਉਸੇ ਲੀਹ ਨੂੰ ਅੱਗੇ ਤੋਰਦਿਆਂ ਤੇ ਧਰਮ ਪ੍ਰਚਾਰ ਲਹਿਰ ਨੂੰ ਹੋਰ ਤੇਜ ਕਰਨ ਦੇ ਉਪਰਾਲਿਆਂ ਨਾਲ ਅੱਜ ਇਹ ਇਕੱਤਰਤਾ ਬੁਲਾਈ ਗਈ ਹੈ। ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ ਤੇ ਸ. ਸਤਬੀਰ ਸਿੰਘ ਓ.ਐਸ.ਡੀ. ਨੇ ਵੀ ਇਕੱਤਰਤਾ ਨੂੰ ਸੰਬੋਧਨ ਕੀਤਾ। ਸ. ਭੂਰਾਕੋਹਨਾ ਨੇ ਗੁਰਬਾਣੀ ਕੰਠ ਲਹਿਰ ਤਹਿਤ ਸਮੁੱਚੇ ਪੰਜਾਬ ਦੇ ਸਕੂਲਾਂ ਨੂੰ ੯ ਜੋਨਾਂ ਵਿੱਚ ਵੰਡ ਕੇ ਉਨ੍ਹਾਂ ਵਿੱਚ ਸਿੱਖ ਇਤਿਹਾਸ, ਗੁਰਬਾਣੀ ਕੰਠ ਲਹਿਰ ਸ਼ੁਰੂ ਕਰਨ ਲਈ ਪ੍ਰੇਰਿਤ ਕੀਤਾ।

ਪਹਿਲੇ ਜੋਨ ਵਿੱਚ ਅੰਮ੍ਰਿਤਸਰ, ਦੂਸਰੇ ਜੋਨ ਵਿੱਚ ਤਰਨ-ਤਾਰਨ, ਤੀਸਰੇ ਜੋਨ ਵਿੱਚ ਗੁਰਦਾਸਪੁਰ, ਚੌਥੇ ਜੋਨ ਵਿੱਚ ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ ਸਾਹਿਬ ਤੇ ਫਰੀਦਕੋਟ, ਪੰਜਵੇਂ ਜੋਨ ਵਿੱਚ ਮੋਗਾ, ਸੰਗਰੂਰ, ਬਰਨਾਲਾ ਤੇ ਪਟਿਆਲਾ, ਛੇਵੇਂ ਜੋਨ ਵਿੱਚ ਲੁਧਿਆਣਾ, ਸਤਵੇਂ ਜੋਨ ਵਿੱਚ ਹੁਸ਼ਿਆਰਪੁਰ ਤੇ ਕਪੂਰਥਲਾ, ਅੱਠਵੇਂ ਜੋਨ ਵਿੱਚ ਰੋਪੜ ਅਤੇ ਨੌਂਵੇਂ ਜੋਨ ਵਿੱਚ ਬਠਿੰਡਾ ਤੇ ਮਾਨਸਾ ਦੇ ਸਕੂਲਾਂ ਨੂੰ ਸ਼ਾਮਿਲ ਕੀਤਾ ਗਿਆ। ਇਨ੍ਹਾਂ ਵੱਖ-ਵੱਖ ਜੋਨਾਂ ਦੇ ਇੰਚਾਰਜ ਤੇ ਸਹਾਇਕ ਇੰਚਾਰਜ ਵੀ ਨਿਯੁਕਤ ਕੀਤੇ ਗਏ। ਭਾਈ ਜਗਦੇਵ ਸਿੰਘ ਹੈਡ ਪ੍ਰਚਾਰਕ ਦੇ ਨਾਲ ਪਹਿਲਾਂ ਦੀ ਤਰ੍ਹਾਂ ਵੱਖ-ਵੱਖ ਜ਼ਿਲ੍ਹਿਆ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਇੰਚਾਰਜ ਭਾਈ ਸਰਵਨ ਸਿੰਘ ਪ੍ਰਚਾਰਕ ਤੇ

ਇਨ੍ਹਾਂ ਨਾਲ ਚਾਰ ਸਹਾਇਕ ਇੰਚਾਰਜ ਲਗਾਏ ਗਏ। ਤਰਨ-ਤਾਰਨ ਜ਼ਿਲ੍ਹੇ ਦੇ ਇੰਚਾਰਜ ਭਾਈ ਹੀਰਾ ਸਿੰਘ ਤੇ ਉਨ੍ਹਾਂ ਨਾਲ ਚਾਰ ਸਹਾਇਕ ਇੰਚਾਰਜ, ਗੁਰਦਾਸਪੁਰ ਦੇ ਇੰਚਾਰਜ ਭਾਈ ਬਲਵੰਤ ਸਿੰਘ ਐਨੋਕੋਟ ਦੇ ਨਾਲ ਚਾਰ ਸਹਾਇਕ ਇੰਚਾਰਜ, ਪਠਾਨਕੋਟ ਦੇ ਇੰਚਾਰਜ ਭਾਈ ਅਮਰੀਕ ਸਿੰਘ ਚਿੱਟੀ ਨਾਲ ਚਾਰ ਸਹਾਇਕ ਇੰਚਾਰਜ, ਕਪੂਰਥਲਾ ਦੇ ਇੰਚਾਰਜ ਭਾਈ ਹਰਜੀਤ ਸਿੰਘ ਨਾਲ ਇਕ ਸਹਾਇਕ ਇੰਚਾਰਜ, ਰੋਪੜ ਦੇ ਇੰਚਾਰਜ ਭਾਈ ਲਵਪ੍ਰੀਤ ਸਿੰਘ ਨਾਲ ਇਕ ਸਹਾਇਕ ਇੰਚਾਰਜ, ਮੋਹਾਲੀ ਦੇ ਇੰਚਾਰਜ ਭਾਈ ਰਾਜਪਾਲ ਸਿੰਘ, ਹੁਸ਼ਿਆਰਪੁਰ ਦੇ ਇੰਚਾਰਜ ਭਾਈ ਕਲਿਆਣ ਸਿੰਘ ਨਾਲ ਇਕ ਸਹਾਇਕ ਇੰਚਾਰਜ, ਜਲੰਧਰ ਦੇ ਇੰਚਾਰਜ ਭਾਈ ਜਸਵਿੰਦਰ ਸਿੰਘ ਛਾਪਾ ਨਾਲ ਇਕ ਸਹਾਇਕ ਇੰਚਾਰਜ, ਲੁਧਿਆਣਾ ਦੇ ਇੰਚਾਰਜ ਭਾਈ ਅਜੀਤ ਸਿੰਘ ਨਾਲ ਦੋ ਸਹਾਇਕ ਇੰਚਾਰਜ, ਨਵਾਂ ਸ਼ਹਿਰ ਦੇ ਇੰਚਾਰਜ ਭਾਈ ਪਲਵਿੰਦਰ ਸਿੰਘ, ਫਤਹਿਗੜ੍ਹ ਸਾਹਿਬ ਦੇ ਇੰਚਾਰਜ ਭਾਈ ਅਵਤਾਰ ਸਿੰਘ ਹੱਲੋਤਾਲੀ, ਪਟਿਆਲਾ ਦੇ ਇੰਚਾਰਜ ਭਾਈ ਬਲਦੇਵ ਸਿੰਘ ਨਾਲ ਇਕ ਸਹਾਇਕ ਇੰਚਾਰਜ, ਬਠਿੰਡਾ, ਮਾਨਸਾ, ਬਰਨਾਲਾ ਤੇ ਸੰਗਰੂਰ ਦੇ ਇੰਚਾਰਜ ਭਾਈ ਦਿਲਬਾਗ ਸਿੰਘ, ਮੁਕਤਸਰ ਸਾਹਿਬ ਦੇ ਇੰਚਾਰਜ ਭਾਈ ਸੁਖਰਾਜ ਸਿੰਘ ਤਾਮਕੋਟ ਨਾਲ ਇਕ ਸਹਾਇਕ ਇੰਚਾਰਜ, ਮੋਗਾ ਦੇ ਇੰਚਾਰਜ ਭਾਈ ਲਖਵੀਰ ਸਿੰਘ, ਫਿਰੋਜ਼ਪੁਰ ਦੇ ਇੰਚਾਰਜ ਭਾਈ ਦਇਆ ਸਿੰਘ ਨਾਲ ਇਕ ਸਹਾਇਕ ਇੰਚਾਰਜ ਤੇ ਫਾਜ਼ਿਲਕਾ ਦੇ ਇੰਚਾਰਜ ਭਾਈ ਸੁਰਜੀਤ ਸਿੰਘ ਨਾਲ ਇਕ ਸਹਾਇਕ ਇੰਚਾਰਜ ਲਗਾਇਆ।

ਇਸ ਮੌਕੇ ਸ. ਮਹਿੰਦਰ ਸਿੰਘ ਆਹਲੀ ਵਧੀਕ ਸਕੱਤਰ, ਸ. ਸੰਤੋਖ ਸਿੰਘ, ਸ. ਜਗਜੀਤ ਸਿੰਘ ਤੇ ਸ. ਕੁਲਵਿੰਦਰ ਸਿੰਘ 'ਰਮਦਾਸ' ਮੀਤ ਸਕੱਤਰ, ਸ. ਗੁਰਿੰਦਰਪਾਲ ਸਿੰਘ ਠਰੂ ਇੰਚਾਰਜ, ਸ. ਤੇਜਿੰਦਰ ਸਿੰਘ ਪੱਡਾ ਇੰਚਾਰਜ ਧਾਰਮਿਕ ਪ੍ਰੀਖਿਆ ਦੇ ਇਲਾਵਾ ਵੱਖ-ਵੱਖ ਸਕੂਲਾਂ ਦੇ ਧਾਰਮਿਕ ਅਧਿਆਪਕ ਤੇ ਪ੍ਰਚਾਰਕ ਸਾਹਿਬਾਨ ਹਾਜ਼ਰ ਸਨ। *੧੭ ਦਸੰਬਰ*

# ਜਥੇਦਾਰ ਅਵਤਾਰ ਸਿੰਘ ਵੱਲੋਂ ਸਿੱਖਾਂ ਨੂੰ ਅਮਰੀਕੀ ਫੌਜ ਵਿੱਚ ਭਰਤੀ ਲਈ ਛੋਟਾਂ ਦੀ ਸ਼ਲਾਘਾ - ਬੇਦੀ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੇ ਰਾਸ਼ਟਰਪਤੀ ਬਰਾਕ ਓਬਾਮਾ ਵੱਲੋਂ ਸਿੱਖਾਂ ਨੂੰ ਅਮਰੀਕੀ ਫ਼ੌਜ 'ਚ ਭਰਤੀ ਲਈ ਛੋਟਾਂ ਦੇਣ ਬਾਰੇ ਵਿਚਾਰ ਕਰਨ ਨੂੰ ਸ਼ਲਾਘਾਯੋਗ ਉਪਰਾਲਾ ਦੱਸਿਆ ਹੈ।

ਦਫ਼ਤਰ ਤੋਂ ਜਾਰੀ ਪ੍ਰੈੱਸ ਬਿਆਨ ਵਿੱਚ ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਜਥੇਦਾਰ ਅਵਤਾਰ ਸਿੰਘ ਦਾ ਹਵਾਲਾ ਦਿੰਦਿਆਂ ਦੱਸਿਆ ਕਿ ਅਮਰੀਕੀ ਫੌਜ ਵਿੱਚ ਸਿੱਖਾਂ ਲਈ ਦਾਹੜੀ ਰੱਖਣ, ਦਸਤਾਰ ਸਜਾਉਣ ਤੇ ਹੋਰ ਸਿੱਖੀ ਕਕਾਰਾਂ ਉੱਤੇ ਲਾਈਆਂ ਰੋਕਾਂ ਹਟਾਉਣ ਬਾਰੇ ਬਰਾਕ ਓਬਾਮਾ ਵੱਲੋਂ ਵਿਚਾਰ ਕਰਨਾ ਤੇ ਉਨ੍ਹਾਂ ਦੀ ਸਰਲਤਾ ਲਈ ਭਰੋਸਾ ਦੇਣਾ ਫਰਾਖਦਿਲੀ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਬਰਾਕ ਓਬਾਮਾ ਦੇ ਇਸ ਭਰੋਸੇ ਨਾਲ ਸਿੱਖ ਕੌਮ ਦਾ ਸਿਰ ਪੂਰੀ ਦੁਨੀਆਂ ਵਿੱਚ ਉੱਚਾ ਹੋਇਆ ਹੈ। ਉਨ੍ਹਾਂ ਅਮਰੀਕੀ ਰਾਸ਼ਟਰਪਤੀ ਬਰਾਕ ਓਬਾਮਾ ਦਾ ਦੇਸ਼-ਵਿਦੇਸ਼ ਵਿੱਚ ਰਹਿੰਦੀ ਸਾਰੀ ਸਿੱਖ ਕੌਮ ਵੱਲੋਂ ਧੰਨਵਾਦ ਕੀਤਾ।

ਉਨ੍ਹਾਂ ਧਰਮ ਅਤੇ ਸਿੱਖਿਆ ਅਧਾਰਿਤ ਸਿੱਖ ਕੌਂਸਲ ਦੇ ਚੇਅਰਮੈਨ ਸ. ਰਾਜਵੰਤ ਸਿੰਘ ਦਾ ਵੀ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਜਿਨ੍ਹਾਂ ਬਰਾਕ ਓਬਾਮਾ ਨੂੰ ਵਾਈਟ ਹਾਊਸ ਵਿੱਚ ਮਿਲ ਕੇ ਇਸ ਗੱਲ ਉੱਤੇ ਜੋਰ ਦਿੱਤਾ ਕਿ ਉਹ ਸਿੱਖਾਂ ਨੂੰ ਬਿਨਾਂ ਸ਼ਰਤਾਂ ਲਾਏ ਅਮਰੀਕੀ ਫੌਜ ਵਿੱਚ ਸੇਵਾ ਕਰਨ ਦਾ ਮੌਕਾ ਦੇਣ। ਉਨ੍ਹਾਂ ਓਬਾਮਾ ਵੱਲੋਂ ਸਿੱਖਾਂ ਦੀ ਕੀਤੀ ਤਾਰੀਫ਼ ਦੀ ਵੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਬਰਾਕ ਓਬਾਮਾ ਦੇ ਇਸ ਫੈਂਸਲੇ ਨਾਲ ਪੂਰੀ ਸਿੱਖ ਕੌਮ ਵਿੱਚ ਖੁਸ਼ੀ ਦੀ ਲਹਿਰ ਹੈ। *੧੯ ਦਸੰਬਰ*

# ਸ਼੍ਰੋਮਣੀ ਕਮੇਟੀ ਵੱਲੋਂ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਪੱਤਰ

ਅੰਮ੍ਰਿਤਸਰ- ਸ. ਹਰਚਰਨ ਸਿੰਘ ਮੁੱਖ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਦੇ ਨਿਊਯਾਰਕ ਵਿਖੇ ਜਹਾਜ਼ ਵਿੱਚ ਸਫਰ ਕਰਦੇ ਸਮੇਂ ਇਕ ਸਿੱਖ ਨੂੰ ਬਿਨ ਲਾਦੇਨ ਸਮਝ ਕੇ ਉਸ ਦੀ ਵੀਡੀਓ ਨਾਲ ਬੈਠੇ ਵਿਅਕਤੀ ਵੱਲੋਂ ਯੂ ਟਿਊਬ 'ਤੇ ਪਾਉਣ ਸਬੰਧੀ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਪੱਤਰ ਲਿਖਿਆ ਹੈ।

ਪੱਤਰ ਵਿੱਚ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸਿੱਖਾਂ ਦੀ ਸਿਰਮੌਰ ਸੰਸਥਾ ਹੈ ਇਸ ਦੇ ਨਾਤੇ ਮੈਂ ਆਪ ਜੀ ਦਾ ਧਿਆਨ ਨਿਊਯਾਰਕ ਤੋਂ ਕੈਲੀਫੋਰਨੀਆ ਜਾ ਰਹੀ ਜੈਟਬਲੂ ਫਲਾਇਟ ਵਿੱਚ ਸਫਰ ਕਰ ਰਹੇ ਸਿੱਖ ਨਾਲ ਵਾਪਰੀ ਘਟਨਾ ਵੱਲ ਦਿਵਾਉਣਾ ਚਾਹੁੰਦਾ ਹਾਂ। ਉਨ੍ਹਾਂ ਕਿਹਾ ਕਿ ਜਹਾਜ਼ ਵਿੱਚ ਸਫਰ ਕਰ ਰਹੇ ਸਿੱਖ ਦੀ ਨਾਲ ਬੈਠੇ ਵਿਅਕਤੀ ਵੱਲੋਂ ੩੯ ਸਕਿੰਟ ਦੀ ਵੀਡੀਓ 'ਕੀ ਤੁਸੀਂ ਸੁਰੱਖਿਅਤ ਹੋ' ਦੇ ਸਿਰਲੇਖ ਹੇਠ ਯੂ ਟਿਊਬ 'ਤੇ ਪਾਈ ਗਈ ਹੈ ਨਾਲ ਹੀ ਉਸ ਬਾਰੇ 'ਬਿਨ ਲਾਦੇਨ ਨਾਲ ਸਫਰ' ਸ਼ਬਦ ਕਹੇ ਗਏ ਹਨ। ਉਨ੍ਹਾਂ ਕਿਹਾ ਕਿ ਪਿਛਲੇ ਕਈ ਮਹੀਨਿਆਂ ਤੋਂ ਸਿੱਖਾਂ ਦੀ ਗਲਤ ਪਹਿਚਾਣ ਹੋਣ ਕਰਕੇ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ।

ਉਨ੍ਹਾਂ ਕਿਹਾ ਕਿ ੬ ਦਸੰਬਰ ਨੂੰ ਵੀ ਸਿੱਖਾਂ ਨੂੰ ਮੁਸਲਮਾਨ ਸਮਝ ਕੇ ਅਮਰੀਕਾ ਦੇ ਲਾਸ ਏਂਜਲਸ ਇਲਾਕੇ ਵਿੱਚ ਗੁਰਦੁਆਰਾ ਸਾਹਿਬ ਦੀ ਭੰਨ-ਤੋੜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਿੱਖ ਸਰਬੱਤ ਦਾ ਭਲਾ ਮੰਗਣ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦੇਣ ਵਾਲੀ ਕੌਮ ਹੈ ਜੋ ਅੱਤਵਾਦੀ ਘਟਨਾਵਾਂ ਦੀ ਵੱਡੇ ਪੱਧਰ 'ਤੇ ਨਿਖੇਧੀ ਕਰਦੀ ਹੈ। ਉਨ੍ਹਾਂ ਭਾਰਤ ਦੀ ਵਿਦੇਸ਼ ਮੰਤਰੀ ਸ੍ਰੀਮਤੀ ਸੁਸ਼ਮਾ ਸਵਰਾਜ ਨੂੰ ਬੇਨਤੀ ਕੀਤੀ ਕਿ ਉਹ ਇਸ ਮਾਮਲੇ ਨੂੰ ਅਮਰੀਕਾ ਦੀ ਸਰਕਾਰ ਕੋਲ ਉਠਾਉਣ ਤਾਂ ਕਿ ਵਿਦੇਸ਼ੀ ਧਰਤੀ ਤੇ ਸਿੱਖਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ।

*੧੯ ਦਸੰਬਰ*

# ਕੇਂਦਰ ਸਰਕਾਰ ਭਾਈ ਵਰਿਆਮ ਸਿੰਘ ਵਾਂਗ ਬਾਕੀ ਕੈਦੀ ਵੀ ਰਿਹਾਅ ਕਰੇ- ਜਥੇ.ਅਵਤਾਰ ਸਿੰਘ

ਅੰਮ੍ਰਿਤਸਰ- ਜਥੇਦਾਰ ਅਵਤਾਰ ਸਿੰਘ ਨੇ ਭਾਈ ਵਰਿਆਮ ਸਿੰਘ ਦਾ ਬਰੇਲੀ ਜੇਲ੍ਹ 'ਚੋਂ ਪੈਰੋਲ 'ਤੇ ਰਿਹਾਅ ਹੋਣ 'ਤੇ ਖੁਸ਼ੀ ਦਾ ਇਜ਼ਹਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਈ ਵਰਿਆਮ ਸਿੰਘ ਨੇ ਆਪਣੀ ਅੱਧੀ ਜ਼ਿੰਦਗੀ ਜ਼ੇਲ੍ਹ ਦੀ ਕਾਲ ਕੋਠੜੀ ਵਿੱਚ ਗੁਜ਼ਾਰ ਦਿੱਤੀ ਹੈ। ਉਨ੍ਹਾਂ ਯੂ. ਪੀ ਸਰਕਾਰ ਨੂੰ ਭਾਈ ਵਰਿਆਮ ਨੂੰ ਪੱਕੇ ਤੌਰ ਤੇ ਰਿਹਾਅ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਕੇਂਦਰ ਸਰਕਾਰ ਤੇ ਬਾਕੀ ਜ਼ਿਲ੍ਹਿਆਂ ਦੀਆਂ ਸਰਕਾਰਾਂ ਨੂੰ ਵੀ ਅਪੀਲ ਕਰਦਿਆਂ ਕਿਹਾ ਕਿ ਜੋ ਸਿੰਘ ਆਪਣੀ ਸਜ਼ਾ ਤੋਂ ਵੱਧ ਜ਼ੇਲ੍ਹਾਂ ਵਿੱਚ ਕੈਦ ਕੱਟ ਰਹੇ ਹਨ ਉਨ੍ਹਾਂ ਦੀ ਤੁਰੰਤ ਰਿਹਾਈ ਲਈ ਰਾਹ ਪੱਧਰਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੰਮੇ ਅਰਸੇ ਤੋਂ ਜੇਲ੍ਹਾਂ ਵਿੱਚ ਸਿੱਖ ਕੈਦੀਆਂ ਦੀ ਰਿਹਾਈ ਲਈ ਸੁਹਿਰਦ ਯਤਨ ਹੋਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਸ. ਵਰਿਆਮ ਦੀ ਰਿਹਾਈ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਯਤਨ ਸਦਕਾ ਹੀ ਸੰਭਵ ਹੋਈ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਵੱਖ-ਵੱਖ ਪ੍ਰਾਤਾਂ ਦੀਆਂ ਜੇਲ੍ਹਾਂ ਵਿੱਚ ਸਿੱਖ ਕੈਦੀ ਆਪਣੀ ਕੀਮਤੀ ਜ਼ਿੰਦਗੀ ਦਾ ਵੱਡਾ ਹਿੱਸਾ ਗੁਜ਼ਾਰ ਚੁੱਕੇ ਹਨ।

*੧੯ ਦਸੰਬਰ*

# ਰਾਜਾ ਹਸਨ ਅਖਤਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਿਕ ਹੋਏ

ਅੰਮ੍ਰਿਤਸਰ-ਰਾਜਾ ਹਸਨ ਅਖਤਰ, ਪ੍ਰੈਜੀਡੈਂਟ ਅਜ਼ਾਦ ਗਰੁੱਪ, ਚੈਂਬਰ ਆਫ਼ ਕਾਮਰਸ, ਲਾਹੌਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਏ। ਉਨ੍ਹਾਂ ਸ੍ਰੀ ਹਰਿਮੰਦਰ ਸਾਹਿਬ ਮੱਥਾ ਟੇਕਣ ਉਪਰੰਤ ਪ੍ਰਕਰਮਾ ਕਰਦੇ ਸਮੇਂ ਵੱਖ-ਵੱਖ ਅਸਥਾਨਾਂ ਦੇ ਇਤਿਹਾਸ ਦੀ ਜਾਣਕਾਰੀ ਹਾਸਲ ਕੀਤੀ। ਦਫ਼ਤਰ ਸ਼੍ਰੋਮਣੀ ਕਮੇਟੀ ਆਉਣ 'ਤੇ ਸ.ਰਜਿੰਦਰ ਸਿੰਘ ਮਹਿਤਾ ਅੰਤ੍ਰਿੰਗ ਮੈਂਬਰ ਤੇ ਡਾ. ਰੂਪ ਸਿੰਘ ਸਕੱਤਰ ਸ਼੍ਰੋਮਣੀ ਕਮੇਟੀ ਨੇ ਉਨ੍ਹਾਂ ਨੂੰ ਸਿਰੋਪਾਓ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਦੇ ਕੇ ਸਨਮਾਨਿਤ ਕੀਤਾ।

ਸ੍ਰੀ ਅਖਤਰ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਾਂਝੀਵਾਲਤਾ ਦਾ ਪ੍ਰਤੀਕ ਤੇ ਸ਼ਾਂਤੀ ਦਾ ਮੁਜੱਸਮਾ ਹੈ। ਉਨ੍ਹਾਂ ਕਿਹਾ ਕਿ ਇਥੇ ਆ ਕੇ ਮਨ ਨੂੰ ਸਕੂਨ ਮਿਲਦਾ ਹੈ ਤੇ ਹਰ ਕੋਈ ਮੂੰਹ ਮੰਗੀਆਂ ਮੁਰਾਦਾਂ ਪਾ ਕੇ ਜਾਂਦਾ ਹੈ।

ਇਸ ਮੌਕੇ ਸ. ਸੁਲੱਖਣ ਸਿੰਘ ਮੈਨੇਜਰ, ਸ. ਸਤਬੀਰ ਸਿੰਘ ਓ ਐੱਸ ਡੀ, ਸ. ਲਖਬੀਰ ਸਿੰਘ ਵਧੀਕ ਮੈਨੇਜਰ, ਸ. ਗੁਰਬਚਨ ਸਿੰਘ ਇੰਚਾਰਜ ਤੇ ਸ. ਰਜਿੰਦਰ ਸਿੰਘ ਰੂਬੀ ਮੈਨੇਜਰ ਗੁਰਦੁਆਰਾ ਸਤਲਾਣੀ ਸਾਹਿਬ ਮੌਜੂਦ ਸਨ।

*੧੮ ਦਸੰਬਰ*

# ਪੰਜ ਪਿਆਰਿਆਂ ਦੀ ਸੇਵਾ ਨਿਭਾਉਂਦੇ ਚਾਰ ਮੁਲਾਜ਼ਮ ਸਰਵਿਸ ਨਿਯਮਾਂ ਦੀ ਉਲੰਘਣਾ ਕਰਨ 'ਤੇ ਬਰਖ਼ਾਸਤ

## ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਲਿਆ ਫੈਸਲਾ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਸ੍ਰੀ ਅੰਮ੍ਰਿਤਸਰ ਵਿਖੇ ਹੋਈ ਵਿਸ਼ੇਸ਼ ਇਕੱਤਰਤਾ ਨੇ ਇਕ ਅਹਿਮ ਫੈਸਲਾ ਲੈਂਦੇ ਹੋਏ ਪੰਜ ਪਿਆਰਿਆਂ ਦੀ ਸੇਵਾ ਨਿਭਾਅ ਰਹੇ ਮੁਲਾਜ਼ਮਾਂ ਵਿਚੋਂ ਚਾਰ ਜਿਨ੍ਹਾਂ ਵਿਚ ਭਾਈ ਸਤਨਾਮ ਸਿੰਘ (ਸਪੁੱਤਰ ਸ. ਮੇਜਾ ਸਿੰਘ), ਭਾਈ ਸਤਨਾਮ ਸਿੰਘ (ਸਪੁੱਤਰ ਸ. ਹਰਭਜਨ ਸਿੰਘ), ਭਾਈ ਮੰਗਲ ਸਿੰਘ ਅਤੇ ਭਾਈ ਤਰਲੋਕ ਸਿੰਘ ਦੇ ਨਾਮ ਸ਼ਾਮਲ ਹਨ ਨੂੰ ਸਰਵਿਸ ਨਿਯਮਾਂ ਦੀ ਉਲੰਘਣਾ ਕਰਨ, ਸਿੱਖ ਸੰਸਥਾਵਾਂ ਨੂੰ ਢਾਹ ਲਾਗਾਉਣ ਅਤੇ ਪੰਥ ਵਿਰੋਧੀ ਕਾਰਵਾਈਆਂ ਕਰਨ ਕਰਕੇ ਸ਼੍ਰੋਮਣੀ ਕਮੇਟੀ ਵਿਚੋਂ ਫਾਰਗ ਕਰਨ ਦਾ ਫੈਸਲਾ ਲਿਆ ਹੈ। ਯਾਦ ਰਹੇ ਕਿ ਪੰਜਵਾਂ ਮੁਲਾਜ਼ਮ ਭਾਈ ਮੇਜਰ ਸਿੰਘ ਪਹਿਲਾਂ ਹੀ ੩੧ ਦਸੰਬਰ ੨੦੧੫ ਨੂੰ ਸੇਵਾ-ਮੁਕਤ ਹੋ ਚੁੱਕਾ ਹੈ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿਚ ਪਿਛਲੇ ਕੁਝ ਦਿਨਾਂ ਤੋਂ ਇਨ੍ਹਾਂ ਚਾਰਾਂ ਵੱਲੋਂ ਲਗਾਤਾਰ ਕੀਤੀਆਂ ਜਾ ਰਹੀਆਂ ਕਾਰਵਾਈਆਂ ਉਪਰ ਗੰਭੀਰਤਾ ਨਾਲ ਵਿਚਾਰ ਕਰਦੇ ਹੋਏ ਅੰਤ੍ਰਿੰਗ ਕਮੇਟੀ ਇਸ ਨਤੀਜੇ 'ਤੇ ਪਹੁੰਚੀ ਹੈ ਕਿ ਇਹ ਕਾਰਵਾਈਆਂ ਪੰਥ ਵਿਰੋਧੀ, ਸਿੱਖ ਸੰਸਥਾਵਾਂ ਨੂੰ ਢਾਅ ਲਗਾਉਣ ਵਾਲੀਆਂ, ਮੁਲਾਜ਼ਮਤ ਦੇ ਪੱਖੋਂ ਗ਼ੈਰ-ਅਨੁਸ਼ਾਸਨਿਕ ਅਤੇ ਸੇਵਾ ਦੇ ਨਿਯਮਾਂ ਦੀਆਂ ਘੋਰ ਉਲੰਘਣਾਵਾਂ ਹਨ।

ਮੀਟਿੰਗ ਤੋਂ ਬਾਅਦ ਪ੍ਰੈਸ ਨੂੰ ਜਾਰੀ ਬਿਆਨ ਵਿਚ ਜਥੇਦਾਰ ਅਵਤਾਰ ਸਿੰਘ ਨੇ ਸਮੁੱਚੀ ਸਥਿਤੀ ਨੂੰ ਸਪੱਸ਼ਟ ਕਰਦਿਆਂ ਕਿਹਾ ਕਿ ਉਕਤ ਪੰਜ ਪਿਆਰੇ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਦੇ ਮੁਲਾਜ਼ਮ ਹਨ ਅਤੇ ਇਨ੍ਹਾਂ 'ਤੇ ਹਰ ਤਰ੍ਹਾਂ ਦੇ ਸਰਵਿਸ ਨਿਯਮ ਲਾਗੂ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਆਪਣੇ ਮੁਲਾਜ਼ਮਾਂ ਪਾਸੋਂ ਸਰਵਿਸ ਨਿਯਮਾਂ ਤਹਿਤ ਦੇਸ਼ ਵਿਦੇਸ਼ ਵਿਚ ਕਿਤੇ ਵੀ ਸੇਵਾਵਾਂ ਲਈਆਂ ਜਾ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਵੱਲੋਂ

ਅਜਿਹੀ ਕਿਸੇ ਵੀ ਮਨਮੱਤੀ ਕਾਰਵਾਈ ਜੋ ਕਿ ਸਿੱਖ ਕੌਮ ਦੀ ਮਹਾਨ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਅਤੇ ਬਾਕੀ ਤਖਤ ਸਾਹਿਬਾਨ ਨੂੰ ਢਾਅ ਲਗਾਉਣ ਵਾਲੀ ਹੋਵੇ, ਦੀ ਕਦਾਚਿਤ ਵੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਬੇਸ਼ੱਕ ਪੰਜ ਪਿਆਰਿਆਂ ਦਾ ਸਿੱਖ ਕੌਮ ਅੰਦਰ ਬਹੁਤ ਹੀ ਅਹਿਮ ਤੇ ਸਤਿਕਾਰਤ ਸਥਾਨ ਹੈ ਅਤੇ ਪੰਥਕ ਰਹਿਤ-ਮਰਯਾਦਾ ਮੁਤਾਬਿਕ ਸਾਰੇ ਤਖ਼ਤ ਸਾਹਿਬਾਨ ਉਪਰ ਅੰਮ੍ਰਿਤ ਸੰਚਾਰ ਅਤੇ ਧਰਮ ਪ੍ਰਚਾਰ ਦੇ ਕਾਰਜਾਂ ਲਈ ਪੰਜ ਪਿਆਰਿਆਂ ਦੀਆਂ ਸੇਵਾਵਾਂ ਲਈਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਹੋਰ ਗੁਰਦੁਆਰਾ ਸਾਹਿਬਾਨ ਵਿਚ ਵੀ ਪੰਜ ਪਿਆਰਿਆਂ ਦੀਆਂ ਸੇਵਾਵਾਂ ਧਰਮ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਲਈ ਲਈਆਂ ਜਾਂਦੀਆਂ ਹਨ। ਇਸ ਦੇ ਨਾਲ-ਨਾਲ ਵਿਸ਼ੇਸ਼ ਇਤਿਹਾਸਕ ਸਮਾਗਮਾਂ ਅਤੇ ਗੁਰਪੁਰਬਾਂ ਮੌਕੇ ਸਜਾਏ ਜਾਂਦੇ ਨਗਰ ਕੀਰਤਨਾਂ ਵਿਚ ਵੀ ਪੰਜ ਪਿਆਰੇ ਸੋਭਦੇ ਹਨ, ਪਰ ਕਿਸੇ ਮੁਲਾਜ਼ਮ ਵੱਲੋਂ ਮਨਮੱਤੀ ਕਾਰਵਾਈਆਂ ਨੂੰ ਅੰਜਾਮ ਦੇਣਾ ਸਰਵਿਸ ਨਿਯਮਾਂ ਦੀ ਉਲੰਘਣਾ ਕਰਨਾ ਹੈ, ਜਿਸ ਨੂੰ ਕਦੀ ਵੀ ਮੁਆਫ ਨਹੀਂ ਕੀਤਾ ਜਾ ਸਕਦਾ।

ਉਨ੍ਹਾਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਕੱਲੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਹੀ ਅੰਮ੍ਰਿਤ ਸੰਚਾਰ ਦੇ ਕਾਰਜਾਂ ਲਈ ਪੰਜ ਪਿਆਰਿਆਂ ਦੇ ਤਿੰਨ ਵੱਖ-ਵੱਖ ਜਥੇ ਮੌਜੂਦ ਹਨ, ਜੋ ਗੁਰੂ-ਆਸ਼ੇ ਮੁਤਾਬਿਕ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਕਿ ਅੱਜ ਤਕ ਇਤਿਹਾਸ ਵਿਚ ਕਿਸੇ ਵੀ ਪੰਜ ਪਿਆਰੇ ਸਾਹਿਬਾਨ ਨੇ ਆਪਣੀਆਂ ਨਿਯਮਿਤ ਸੇਵਾਵਾਂ ਤੋਂ ਬਾਹਰ ਜਾ ਕੇ ਕੋਈ ਅਜਿਹਾ ਫੈਸਲਾ ਨਹੀਂ ਕੀਤਾ ਜੋ ਕੌਮ ਵਿਚ ਦੁਬਿਧਾ ਪੈਦਾ ਕਰਨ ਵਾਲਾ ਜਾਂ ਪੰਥਕ ਸੰਸਥਾਵਾਂ ਨੂੰ ਢਾਅ ਲਗਾਉਣ ਵਾਲਾ ਹੋਵੇ। ਹਮੇਸ਼ਾ ਕੌਮ ਦੇ ਫੈਸਲੇ ਮੀਰੀ-ਪੀਰੀ ਦੇ ਸਿਧਾਂਤ ਮੁਤਾਬਿਕ ਤਖਤ ਸ੍ਰੀ ਅਕਾਲ ਤਖਤ ਸਾਹਿਬ 'ਤੇ ਸੁਸ਼ੋਭਿਤ ਜਥੇਦਾਰ ਸਾਹਿਬ ਵੱਲੋਂ ਬਾਕੀ ਸਿੰਘ ਸਾਹਿਬਾਨ ਦੀ ਰਾਇ ਨਾਲ ਲਏ ਜਾਂਦੇ ਹਨ ਅਤੇ ਅੱਜ ਤਕ ਕਦੀ ਇਸ ਤਰ੍ਹਾਂ ਨਹੀਂ ਹੋਇਆ ਕਿ ਪੰਜ ਪਿਆਰਿਆਂ ਦੇ ਕਿਸੇ ਜਥੇ ਨੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਲਏ ਕਿਸੇ ਵੀ ਫੈਸਲੇ 'ਤੇ ਕਿੰਤੂ-ਪ੍ਰੰਤੂ ਕੀਤਾ ਹੋਵੇ ਜਾਂ ਇਸ ਵਿਰੁੱਧ ਆਪਣੇ ਵਿਚਾਰ ਪ੍ਰਗਟ ਕੀਤੇ ਹੋਣ। ਸਗੋਂ ਪੰਜ ਪਿਆਰੇ ਤਾਂ ਹਮੇਸ਼ਾ ਹੀ ਸੰਗਤ ਨੂੰ ਤਖਤ ਸਾਹਿਬਾਨ ਨਾਲ ਜੋੜਨ ਦੀ ਪ੍ਰੇਰਨਾ ਕਰਦੇ ਹਨ। ਆਪਣਾ ਬਿਆਨ ਜਾਰੀ ਰੱਖਦੇ ਹੋਏ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਪਹਿਲੀ ਵਾਰੀ ਗੁਰੂ-ਪੰਥ ਵਿਚ ਅਜਿਹੀ ਹਿਰਦੇਵੇਧਕ ਘਟਨਾ ਵਾਪਰੀ ਹੈ ਕਿ ਕਿਸੇ ਵੱਡੀ ਸਾਜ਼ਿਸ਼ ਤਹਿਤ ਸ੍ਰੀ ਅਕਾਲ ਤਖਤ ਸਾਹਿਬ 'ਤੇ ਸੇਵਾ ਨਿਭਾਅ ਰਹੇ ਤਿੰਨ ਜਥਿਆਂ ਵਿਚੋਂ ਪੰਜ ਪਿਆਰਿਆਂ ਦੇ ਇੱਕ ਜਥੇ ਨੇ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੁਣੌਤੀ ਦੇਣ ਦੀ ਘੋਰ ਅਵੱਗਿਆ ਕੀਤੀ ਹੈ। ਇਸ ਅਨੋਖੀ ਘਟਨਾ ਨੇ ਜਿਥੇ ਪੰਜ ਪਿਆਰਿਆਂ ਦੀ ਮਹਾਨ ਸੰਸਥਾ ਦੇ ਵੱਕਾਰ ਨੂੰ ਵੱਡੀ ਢਾਅ ਲਾਈ ਹੈ, ਉਥੇ ਇਸ ਜਥੇ ਵਿਚ ਉਪਰੋਕਤ ਚਾਰਾਂ ਵਿਅਕਤੀਆਂ ਦੀਆਂ ਪੰਥ ਵਿਰੋਧੀ ਸਾਜ਼ਿਸ਼ਾਂ ਤੇ ਚਾਲਾਂ ਦਾ ਭੇਦ ਵੀ ਖੋਲ੍ਹ ਦਿੱਤਾ ਹੈ।

ਉਨ੍ਹਾਂ ਕਿਹਾ ਕਿ ਇਸ ਵੇਲੇ ਸਿੱਖ ਕੌਮ ਬੜੀ ਗੰਭੀਰ ਸਮੱਸਿਆ ਅਤੇ ਮਾਨਸਿਕ ਪੀੜਾ ਵਿਚੋਂ ਲੰਘ ਰਹੀ ਹੈ। ਜੇਕਰ ਇਸ ਤਰ੍ਹਾਂ ਵੱਖ-ਵੱਖ ਇਤਿਹਾਸਕ ਸਥਾਨਾਂ ਤੋਂ ਪੰਜ ਪਿਆਰੇ ਸਾਹਿਬਾਨ ਹੀ ਤਖਤ ਸਾਹਿਬਾਨ ਦੀ ਮਾਣ-ਮਰਿਆਦਾ ਅਤੇ ਪੰਥਕ ਰਿਵਾਇਤਾਂ ਦੇ ਉਲਟ ਫੈਸਲੇ ਲੈਣੇ ਸ਼ੁਰੂ ਕਰ ਦੇਣਗੇ ਤਾਂ ਇਹ ਸ੍ਰੀ ਅਕਾਲ ਤਖਤ ਸਾਹਿਬ ਦੀ ਸਰਬ-ਉੱਚਤਾ 'ਤੇ ਵੱਡਾ ਸਵਾਲ ਹੋਏਗਾ।

ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੱਜ ਇਨ੍ਹਾਂ ਚਾਰ ਮੁਲਾਜ਼ਮਾਂ ਜੋ ਪੰਜ ਪਿਆਰਿਆਂ ਵਜੋਂ ਸੇਵਾ ਕਰਦੇ ਰਹੇ ਹਨ ਵੱਲੋਂ ਰਚੀ ਗਈ ਗੰਭੀਰ ਸਾਜ਼ਿਸ਼ ਨੂੰ ਨਾ-ਕਾਬਲੇ ਬਰਦਾਸ਼ਤ ਕਾਰਵਾਈ ਮੰਨਦੀ ਹੈ ਤੇ ਇਸ ਦੇ ਨਾਲ ਹੀ ਗੁਰਦੁਆਰਾ ਪ੍ਰਬੰਧ ਦੇ ਨਿਯਮਾਂ ਅਤੇ ਅਸੂਲਾਂ ਦੀ ਘੋਰ ਉਲੰਘਣਾ ਵੀ ਮੰਨਦੀ ਹੈ। ਇਸ ਲਈ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵੱਲੋਂ ਇਨ੍ਹਾਂ ਚਾਰ ਮੁਲਾਜ਼ਮਾਂ ਭਾਈ ਸਤਨਾਮ ਸਿੰਘ (ਸਪੁੱਤਰ ਸ. ਮੇਜਾ ਸਿੰਘ), ਭਾਈ ਸਤਨਾਮ ਸਿੰਘ (ਸਪੁੱਤਰ ਸ. ਹਰਭਜਨ ਸਿੰਘ), ਭਾਈ ਮੰਗਲ ਸਿੰਘ ਅਤੇ ਭਾਈ ਤਰਲੋਕ ਸਿੰਘ ਨੂੰ ਤੁਰੰਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੁਲਾਜ਼ਮਤ ਦੀਆਂ ਸੇਵਾਵਾਂ ਤੋਂ ਵਿਹਲਾ ਕਰਨ ਦਾ ਫੈਸਲਾ ਕੀਤਾ ਗਿਆ ਹੈ, ਤਾਂ ਜੋ ਗੁਰਦੁਆਰਾ ਪ੍ਰਬੰਧ ਵਿਚ ਮਰਿਆਦਾ ਬਹਾਲ ਰਹੇ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੀ ਮਾਣ ਮਰਿਆਦਾ

ਹਮੇਸ਼ਾ ਬਣੀ ਰਹੇ।

ਅੱਜ ਦੀ ਇਕੱਤਰਤਾ ਵਿੱਚ ਜਥੇਦਾਰ ਅਵਤਾਰ ਸਿੰਘ ਤੋਂ ਇਲਾਵਾ ਸ. ਰਘੁਜੀਤ ਸਿੰਘ ਵਿਰਕ ਸੀਨੀਅਰ ਮੀਤ ਪ੍ਰਧਾਨ, ਸ.ਕੇਵਲ ਸਿੰਘ ਬਾਦਲ ਜੂਨੀਅਰ ਮੀਤ ਪ੍ਰਧਾਨ, ਸ. ਰਜਿੰਦਰ ਸਿੰਘ ਮਹਿਤਾ, ਸ. ਦਿਆਲ ਸਿੰਘ ਕੋਲਿਆਂਵਾਲੀ, ਸ.ਕਰਨੈਲ ਸਿੰਘ ਪੰਜੋਲੀ, ਸ.ਗੁਰਬਚਨ ਸਿੰਘ ਕਰਮੂੰਵਾਲ, ਸ.ਸੁਰਜੀਤ ਸਿੰਘ ਗੜ੍ਹੀ, ਸ.ਰਾਮਪਾਲ ਸਿੰਘ ਬਹਿਣੀਵਾਲ, ਸ.ਨਿਰਮੈਲ ਸਿੰਘ ਜੌਲਾਂ, ਸ. ਭਜਨ ਸਿੰਘ ਸ਼ੇਰਗਿੱਲ, ਸ.ਮੋਹਣ ਸਿੰਘ ਬੰਗੀ ਤੇ ਸ. ਮੰਗਲ ਸਿੰਘ ਅੰਤ੍ਰਿੰਗ ਕਮੇਟੀ ਮੈਂਬਰ, ਸ. ਹਰਚਰਨ ਸਿੰਘ ਮੁੱਖ ਸਕੱਤਰ, ਡਾ. ਰੂਪ ਸਿੰਘ ਤੇ ਸ.ਅਵਤਾਰ ਸਿੰਘ ਸਕੱਤਰ ਆਦਿ ਹਾਜ਼ਰ ਸਨ।

*੧ ਜਨਵਰੀ*

## ਸ਼੍ਰੋਮਣੀ ਕਮੇਟੀ ਨੇ ਧਾਰਮਿਕ ਪ੍ਰੀਖਿਆ 'ਚ ਅੱਵਲ ਆਏ ਬੱਚਿਆਂ ਨੂੰ ਸਨਮਾਨਿਤ ਕੀਤਾ

ਅੰਮ੍ਰਿਤਸਰ - ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪੰਜਾਬ ਦੇ ਸਰਹੱਦੀ ਖੇਤਰ ਅੰਦਰ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ 'ਸਿੱਖੀ ਸਰੂਪ ਮੇਰਾ ਅਸਲੀ ਰੂਪ' ਲਹਿਰ ਤਹਿਤ ਅੱਵਲ ਰਹੇ ਸਕੂਲੀ ਗੁਰਸਿੱਖ ਬੱਚਿਆਂ ਦੀ ਹੌਂਸਲਾ ਅਫ਼ਜਾਈ ਕਰਦਿਆਂ ਹਲਕਾ ਅਟਾਰੀ ਦੇ ਸਰਹੱਦੀ ਪਿੰਡ ਵਿਖੇ ਸਥਿਤ ਨਿਊ ਏਂਜਲਸ ਸੀਨੀਅਰ ਸੈਕੰਡਰੀ ਸਕੂਲ ਰੋੜਾਂਵਾਲਾਂ ਕਲਾਂ ਵਿਖੇ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਕਮੇਟੀ) ਵੱਲੋਂ ਸਨਮਾਨ ਪੱਤਰ ਵੰਡੇ ਗਏ।

ਇਸ ਮੌਕੇ ਧਾਰਮਿਕ ਪ੍ਰੀਖਿਆ ਵਿਚੋਂ ਅੱਵਲ ਆਈਆਂ ਸਕੂਲ ਦੀਆਂ ਬੱਚੀਆਂ ਰਮਨਦੀਪ ਕੌਰ, ਗੁਰਪ੍ਰੀਤ ਕੌਰ, ਕਮਲਜੀਤ ਕੌਰ, ਗੁਰਪ੍ਰੀਤ ਕੌਰ ਤੇ ਅਮਨਦੀਪ ਕੌਰ ਨੂੰ ਵਜ਼ੀਫੇ ਅਤੇ ਸਨਮਾਨ ਪੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਗੁਰਦੁਆਰਾ ਗੁਰੂਸਰ ਸਤਲਾਣੀ ਸਾਹਿਬ ਹੁਸ਼ਿਆਰ ਨਗਰ ਦੇ ਮੈਨੇਜਰ ਰਾਜਿੰਦਰ ਸਿੰਘ ਅਟਾਰੀ, ਹੈੱਡ ਗ੍ਰੰਥੀ ਭਾਈ ਕ੍ਰਿਪਾਲ ਸਿੰਘ ਪੱਧਰੀ, ਪ੍ਰਚਾਰਕ ਭਾਈ ਸੁਖਵੰਤ ਸਿੰਘ ਸਭਰਾ, ਭਾਈ ਲਵਲਪ੍ਰੀਤ ਸਿੰਘ ਨੇ ਸਕੂਲ ਦੇ ਪ੍ਰਿੰਸੀਪਲ ਪੂਨਮਦੀਪ ਕੌਰ, ਪ੍ਰਧਾਨ ਕਸ਼ਮੀਰ ਸਿੰਘ, ਮੈਡਮ ਸ਼ਰੀਨ ਬਾਲਾ, ਨਰਿੰਦਰ ਕੌਰ, ਕੁਲਦੀਪ ਕੌਰ, ਸੂਰੀ ਸ਼ਰਮਾ ਅਤੇ ਸਕੂਲ ਦੇ ਸਟਾਫ਼ ਦੀ ਹਾਜ਼ਰੀ ਵਿੱਚ ਵੰਡੇ।

ਇਸ ਮੌਕੇ ਸਕੂਲੀ ਬੱਚਿਆਂ ਨੂੰ ਸੰਬੋਧਨ ਕਰਦਿਆ ਭਾਈ ਸੁਖਵੰਤ ਸਿੰਘ ਸਭਰਾ, ਭਾਈ ਲਵਲਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੀ ਅਗਵਾਈ ਹੇਠ ਧਰਮ ਪ੍ਰਚਾਰ ਕਮੇਟੀ ਵੱਲੋਂ ਲਈ ਧਾਰਮਿਕ ਪ੍ਰੀਖਿਆ ਵਿੱਚ ਅੱਵਲ ਆਏ ਬੱਚਿਆਂ ਨੇ ਸਰਹੱਦੀ ਖ਼ੇਤਰ ਅੰਦਰ ਰਹਿੰਦਿਆਂ ਜੋ ਸਿੱਖੀ ਦੇ ਪ੍ਰਚਾਰ ਨੂੰ ਪ੍ਰਫੁੱਲਤ ਕੀਤਾ ਹੈ ਉਸ ਲਈ ਬਾਕੀ ਬੱਚੇ-ਬੱਚੀਆਂ ਨੂੰ ਵੀ ਚਾਹੀਦਾ ਹੈ ਕਿ ਉਹ ਆਪਣੇ ਅਨਮੋਲ ਇਤਿਹਾਸ ਤੋਂ ਜਾਣੂ ਹੋ ਕੇ ਧਾਰਮਿਕ ਪ੍ਰੀਖਿਆ ਵਿੱਚ ਵੱਧ ਚੜ ਕੇ ਹਿੱਸਾ ਲੈਣ ਤੇ ਆਪਣੇ ਮਾਤਾ-ਪਿਤਾ ਤੇ ਸਕੂਲ ਦਾ ਨਾਮ ਰੌਸ਼ਨ ਕਰਨ।

*੨੨ ਦਸੰਬਰ*

## ਸ਼੍ਰੋਮਣੀ ਕਮੇਟੀ ਨੇ ਵੱਡੇ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦਾ ਸ਼ਹੀਦੀ ਦਿਹਾੜਾ ਸ਼ਰਧਾ-ਭਾਵਨਾ ਨਾਲ ਮਨਾਇਆ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਤੇ ਬਾਬਾ ਜੁਝਾਰ ਸਿੰਘ ਜੀ ਅਤੇ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਦਾ ਸ਼ਹੀਦੀ ਦਿਹਾੜਾ ਸੰਗਤਾਂ ਦੇ ਸਹਿਯੋਗ ਨਾਲ ਸਥਾਨਕ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ

ਸ਼ੌਕੀਨ ਸਿੰਘ ਦੇ ਜਥੇ ਵੱਲੋਂ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਤੇ ਹੁਕਮਨਾਮਾ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਲਿਆ। ਇਸ ਉਪਰੰਤ ਪੰਥ ਪ੍ਰਸਿੱਧ ਢਾਡੀ ਜਥਿਆਂ ਵੱਲੋਂ ਬੀਰ ਰਸੀ ਵਾਰਾਂ ਗਾ ਕੇ ਸੰਗਤਾਂ ਨੂੰ ਗੁਰ-ਇਤਿਹਾਸ ਤੋਂ ਜਾਣੂੰ ਕਰਵਾਇਆ ਗਿਆ। ਸਟੇਜ ਸਕੱਤਰ ਦੀ ਸੇਵਾ ਭਾਈ ਸਰਵਣ ਸਿੰਘ ਪ੍ਰਚਾਰਕ ਨੇ ਨਿਭਾਈ।

ਸੰਗਤਾਂ ਨੂੰ ਗੁਰ-ਇਤਿਹਾਸ ਨਾਲ ਜੋੜਦਿਆਂ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਤੇ ਬਾਬਾ ਜੁਝਾਰ ਸਿੰਘ ਜੀ ਸਮੇਤ ਤਕਰੀਬਨ ੪੦ ਸਿੰਘਾਂ ਵੱਲੋਂ ਦਸ ਲੱਖ ਦੁਸ਼ਮਣ ਫੌਜ ਦਾ ਟਾਕਰਾ ਕਰਦਿਆਂ ਚਮਕੌਰ ਦੀ ਕੱਚੀ ਗੜ੍ਹੀ ਵਿਖੇ ਹੋਏ ਇਸ ਘਮਸਾਨ ਯੁੱਧ ਦੀ ਦਾਸਤਾਨ ਬਾਰੇ ਵਿਚਾਰ ਕਰਕੇ ਸੰਗਤਾਂ ਨੂੰ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਇਤਿਹਾਸ ਨਾਲ ਸੰਬੰਧਿਤ ਸਾਰੇ ਦਿਨ-ਦਿਹਾੜੇ ਬੜੀ ਸ਼ਰਧਾ-ਭਾਵਨਾ ਨਾਲ ਮਨਾਏ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਪੂਰੀ ਸਿੱਖ ਕੌਮ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਤੇ ਬਾਬਾ ਜੁਝਾਰ ਸਿੰਘ ਅਤੇ ਹੋਰ ਸਿੰਘਾਂ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ-ਭਾਵਨਾ ਨਾਲ ਮਨਾ ਰਹੀ ਹੈ।

ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਤੇ ਬੁਲਾਰੇ ਸ. ਦਿਲਜੀਤ ਸਿੰਘ ਬੇਦੀ ਨੇ ਕਿਹਾ ਕਿ ਪੰਥ ਦੇ ਵਾਲੀ, ਕਲਗੀਧਰ ਦਸਮੇਸ਼ ਪਿਤਾ ਦੇ ਫਰਜ਼ੰਦ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਤੇ ਹੋਰ ਗੁਰੂ ਕੇ ਪਿਆਰੇ ਸ਼ਹੀਦ ਸਿੰਘਾਂ ਨੇ ਦੁਸ਼ਮਣ ਦੀ ੧੦ ਲੱਖ ਫੌਜ ਨਾਲ ਚਮਕੌਰ ਦੀ ਗੜ੍ਹੀ ਦੀ ਜੰਗ ਵਿੱਚ ਜੂਝਦਿਆਂ ਇਕ ਅਦੁੱਤੀ ਮਿਸਾਲ ਕਾਇਮ ਕੀਤੀ। ਉਨ੍ਹਾਂ ਕਿਹਾ ਕਿ ਕਲਗੀਧਰ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਇਸ ਜੰਗ ਵਿੱਚ ਆਪਣੇ ਪਿਆਰੇ ਸਿੰਘਾਂ ਦੇ ਨਾਲ-ਨਾਲ ਦੋ ਬੇਟੇ ਵੀ ਸ਼ਹੀਦ ਕਰਵਾਏ, ਪਰ ਮੁੱਖੋਂ ਸੀ ਨਾ ਉੱਚਰੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਉਨ੍ਹਾਂ ਮਹਾਨ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਰ ਸਾਲ ਦੀ ਤਰ੍ਹਾਂ ਇਹ ਦਿਹਾੜਾ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸੇ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਚਮਕੌਰ ਸਾਹਿਬ ਵਿਖੇ ਵੀ ਸਮਾਗਮ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਦਸਮ ਪਿਤਾ ਦੇ ਲਾਲਾਂ ਤੇ ਸ਼ਹੀਦ ਸਿੰਘਾਂ ਦੀ ਯਾਦ ਨੂੰ ਤਾਜਾ ਕਰਦੇ ਹੋਏ ਸਮੂਹ ਸੰਗਤਾਂ ਉਨ੍ਹਾਂ ਦੇ ਪਾਏ ਹੋਏ ਪੂਰਨਿਆਂ ਤੇ ਚੱਲਣ ਤੇ ਆਪਣੇ ਬੱਚਿਆਂ ਨੂੰ ਵੀ ਗੁਰੂ ਦੇ ਲੜ੍ਹ ਲਾਉਣ ਲਈ ਪ੍ਰੇਰਣਾ ਸਰੋਤ ਬਨਣ।

ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ, ਸ. ਹਰਜਿੰਦਰ ਸਿੰਘ, ਸ.ਹਰਪ੍ਰੀਤ ਸਿੰਘ. ਸ. ਸੁਖਰਾਜ ਸਿੰਘ ਅਤੇ ਸ. ਸਤਨਾਮ ਸਿੰਘ ਐਡੀ. ਮੈਨੇਜਰ, ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਮਲਕੀਤ ਸਿੰਘ ਬਹਿੜਵਾਲ, ਸ. ਦਰਸ਼ਨ ਸਿੰਘ ਮੀਤ ਮੈਨੇਜਰ, ਭਾਈ ਸਰਵਣ ਸਿੰਘ ਪ੍ਰਚਾਰਕ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸਮੁੱਚਾ ਸਟਾਫ਼ ਅਤੇ ਭਾਰੀ ਗਿਣਤੀ ਸੰਗਤਾਂ ਹਾਜ਼ਰ ਸਨ।

*੨੩ ਦਸੰਬਰ*

# ਸ. ਰਵਤੇਸ਼ਇੰਦਰ ਸਿੰਘ ਬਾਗੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਿਕ ਹੋਏ

ਅੰਮ੍ਰਿਤਸਰ - ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਲਈ ਗਈ ਪੀ.ਸੀ.ਐੱਸ. ਜੁਡੀਸ਼ੀਅਲ ਦੀ ਪ੍ਰੀਖਿਆ ਵਿੱਚ ਪੰਜਾਬ ਭਰ 'ਚੋਂ ਦੂਜੇ ਸਥਾਨ 'ਤੇ ਰਹਿੰਦਿਆਂ ਬਤੌਰ ਜੱਜ ਚੁਣੇ ਗਏ ਸ. ਰਵਤੇਸ਼ਇੰਦਰ ਸਿੰਘ ਬਾਗੀ ਆਪਣੇ ਪਰਿਵਾਰ ਸਮੇਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਿਕ ਹੋਏ ਤੇ ਇਲਾਹੀ ਬਾਣੀ ਦੇ ਕੀਰਤਨ ਸਰਵਣ ਕੀਤੇ। ਇਸ ਉਪਰੰਤ ਸੂਚਨਾ ਕੇਂਦਰ ਵਿਖੇ ਐਡਵੋਕੇਟ ਸ. ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ

ਨੇ ਸ. ਰਵਤੇਸ਼ਇੰਦਰ ਸਿੰਘ ਬਾਗੀ ਤੇ ਨਾਲ ਆਏ ਪਰਿਵਾਰਕ ਮੈਂਬਰਾਂ ਨੂੰ ਸਿਰੋਪਾਓ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਤੇ ਧਾਰਮਿਕ ਪੁਸਤਕਾਂ ਦਾ ਸੈਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਰਵਤੇਸ਼ਇੰਦਰ ਸਿੰਘ ਬਾਗੀ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਦੀ ਅਪਾਰ ਕ੍ਰਿਪਾ ਸਦਕਾ ਹੀ ਮੈਨੂੰ ਜੱਜ ਵਜੋਂ ਸੇਵਾ ਕਰਨ ਦਾ ਮਾਣ ਹਾਸਲ ਹੋਇਆ ਹੈ।

ਇਸ ਸਮੇਂ ਸ. ਇੰਦਰ ਮੋਹਣ ਸਿੰਘ 'ਅਨਜਾਣ' ਇੰਚਾਰਜ ਪਬਲੀਸਿਟੀ, ਸ. ਜਸਵਿੰਦਰ ਸਿੰਘ ਸੂਚਨਾ ਅਧਿਕਾਰੀ, ਸ. ਇੰਦਰਜੀਤ ਸਿੰਘ ਬਾਗੀ ਸਾਬਕਾ ਚੇਅਰਮੈਨ ਟੂਰਿਜ਼ਮ, ਪੰਜਾਬ, ਬੀਬੀ ਚਰਨਜੀਤ ਕੌਰ, ਸ. ਤਵਤੇਸ਼ਇੰਦਰ ਸਿੰਘ ਬਾਗੀ, ਸ੍ਰੀ ਰੋਹਿਤ ਸ਼ਰਮਾ ਤੇ ਸ. ਰਸ਼ਪਿੰਦਰ ਸਿੰਘ ਐਡਵੋਕੇਟ ਆਦਿ ਹਾਜ਼ਰ ਸਨ।

*੨੪ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਟ੍ਰੈਕਟ 'ਬਜ਼ੁਰਗਾਂ ਦਾ ਸਤਿਕਾਰ ਸੁੱਖਾਂ ਦਾ ਆਧਾਰ' ਲੋਕ ਅਰਪਣ ਕੀਤਾ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਪ੍ਰਸਿੱਧ ਵਿਦਵਾਨ ਪ੍ਰੋ. ਅੱਛਰੂ ਸਿੰਘ ਵੱਲੋਂ ਲਿਖਿਆ ਗਿਆ ਟ੍ਰੈਕਟ 'ਬਜ਼ੁਰਗਾਂ ਦਾ ਸਤਿਕਾਰ ਸੁੱਖਾਂ ਦਾ ਆਧਾਰ' ਲੋਕ ਅਰਪਣ ਕੀਤਾ। ਲੋਕ ਅਰਪਣ ਰਸਮ ਸਮੇਂ ਉਨ੍ਹਾਂ ਨਾਲ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ, ਐਡੀਸ਼ਨਲ ਸਕੱਤਰ ਸ. ਦਿਲਜੀਤ ਸਿੰਘ ਬੇਦੀ, ਡਾਇਰੈਕਟਰ ਐਜੂਕੇਸ਼ਨ ਡਾ. ਧਰਮਿੰਦਰ ਸਿੰਘ ਉੱਭਾ ਤੇ ਸ. ਬਲਜੀਤ ਸਿੰਘ ਬਰਾੜ ਹਾਜ਼ਰ ਸਨ।

ਇਸ ਮੌਕੇ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਬਚਪਨ, ਜਵਾਨੀ ਤੇ ਬੁਢਾਪਾ ਮਨੁੱਖੀ ਜੀਵਨ ਦੇ ਤਿੰਨ ਅਹਿਮ ਪੜਾਅ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਬੁਢਾਪਾ ਇੱਕ ਐਸੀ ਅਵਸਥਾ ਹੈ, ਜਿਸ ਸਮੇਂ ਮਨੁੱਖ ਨੂੰ ਸਹਾਰੇ ਦੀ ਜ਼ਿਆਦਾ ਜ਼ਰੂਰਤ ਹੁੰਦੀ ਹੈ। ਪਰ ਅੱਜ ਸਮਾਜ ਅੰਦਰ ਬਜ਼ੁਰਗਾਂ ਦੇ ਸਤਿਕਾਰ ਦੀ ਭਾਵਨਾ ਵਿਚ ਕਮੀ ਆ ਰਹੀ ਹੈ ਅਤੇ ਨੌਜਵਾਨੀ ਵਿਚ ਵੱਖਰੇ ਰਹਿਣ ਦੀ ਪ੍ਰਵਿਰਤੀ ਭਾਰੂ ਹੋ ਰਹੀ ਹੈ। ਉਨ੍ਹਾਂ ਪ੍ਰੋ. ਅੱਛਰੂ ਸਿੰਘ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਬਜ਼ੁਰਗਾਂ ਦੇ ਸਤਿਕਾਰ ਨੂੰ ਸੁੱਖਾਂ ਦੇ ਮੰਤਰ ਵਜੋਂ ਟ੍ਰੈਕਟ ਵਿਚ ਪ੍ਰਸਤੁਤ ਕਰ ਕੇ ਨੌਜਵਾਨੀ ਨੂੰ ਸਭਿਅਕ ਕਦਰਾਂ-ਕੀਮਤਾਂ ਨਾਲ ਜੋੜਿਆ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਲਿਖਤਾਂ ਨੌਜਵਾਨੀ ਨੂੰ ਸੰਸਕਾਰੀ ਬਨਾਉਣ ਲਈ ਵੱਡਾ ਰੋਲ ਅਦਾ ਕਰਦੀਆਂ ਹਨ। ਜ਼ਿਕਰਯੋਗ ਹੈ ਕਿ ਪ੍ਰੋ. ਅੱਛਰੂ ਸਿੰਘ ਨੇ ਮਨੁੱਖੀ ਸ਼ਖ਼ਸੀਅਤ ਦੇ ਵਿਕਾਸ ਲਈ ਆਪਣੀਆਂ ਲਿਖਤਾਂ ਦੁਆਰਾ ਭਰਪੂਰ ਯੋਗਦਾਨ ਪਾਇਆ ਹੈ। *੨੫ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਦਿਲਜੀਤ ਸਿੰਘ 'ਬੇਦੀ' ਦੀ ਪੁਸਤਕ 'ਅਦਬੀ ਮੁਲਾਕਾਤਾਂ' ਰਿਲੀਜ਼ ਕੀਤੀ

ਅੰਮ੍ਰਿਤਸਰ - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਅਵਤਾਰ ਸਿੰਘ ਨੇ ਸ. ਦਿਲਜੀਤ ਸਿੰਘ 'ਬੇਦੀ' ਦੁਆਰਾ ਵੱਖ-ਵੱਖ ਸਿਰਕੱਢ ਪੰਜਾਬੀ ਲੇਖਕਾਂ ਨਾਲ ਕੀਤੀਆਂ ਗਈਆਂ ਮੁਲਾਕਾਤਾਂ 'ਤੇ ਅਧਾਰਿਤ ਪੁਸਤਕ 'ਅਦਬੀ ਮੁਲਾਕਾਤਾਂ' ਦੀ ਲੋਕ ਅਰਪਣ ਰਸਮ ਅਦਾ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਸ. ਦਿਲਜੀਤ ਸਿੰਘ 'ਬੇਦੀ' ਨਿਰੰਤਰ ਲਿਖਣ ਵਾਲੇ ਲੇਖਕ ਹਨ ਅਤੇ ਉਨ੍ਹਾਂ ਦੀਆਂ ਪੁਸਤਕਾਂ ਦੀ ਸੂਚੀ ਲੰਮੀ ਹੈ। ਉਨ੍ਹਾਂ ਜਾਰੀ ਕੀਤੀ ਗਈ ਪੁਸਤਕ ਸਬੰਧੀ ਕਿਹਾ ਕਿ ਪੰਜਾਬੀ ਅਦਬ ਦੇ ਖੇਤਰ ਵਿਚ ਕਾਰਜਸ਼ੀਲ ਬੁਲੰਦ ਪੰਜਾਬੀ ਲੇਖਕਾਂ ਨਾਲ ਸ. ਬੇਦੀ ਵੱਲੋਂ ਕੀਤੀਆਂ ਗਈਆਂ ਮੁਲਾਕਾਤਾਂ ਜਿਥੇ ਸਬੰਧਤ ਲੇਖਕਾਂ ਦੇ ਜੀਵਨ ਤਜ਼ਰਬਿਆਂ ਨੂੰ ਰੂਪਮਾਨ ਕਰਦੀਆਂ ਹਨ, ਉਥੇ ਹੀ ਇਨ੍ਹਾਂ ਮੁਲਾਕਤਾਂ ਵਿਚੋਂ ਸਮਾਜ ਦੇ ਸਰੋਕਾਰਾਂ ਨਾਲ

ਸਬੰਧਤ ਵਿਚਾਰ ਵੀ ਪ੍ਰਤੱਖ ਹੁੰਦੇ ਹਨ।

ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਲੇਖਕ ਸਮਾਜ ਦਾ ਸ਼ੀਸ਼ਾ ਹੁੰਦੇ ਹਨ ਅਤੇ ਇਹ ਸਮਾਜ ਦੀ ਅਸਲ ਤਸਵੀਰ ਆਪਣੀਆਂ ਲਿਖਤਾਂ ਰਾਹੀਂ ਪੇਸ਼ ਕਰਦੇ ਹਨ। ਸਮਾਜਿਕ ਵਰਤਾਰੇ ਨੂੰ ਨਿਹਾਰ ਕੇ ਉਸ ਨੂੰ ਯਾਦਗਾਰੀ ਲਿਖਤ ਵਜੋਂ ਸੁਰੱਖਿਅਤ ਕਰ ਦੇਣਾ ਹੀ ਲੇਖਕ ਦੀ ਨਿਸ਼ਾਨੀ ਹੈ। ਉਨ੍ਹਾਂ ਕਿਹਾ ਕਿ ਸੱਭਿਆਚਾਰਕ ਅਤੇ ਸੰਸਕ੍ਰਿਤਕ ਨਜ਼ਰੀਏ ਤੋਂ ਲੇਖਕਾਂ ਦੇ ਵਿਚਾਰ ਹਥਲੀ ਪੁਸਤਕ ਵਿਚ ਸਾਹਮਣੇ ਆਉਂਦੇ ਹਨ ਅਤੇ ਤੇਜ਼ੀ ਨਾਲ ਬਦਲ ਰਹੇ ਸਮਾਜਿਕ ਮੁਹਾਂਦਰੇ ਅਤੇ ਕਦਰਾਂ-ਕੀਮਤਾਂ ਨੂੰ ਲੱਗ ਰਹੇ ਖੋਰੇ ਬਾਰੇ ਵੀ ਸਵਾਲ-ਜੁਆਬ ਦੇ ਰੂਪ ਵਿਚ ਇਸ ਪੁਸਤਕ ਵਿਚੋਂ ਪਾਠਕਾਂ ਨੂੰ ਵਿਚਾਰ ਮਿਲਣਗੇ। ਉਨ੍ਹਾਂ ਇਸ ਮੌਕੇ ਅਜੋਕੀ ਨੌਜੁਆਨੀ ਦੇ ਸਾਹਿਤ ਤੋਂ ਟੁੱਟਣ 'ਤੇ ਵੀ ਚਿੰਤਾ ਜ਼ਾਹਿਰ ਕਰਦਿਆਂ ਉੱਤਮ ਸਾਹਿਤ ਨਾਲ ਜੁੜਨ ਦੀ ਪ੍ਰੇਰਨਾ ਕੀਤੀ।

ਪੁਸਤਕ ਦੇ ਰਚੇਤਾ ਸ. ਦਿਲਜੀਤ ਸਿੰਘ 'ਬੇਦੀ' ਨੇ ਕਿਹਾ ਹੈ ਕਿ ਪੁਸਤਕ ਉਨ੍ਹਾਂ ਦੀ ਲੰਮੀ ਘਾਲਣਾ ਦਾ ਹਿੱਸਾ ਹੈ ਅਤੇ ਪੁਸਤਕ ਵਿਚ ਦਰਜ ਮੁਲਾਕਾਤਾਂ ਪਿਛਲੇ ਲੰਮੇ ਅਰਸੇ ਦੌਰਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਰਹੀ ਹੈ ਕਿ ਲੇਖਕ ਨੂੰ ਜ਼ਿਆਦਾਤਰ ਉਹ ਸਵਾਲ ਪੁੱਛੇ ਜਾਣ ਜਿਸ ਨਾਲ ਉਨ੍ਹਾਂ ਦੇ ਜੀਵਨ ਤਜ਼ਰਬੇ ਵਿਚੋਂ ਨਵੀਂ ਪੀੜ੍ਹੀ ਨੂੰ ਕੋਈ ਸੇਧ ਮਿਲ ਸਕੇ। ਸ. ਬੇਦੀ ਨੇ ਜਥੇਦਾਰ ਅਵਤਾਰ ਸਿੰਘ ਦਾ ਪੁਸਤਕ ਜਾਰੀ ਕਰਨ ਲਈ ਧੰਨਵਾਦ ਵੀ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਅਵਤਾਰ ਸਿੰਘ ਚੰਡੀਗੜ੍ਹ, ਸ਼੍ਰੋਮਣੀ ਕਮੇਟੀ ਦੇ ਡਾਇਰੈਕਟਰ ਵਿਦਿਆ ਡਾ. ਧਰਮਿੰਦਰ ਸਿੰਘ ਉੱਭਾ ਅਤੇ ਰੋਜ਼ਾਨਾ ਪੰਜਾਬ ਟਾਈਮਜ਼ ਦੇ ਸੰਪਾਦਕ ਸ. ਬਲਜੀਤ ਸਿੰਘ ਬਰਾੜ ਵੀ ਹਾਜ਼ਰ ਸਨ।

*੨੬ ਦਸੰਬਰ*

## ਛੋਟੇ ਸਾਹਿਬਜ਼ਾਦਿਆਂ ਵੱਲੋਂ ਦਿੱਤੀ ਸ਼ਹਾਦਤ ਨੂੰ ਸੰਗਤਾਂ ਆਪਣੇ ਹਿਰਦੇ ਵਿੱਚ ਵਸਾਉਣ : ਜਥੇ. ਅਵਤਾਰ ਸਿੰਘ

ਸ੍ਰੀ ਫ਼ਤਹਿਗੜ੍ਹ ਸਾਹਿਬ - ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਲਗੀਧਰ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਗੁਜਰ ਕੌਰ ਜੀ ਅਤੇ ਛੋਟੇ-ਛੋਟੇ ਲਾਲ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਤੇ ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਦੀ ਅਦੁੱਤੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਵੱਲੋਂ ਲਗਾਈ ਗਈ ਚਿੱਤਰ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ। ਇਸ ਪ੍ਰਦਰਸ਼ਨੀ ਵਿੱਚ ਛੋਟੇ ਸਾਹਿਬਜ਼ਾਦੇ ਬਾਬਾ ਜੋਰਾਵਰ ਸਿੰਘ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਦੀ ਅਦੁੱਤੀ ਸ਼ਹਾਦਤ, ਮਾਤਾ ਗੁਜਰੀ ਜੀ ਦੀ ਲਾਸਾਨੀ ਕੁਰਬਾਨੀ ਅਤੇ ਹੋਰ ਸ਼ਹੀਦ ਸਿੰਘਾਂ ਸਿੰਘਣੀਆਂ ਦੀ ਸ਼ਹਾਦਤ ਸਬੰਧੀ ਇਤਿਹਾਸ ਨੂੰ ਦਰਸਾਇਆ ਗਿਆ।

ਉਦਘਾਟਨ ਉਪਰੰਤ ਸਟੇਜ ਤੋਂ ਸੰਗਤਾਂ ਨੂੰ ਸੰਬੋਧਨ ਕਰਦਿਆ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਕਲਗੀਧਰ ਦਸਮੇਸ਼ ਪਿਤਾ ਨੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਉਪਰੰਤ ੧੬੯੯ ਈਸਵੀ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸੇ ਨੂੰ ਅੰਮ੍ਰਿਤ ਛਕਾ ਕੇ ਇਕ ਐਸੀ ਪਹਿਚਾਣ ਦਿੱਤੀ ਕਿ ਉਹ ਲੱਖਾਂ ਦੀ ਤਾਦਾਤ 'ਚੋਂ ਪਹਿਚਾਣਿਆਂ ਜਾ ਸਕੇ ਤੇ ਇਕ ਵਿਲੱਖਣ ਇਤਿਹਾਸ ਨੂੰ ਸਿਰਜਦੇ ਹੋਏ ਪਿਤਾ ਜੀ ਦੀ ਸਹੀਦੀ ਉਪਰੰਤ ਸਮੇਂ ਦੀ ਮੁਗਲੀਆ ਹਕੂਮਤ ਦੇ ਜ਼ੁਲਮਾਂ ਵਿਰੁੱਧ ਆਵਾਜ਼ ਬੁਲੰਦ ਕੀਤੀ ਤੇ ਆਪਣੇ ਪਿਆਰੇ ਖਾਲਸਾ ਪੰਥ ਦੇ ਨਾਲ-ਨਾਲ ਚਾਰੇ ਲਾਲ ਸ਼ਹੀਦ ਕਰਵਾਏ। ਉਨ੍ਹਾਂ ਕਿਹਾ ਕਿ ਦੁਨੀਆਂ ਦੇ ਇਤਿਹਾਸ ਵਿੱਚ ਮਾਤਾ ਗੁਜਰ ਕੌਰ ਜੀ ਵਰਗੀ ਕੋਈ ਐਸੀ ਮਾਂ ਨਹੀਂ ਜਿਸ ਨੇ ਆਪਣਾ ਪਤੀ ਸ਼ਹੀਦ ਕਰਵਾਇਆ ਤੇ ਫੇਰ ਪੁੱਤਰ ਤੇ ਪੋਤਰੇ ਤੇ ਇਸ ਉਪਰੰਤ ਅਕਾਲ ਪੁਰਖ ਦੇ ਭਾਣੇ ਨੂੰ ਮਿੱਠਾ ਕਰਕੇ ਮੰਨਦੇ ਹੋਏ ਉਸ ਦੇ ਚਰਨਾਂ 'ਚ ਜਾ

ਬਿਰਾਜੇ। ਉਨ੍ਹਾਂ ਕਿਹਾ ਕਿ ਇਹ ਕਲਗੀਧਰ ਦਸਮੇਸ਼ ਪਿਤਾ ਵੱਲੋਂ ਕਰਵਾਏ ਅੰਮ੍ਰਿਤਪਾਨ ਦਾ ਅਸਰ ਹੀ ਸੀ ਜੋ ਛੋਟੀ ਅਵਸਥਾ ਵਿੱਚ ਦੋਵੇਂ ਸਾਹਿਬਜ਼ਾਦਿਆਂ ਨੇ ਮਾਤਾ ਗੁਜਰ ਕੌਰ ਦੀ ਤੇਜਸਵੀ ਗੋਦ ਦਾ ਅਨੰਦ ਮਾਣਦਿਆਂ ਹੋਇਆਂ ਉਨ੍ਹਾਂ ਵੱਲੋਂ ਧਰਮ ਖਾਤਿਰ ਮਰ ਮਿਟਣ ਦੀ ਗੁੜਤੀ ਲੈ ਕੇ ਹੱਸਦੇ ਹੋਏ ਜ਼ਾਲਮ ਮੁਗਲ ਹਕੂਮਤ ਦੁਆਰਾ ਨੀਂਹਾਂ ਵਿੱਚ ਚਿਨਣ ਦੇ ਦਿੱਤੇ ਫਤਵੇ ਨੂੰ ਕਬੂਲ ਕਰਦਿਆਂ ਸ਼ਹਾਦਤ ਦੇ ਜਾਮ ਪੀਤੇ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਹਰ ਸਿੱਖ ਨੂੰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੀ ਯਾਦ 'ਚ ਰੋਜ਼ਾਨਾ ਪੰਜ ਮੂਲ ਮੰਤਰ ਤੇ ਪਾਠ ਕਰਨ ਲਈ ਅਪੀਲ ਕੀਤੀ।

ਇਸ ਮੌਕੇ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਯੂਥ ਰੈਡ ਕਰਾਸ ਯੂਨਿਟ ਮਾਤਾ ਗੁਜਰੀ ਕਾਲਜ ਵੱਲੋਂ ਮੈਡੀਕਲ ਕੈਂਪ, ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਵੱਲੋਂ ਜਾਂਚ ਕੈਂਪ, ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇ ਇਤਿਹਾਸ ਨੂੰ ਪੇਸ਼ ਕਰਦੇ ਪੇਂਟਿੰਗ ਮੁਕਾਬਲੇ, ਸੁੰਦਰ ਦਸਤਾਰ ਮੁਕਾਬਲੇ ਅਤੇ ਗੱਤਕਾ ਮੁਕਾਬਲਿਆਂ ਦਾ ਉਦਘਾਟਨ ਕਰਦੇ ਹੋਏ ਅਰੰਭਤਾ ਕਰਵਾਈ। ਜਥੇਦਾਰ ਅਵਤਾਰ ਸਿੰਘ ਵੱਲੋਂ ਸੁੰਦਰ ਦਸਤਾਰ ਸਜਾਉਣ ਵਾਲੇ ਵਿਦਿਆਰਥੀਆਂ ਦੀ ਚੋਣ ਕਰਦੇ ਹੋਏ ਪਹਿਲੇ ਨੰਬਰ ਤੇ ਸ. ਹਰਪ੍ਰੀਤ ਸਿੰਘ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ, ਦੂਸਰੇ ਨੰਬਰ ਤੇ ਸ. ਤੇਜਿੰਦਰ ਸਿੰਘ ਗੁਰੂ ਕਾਸ਼ੀ ਕਾਲਜ ਸ੍ਰੀ ਦਮਦਮਾ ਸਾਹਿਬ ਅਤੇ ਤੀਜੇ ਨੰਬਰ ਤੇ ਸ. ਕਰਨਬੀਰ ਸਿੰਘ ਮਾਤਾ ਗੁਜਰੀ ਕਾਲਜ, ਫਤਿਹਗੜ੍ਹ ਸਾਹਿਬ ਨੂੰ ਚੁਣਿਆ ਗਿਆ। ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਵੱਲੋਂ ਕਵੀਸ਼ਰੀ, ਕਵਿਤਾ, ਵਾਰ ਗਾਇਨ, ਨਾਟਕ ਤੇ ਕੋਰੀਓਗ੍ਰਾਫੀ ਦੇ ਮੁਕਾਬਲੇ ਵੀ ਕਰਵਾਏ ਗਏ।

ਇਸ ਮੌਕੇ ਡਾ: ਗੁਰਮੋਹਨ ਸਿੰਘ ਵਾਲੀਆ ਵਾਈਸ ਚਾਂਸਲਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਸ਼ਵ ਯੂਨੀਵਰਸਿਟੀ, ਸ. ਜਤਿੰਦਰ ਸਿੰਘ ਸਿੱਧੂ ਡਾਇਰੈਕਟਰ ਪ੍ਰਿੰਸੀਪਲ ਮਾਤਾ ਗੁਜਰੀ ਕਾਲਜ, ਫਤਿਹਗੜ੍ਹ ਸਾਹਿਬ, ਪ੍ਰਿੰਸੀਪਲ ਫੂਲਵਿੰਦਰ ਸਿੰਘ, ਸ. ਸਕੱਤਰ ਸਿੰਘ ਤੇ ਸ. ਹਰਜੀਤ ਸਿੰਘ ਮੀਤ ਸਕੱਤਰ, ਸ. ਅਮਰਜੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਸ. ਬਲਵਿੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਜੋਤੀ ਸਰੂਪ, ਸ. ਰਜਿੰਦਰ ਸਿੰਘ ਐਡੀਸ਼ਨਲ ਮੈਨੇਜਰ, ਸ. ਇੰਦਰ ਮੋਹਣ ਸਿੰਘ ਅਨਜਾਣ' ਇੰਚਾਰਜ ਪਬਲੀਸਿਟੀ, ਸ੍ਰ: ਗੁਰਿੰਦਰ ਸਿੰਘ ਨਿਜੀ ਸਹਾਇਕ, ਸ. ਚਾਨਣ ਸਿੰਘ ਇੰਚਾਰਜ, ਸ. ਅਮਰਜੀਤ ਸਿੰਘ ਅਕਾਊਟੈਂਟ, ਸ. ਅਰਵਿੰਦਰ ਸਿੰਘ ਸਾਸਨ ਏ.ਪੀ.ਆਰ.ਓ. ਅਤੇ ਭਾਰੀ ਗਿਣਤੀ ਵਿੱਚ ਸੰਗਤਾਂ ਸ਼ਾਮਲ ਸਨ।

*੨੬ ਦਸੰਬਰ*

## ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਲਾਲਾਂ ਨੇ ਧਰਮ ਦੀ ਰੱਖਿਆ ਖਾਤਰ ਅਦੁੱਤੀ ਸ਼ਹਾਦਤ ਦਿੱਤੀ: ਜਥੇਦਾਰ ਅਵਤਾਰ ਸਿੰਘ

ਸ੍ਰੀ ਫ਼ਤਹਿਗੜ੍ਹ ਸਾਹਿਬ - ਨੀਲੇ ਦੇ ਸ਼ਾਹ ਅਸਵਾਰ, ਸਾਹਿਬ-ਏ-ਕਮਾਲ, ਸਰਬੰਸਦਾਨੀ ਕਲਗੀਧਰ ਦਸਮੇਸ਼ ਪਿਤਾ ਦੇ ਛੋਟੇ-ਛੋਟੇ ਲਾਲਾਂ, ਲਖਤੇ ਜ਼ਿਗਰ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਧਾਰਮਿਕ ਸਮਾਗਮ ਕਰਵਾਏ ਗਏ। ਜਿਸ ਵਿੱਚ ਰਾਗੀ ਸਿੰਘਾਂ ਨੇ ਅੰਮ੍ਰਿਤਮਈ ਬਾਣੀ ਦਾ ਕੀਰਤਨ ਕੀਤਾ, ਪੰਥ ਪ੍ਰਸਿੱਧ ਢਾਡੀ ਅਤੇ ਕਵੀਸ਼ਰ ਸਿੰਘਾਂ ਨੇ ਬੀਰ ਰਸੀ ਅਤੇ ਵੈਰਾਗਮਈ ਵਾਰਾਂ ਗਾ ਕੇ ਸੰਗਤਾਂ ਨੂੰ ਕੁਰਬਾਨੀਆਂ ਨਾਲ ਭਰੇ ਸਿੱਖ ਇਤਿਹਾਸ ਤੋਂ ਜਾਣੂੰ ਕਰਵਾਇਆ।

ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਦੇ ਬਾਹਰ ਪੰਡਾਲ ਵਿੱਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਿਹਾ ਕਿ ਸ਼ਹੀਦਾਂ ਦੇ ਰਕਤ ਨਾਲ ਸਿੰਜੀ ਧਰਤੀ ਸ੍ਰੀ

ਫਤਹਿਗੜ੍ਹ ਸਾਹਿਬ ਇਤਿਹਾਸਕ ਤੇ ਧਾਰਮਿਕ ਪੱਖ ਤੋਂ ਬਹੁਤ ਮਹੱਤਤਾ ਰੱਖਦੀ ਹੈ। ਉਨ੍ਹਾਂ ਕਿਹਾ ਕਿ ਇਥੇ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਫਰਜ਼ੰਦ ਛੋਟੇ ਲਾਲਾਂ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਨੇ ਦੇਸ਼, ਕੌਮ ਤੇ ਧਰਮ ਦੀ ਰੱਖਿਆ ਲਈ ਅਦੁੱਤੀ ਸ਼ਹਾਦਤ ਦਿੱਤੀ, ਜਿਸ ਦੀ ਦੁਨੀਆਂ ਵਿਚ ਕਿਤੇ ਮਿਸਾਲ ਨਹੀਂ ਮਿਲਦੀ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦਾ ਇਤਿਹਾਸ ਧਰਮ ਤੇ ਕੌਮ ਲਈ ਸੱਚੇ ਪਿਆਰ ਦੀ ਜਿੱਥੇ ਹਾਮੀ ਭਰਦਾ ਹੈ, ਓਥੇ ਜ਼ਬਰ, ਜ਼ੁਲਮ ਤੇ ਜ਼ਾਲਿਮ ਖਿਲਾਫ਼ ਡਟਣ ਦਾ ਸੰਦੇਸ਼ ਵੀ ਦਿੰਦਾ ਹੈ ਅਤੇ ਇਹੋ ਕਾਰਣ ਹੀ ਸੀ ਕਿ ਜ਼ਬਰ-ਜ਼ੁਲਮ ਤੇ ਹੰਕਾਰ ਦੇ ਅੱਗੇ ਗੁਰੂ ਦੇ ਲਾਲ ਅਡੋਲ ਰਹਿ ਕੇ ਸ਼ਹੀਦੀ ਪਾ ਗਏ, ਪਰ ਆਪਣਾ ਧਰਮ ਨਹੀਂ ਛੱਡਿਆ। ਉਨ੍ਹਾਂ ਕਿਹਾ ਮੈਂ ਸਿੱਖ ਨੌਜਵਾਨੀ ਨੂੰ ਅਪੀਲ ਕਰਦਾ ਹਾਂ ਕਿ ਉਹ ਸਰਹਿੰਦ ਦੀਆਂ ਦੀਵਾਰਾਂ ਤੋਂ ਸੇਧ ਲੈ ਕੇ ਗੁਰੂ ਵਾਲੇ ਬਨਣ ਅਤੇ ਬਾਣੀ ਤੇ ਬਾਣੇ ਦੇ ਧਾਰਨੀ ਹੋ ਕੇ ਲੋਕ ਸੁਖੀਏ ਤੇ ਪ੍ਰਲੋਕ ਸੁਹੇਲੇ ਹੋਣ। ਉਨ੍ਹਾਂ ਕਿਹਾ ਕਿ ਮੈਂ ਇਨ੍ਹਾਂ ਮਹਾਨ ਸ਼ਹੀਦਾਂ ਨੂੰ ਬਾਰੰ-ਬਾਰ ਪ੍ਰਨਾਮ ਕਰਦਾ ਹਾਂ। ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਕੁਰਬਾਨੀ ਨੂੰ ਸਮਰਪਿਤ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ ਵਿੱਚ ਹਾਜ਼ਰੀਆਂ ਭਰ ਰਹੀਆਂ ਸੰਗਤਾਂ ਨੂੰ ਚਾਹੀਦਾ ਹੈ ਕਿ ਉਹ ਇਨ੍ਹਾਂ ਕੁਰਬਾਨੀਆਂ ਪਿੱਛੇ ਅਸਲ ਮਕਸਦ ਨੂੰ ਜਾਣਨ ਕਿ ਕਿਉਂ ਛੋਟੇ ਲਾਲਾਂ ਨੂੰ ਸ਼ਹਾਦਤ ਦਾ ਜਾਮ ਪੀਣਾ ਪਿਆ ? ਉਨ੍ਹਾਂ ਕਿਹਾ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਸੰਗਤਾਂ ਦੂਰ-ਦੂਰ ਤੋਂ ਆ ਕੇ ਨਾ ਸਿਰਫ ਸ਼ਰਧਾ ਤੇ ਸਤਿਕਾਰ ਭੇਟ ਕਰਦੀਆਂ ਹਨ ਬਲਕਿ ਸੇਵਾ ਵੀ ਕਰਦੀਆਂ ਹਨ, ਪਰ ਅਜੋਕੇ ਸਮੇਂ ਵਿੱਚ ਪ੍ਰਮੁੱਖ ਲੋੜ ਸਿੱਖੀ ਸਿਧਾਤਾਂ ਨੂੰ ਅਪਨਾਉਣ ਦੀ ਵੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਅੰਦਰੋਂ ਇਹ ਪੁੱਛਣਾ ਚਾਹੀਦਾ ਹੈ ਕਿ ਕੀ ਅਸੀ ਦਸਮੇਸ਼ ਪਿਤਾ ਦੇ ਪੁੱਤਰ ਬਣਨ ਦੇ ਲਾਇਕ ਹਾਂ ! ਜੇਕਰ ਇਸ ਸਵਾਲ ਦਾ ਜਵਾਬ ਸਾਨੂੰ ਮਿਲ ਜਾਵੇ ਤਾਂ ਅਸੀ ਆਪ ਮੁਹਾਰੇ ਅਕਾਲ ਪੁਰਖ ਦੇ ਨੇੜੇ ਹੋ ਜਾਵਾਂਗੇ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਨੌਜਵਾਨ ਪੀੜ੍ਹੀ ਨੂੰ ਸਿੱਖੀ ਨਾਲ ਜੋੜਨ ਲਈ ਜਨਵਰੀ ਮਹੀਨੇ ਤੋਂ ਪੰਜਾਬ ਦੇ ਪਿੰਡ-ਪਿੰਡ ਵਿੱਚ ਆਪਣੇ ਸਾਧਨਾਂ ਰਾਹੀਂ ਪ੍ਰਚਾਰ ਕੀਤਾ ਜਾਵੇਗਾ ਤੇ ਦਿਨੋ-ਦਿਨ ਪਤਿਤ ਹੋ ਰਹੀ ਨੌਜਵਾਨ ਪੀੜ੍ਹੀ ਨੂੰ ਪ੍ਰੇਰ ਕੇ ਸਿੱਖੀ ਸਿਧਾਂਤਾਂ ਨਾਲ ਜੋੜਿਆ ਜਾਵੇਗਾ। ਇਸ ਮੌਕੇ ਸ. ਕਰਨੈਲ ਸਿੰਘ ਪੰਜੋਲੀ ਅੰਤ੍ਰਿੰਗ ਕਮੇਟੀ ਮੈਂਬਰ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੁਨੀਆਂ ਦਾ ਇਤਿਹਾਸ ਜਿੰਨਾ ਵੀ ਪੜ੍ਹਿਆ ਗਿਆ ਹੈ ਉਸ ਬਾਰੇ ਸਾਰੇ ਇਹ ਜਾਣਦੇ ਹਨ ਕਿ ਪਿਤਾ ਲਈ ਪੁੱਤਰਾਂ ਦਾ ਵਿਛੋੜਾ ਕਿੰਨਾ ਅਸਹਿ ਹੁੰਦਾ ਹੈ, ਪਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਧਰਮ ਤੇ ਮਨੁੱਖੀ ਹੱਕਾਂ ਲਈ ਆਪਣਾ ਸਰਬੰਸ ਵਾਰ ਦਿੱਤਾ ਅਤੇ ਦਬੇ-ਕੁਚਲੇ ਲੋਕਾਂ ਨੂੰ ਇਕ ਥਾਂ ਇਕੱਠੇ ਕਰਦਿਆਂ ਵਿਲੱਖਣ ਖਾਲਸਾ ਪੰਥ ਦੀ ਸਿਰਜਨਾ ਕੀਤੀ। ਉਨ੍ਹਾਂ ਕਿਹਾ ਕਿ ਖਾਲਸੇ ਦੀ ਚੜ੍ਹਦੀ ਕਲਾ ਲਈ ਦਸਮ ਪਾਤਸ਼ਾਹ ਜੀ ਨੇ ਆਪਣੇ ਛੋਟੇ ਲਾਲਾਂ ਦੀ ਕੁਰਬਾਨੀ ਦਿੱਤੀ ਹੈ ਜੋ ਸਮੁੱਚੇ ਸੰਸਾਰ ਦੇ ਦਿਲਾਂ ਵਿੱਚ ਅਮਿਟ ਛਾਪ ਛੱਡ ਗਈ ਹੈ। ਉਨ੍ਹਾਂ ਕਿਹਾ ਕਿ ਸਾਨੂੰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਸਿੱਖੀ ਸੰਭਾਲ ਦੀ ਵਿਚਾਰਧਾਰਾ ਦੇ ਸੁਨੇਹੇ ਨੂੰ ਅਮਲੀ ਰੂਪ ਵਿੱਚ ਅਪਨਾਉਣਾ ਚਾਹੀਦਾ ਹੈ, ਇਹ ਹੀ ਮਹਾਨ ਸ਼ਹੀਦਾਂ ਨੂੰ ਸਾਡੇ ਵੱਲੋਂ ਸੱਚੀ ਸ਼ਰਧਾਂਜਲੀ ਹੋਵੇਗੀ। *੨੭ ਦਸੰਬਰ*

# ਜੈਕਾਰਿਆਂ ਦੀ ਗੂੰਜ 'ਚ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਆਯੋਜਿਤ

## ਨਿੱਕੀਆਂ ਜ਼ਿੰਦਾਂ ਦੀਆਂ ਵੱਡੀਆਂ ਕੁਰਬਾਨੀਆਂ ਨੇ ਸਿੱਖੀ ਦੀ ਚੜ੍ਹਦੀ ਕਲਾ ਵਿੱਚ ਮੋਹਰੀ ਭੂਮਿਕਾ ਨਿਭਾਈ : ਜਥੇਦਾਰ ਅਵਤਾਰ ਸਿੰਘ

ਸ੍ਰੀ ਫ਼ਤਹਿਗੜ੍ਹ ਸਾਹਿਬ - ਸਾਹਿਬ-ਏ-ਕਮਾਲ, ਸਰਬੰਸਦਾਨੀ ਕਲਗੀਧਰ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਗੁਜਰ ਕੌਰ ਜੀ ਅਤੇ ਛੋਟੇ ਲਖ਼ਤੇ ਜਿਗਰ ਸਾਹਿਬਜ਼ਾਦਾ ਬਾਬਾ ਜ਼ੋਰਾਵਰ

ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਇਤਿਹਾਸਕ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਤੀਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਤੇ ਪੰਜ ਪਿਆਰਿਆਂ ਦੀ ਅਗਵਾਈ 'ਚ ਵਿਸ਼ਾਲ ਨਗਰ ਕੀਰਤਨ ਆਯੋਜਿਤ ਕੀਤਾ ਗਿਆ। ਆਰੰਭਤਾ ਦੀ ਅਰਦਾਸ ਭਾਈ ਹਰਪਾਲ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨੇ ਕੀਤੀ ਅਤੇ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਲਿਆ। ਉਪਰੰਤ ਸ੍ਰੀ ਜਪੁਜੀ ਸਾਹਿਬ ਦੇ ਜਾਪੁ ਕਰਨ ਉਪਰੰਤ ਸਵੇਰੇ ੯.੦੦ ਵਜੇ ਪੰਜ ਪਿਆਰੇ ਸਾਹਿਬਾਨ ਤੇ ਪੰਜ ਨਿਸ਼ਾਨਚੀ ਸਾਹਿਬਾਨ ਨੂੰ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰੂ-ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਨਗਰ ਕੀਰਤਨ ਲਈ ਰਵਾਨਾ ਕੀਤਾ।

ਫੁੱਲਾਂ ਨਾਲ ਸਜੀ ਹੋਈ ਸੁਨਹਿਰੀ ਪਾਲਕੀ ਵਾਲੀ ਗੱਡੀ 'ਚ ਸੁਸ਼ੋਭਿਤ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਨੇ ਚੌਰ ਸਾਹਿਬ ਦੀ ਸੇਵਾ ਨਿਭਾਈ। ਇਸ ਸਮੇਂ ਧਾਰਮਿਕ ਸ਼ਖ਼ਸੀਅਤਾਂ ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ, ਤਖ਼ਤ ਸ੍ਰੀ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਇਕਬਾਲ ਸਿੰਘ, ਬਾਬਾ ਹਰਨਾਮ ਸਿੰਘ ਮੁੱਖੀ ਦਮਦਮੀ ਟਕਸਾਲ, ਸ਼੍ਰੋਮਣੀ ਅਕਾਲੀ ਬੁੱਢਾ ਦਲ ਦੇ ਮੁੱਖੀ ਬਾਬਾ ਬਲਬੀਰ ਸਿੰਘ ੯੬ ਕਰੋੜੀ, ਬਾਬਾ ਹਰਨੇਕ ਸਿੰਘ ਰਾੜਾ ਸਾਹਿਬ ਵਾਲੇ, ਬਿਧੀ ਚੰਦ ਸੰਪਰਦਾ ਦੇ ਬਾਬਾ ਅਵਤਾਰ ਸਿੰਘ, ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਤੋਂ ਇਲਾਵਾ ਹੋਰ ਨਿਹੰਗ ਸਿੰਘ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ। ਨਗਰ ਕੀਰਤਨ 'ਚ ਧਾਰਮਿਕ ਸਭਾ-ਸੁਸਾਇਟੀਆਂ, ਗੱਤਕਾ ਪਾਰਟੀਆਂ, ਵੱਖ-ਵੱਖ ਸਕੂਲਾਂ/ਕਾਲਜਾਂ ਦੇ ਬੈਂਡ ਅਤੇ ਵੱਡੀ ਗਿਣਤੀ 'ਚ ਸਤਿਨਾਮ-ਵਾਹਿਗੁਰੂ ਦਾ ਜਾਪ ਕਰਦੀਆਂ ਹੋਈਆਂ ਪੈਦਲ ਸੰਗਤਾਂ ਨੇ ਸ਼ਮੂਲੀਅਤ ਕੀਤੀ। ਨਗਰ ਕੀਰਤਨ ਮਾਤਾ ਗੁਜਰੀ ਕਾਲਜ, ਜ਼ਿਲ੍ਹਾ ਕਚਹਿਰੀਆਂ, ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਪੁੱਲਾਂ, ਬਾਬਾ ਜੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਸੀਨੀਅਰ ਸੈਕੰਡਰੀ ਸਕੂਲ ਅਤੇ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਤੋਂ ਹੁੰਦਾ ਹੋਇਆ ਗੁਰਦੁਆਰਾ ਸ੍ਰੀ ਜੋਤੀ ਸਰੂਪ ਪੁੱਜ ਕੇ ਅਰਦਾਸ ਉਪਰੰਤ ਸੰਪੰਨ ਹੋਇਆ। ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜੇ ਦੀਵਾਨ ਵਿੱਚ ਭਾਈ ਪੰਜਾਬ ਸਿੰਘ ਤੇ ਭਾਈ ਰਣਜੀਤ ਸਿੰਘ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਭਾਈ ਗੁਰਜੰਟ ਸਿੰਘ ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ, ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਜਥਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਰਾਗੀ ਜਥਿਆਂ ਨੇ ਇਲਾਹੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਇਸ ਮੌਕੇ ਅਕਾਲੀ ਜਥਾ ਸ੍ਰੀ ਅਨੰਦਪੁਰ ਸਾਹਿਬ ਨੇ ਵੀ ਤੰਤੀ ਸਾਜਾਂ ਰਾਹੀਂ ਸੰਗਤਾਂ ਨੂੰ ਧੁਰ ਕੀ ਬਾਣੀ ਦੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।

ਨਗਰ ਕੀਰਤਨ ਦੀ ਸਮਾਪਤੀ ਉਪਰੰਤ ਗੁਰਦੁਆਰਾ ਸ੍ਰੀ ਜੋਤੀ ਸਰੂਪ ਵਿਖੇ ਸਜਾਏ ਗਏ ਦੀਵਾਨ 'ਚ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰ ਕੌਰ ਜੀ ਦੀਆਂ ਵਿਲੱਖਣ ਸ਼ਹਾਦਤਾਂ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਅੱਜ ਸਿੱਖ ਕੌਮ ਮੋਤੀ ਰਾਮ ਮਹਿਰਾ ਤੇ ਦੀਵਾਨ ਟੋਡਰ ਮੱਲ ਦੇ ਸ਼ਲਾਘਾਯੋਗ ਉਪਰਾਲਿਆਂ ਅੱਗੇ ਸਿਰ ਝੁਕਾਉਂਦੀ ਹੈ। ਉਨ੍ਹਾਂ ਕਿਹਾ ਕਿ ਸਾਡਾ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ 'ਤੇ ਨਗਰ ਕੀਰਤਨ ਵਿੱਚ ਸ਼ਾਮਲ ਹੋਣਾ ਤਾਂ ਹੀ ਸਫਲਾ ਹੈ ਜੇਕਰ ਅਸੀਂ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਬਾਣੀ ਅਤੇ ਬਾਣੇ ਦੇ ਧਾਰਨੀ ਬਣਾਂਗੇ। ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਦਾ ਇਤਿਹਾਸ ਸਿੱਖ ਕੌਮ ਲਈ ਇੱਕ ਸੁਨੇਹਾ ਹੈ, ਜਿਸ ਨੂੰ ਮਹਿਸੂਸ ਕਰਨ ਦੀ ਲੋੜ ਹੈ। ਉਨ੍ਹਾਂ ਇਹ ਵੀ ਕਿਹਾ ਕਿ ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪੰਜ ਪਿਆਰਿਆਂ ਪਾਸੋਂ ਅੰਮ੍ਰਿਤਪਾਨ ਕਰਨ ਸਮੇਂ ਕਿਹਾ ਸੀ ਕਿ ਸਮਾਂ ਆਉਣ 'ਤੇ ਉਹ ਆਪਣਾ ਸਾਰਾ ਸਰਬੰਸ ਕੌਮ ਦੀ ਖਾਤਰ ਕੁਰਬਾਨ ਕਰ ਦੇਣਗੇ, ਉਨ੍ਹਾਂ ਸਮਾਂ

ਆਉਣ 'ਤੇ ਅਜਿਹਾ ਹੀ ਕੀਤਾ। ਉਨ੍ਹਾਂ ਸਿੱਖ ਕੌਮ ਨੂੰ ਆਪਣਾ ਮੰਥਨ ਕਰਨ ਲਈ ਪ੍ਰੇਰਿਤ ਕਰਦਿਆਂ ਸਵਾਲ ਕੀਤਾ ਕਿ ਜੇਕਰ ਪਾਤਸ਼ਾਹ ਜੀ ਦੇ ਛੋਟੇ ਸਾਹਿਬਜ਼ਾਦੇ ਅਨੇਕਾਂ ਤਸੀਹੇ ਸਹਿ ਕੇ ਵੀ ਧਰਮ ਦੇ ਮਾਰਗ ਤੋਂ ਨਹੀਂ ਸਨ ਡੋਲੇ ਤਾਂ ਫਿਰ ਅੱਜ ਦੀ ਨੌਜਵਾਨੀ ਬਿਨ੍ਹਾਂ ਕਿਸੇ ਡਰ-ਭੈਅ ਦੇ ਹੀ ਕਿਉਂ ਸਿੱਖੀ ਸਰੂਪ ਤਿਆਗ ਰਹੀ ਹੈ?ਉਨ੍ਹਾਂ ਕਿਹਾ ਕਿ ਸਿੱਖ ਇਕ ਵੱਖਰੀ ਕੌਮ ਹੈ ਸਮੁੱਚੇ ਬੱਚੇ-ਬੱਚੇ ਨੂੰ ਇਸ ਮੁਹਿੰਮ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਕਦੇ ਵੀ ਦੋ ਟੋਟੇ ਨਹੀਂ ਹੋਣ ਦਿੱਤੇ ਜਾਣਗੇ।

ਉਨ੍ਹਾਂ ਕਿਹਾ ਕਿ ਸ੍ਰੀ ਫਤਹਿਗੜ੍ਹ ਸਾਹਿਬ ਦੇ ਪਾਵਨ ਪਵਿੱਤਰ ਅਸਥਾਨ 'ਤੇ ਨਿੱਕੀਆਂ ਜ਼ਿੰਦਾਂ ਦੇ ਵੱਡੇ ਸਾਕੇ ਹੋਏ ਹਨ ਜਿਸ ਦੇ ਦੋ ਅਹਿਮ ਪੱਖ ਹਨ ਇਕ ਸੱਤ ਤੇ ਨੌ ਸਾਲ ਦੇ ਛੋਟੇ ਸਾਹਿਬਜ਼ਾਦਿਆਂ ਨੂੰ ਨੀਂਹਾਂ ਵਿੱਚ ਜਿੰਦਾ ਚਿਣਵਾ ਦੇਣਾ ਤੇ ਦੂਸਰਾ ਆਪਣੇ ਜਜ਼ਬੇ ਨੂੰ ਕਾਇਮ ਰੱਖਦਿਆਂ ਧਰਮ ਦੀ ਖਾਤਰ ਜਾਨਾਂ ਵਾਰ ਕੇ ਸੁਨਹਿਰੀ ਇਤਿਹਾਸ ਦੀ ਸਿਰਜਣਾ ਕਰਨੀ। ਉਨ੍ਹਾਂ ਕਿਹਾ ਕਿ ਨਿੱਕੀਆਂ ਜ਼ਿੰਦਾਂ ਦੀਆਂ ਵੱਡੀਆਂ ਕੁਰਬਾਨੀਆਂ ਨੇ ਸਿੱਖੀ ਦੀ ਚੜ੍ਹਦੀ ਕਲਾ ਲਈ ਮੋਹਰੀ ਭੂਮਿਕਾ ਨਿਭਾਈ ਹੈ। ਉਨ੍ਹਾਂ ਕਿਹਾ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ੧੭੦੮ ਈ. ਵਿੱਚ ਮਾਧੋ ਦਾਸ ਬੈਰਾਗੀ ਨੂੰ ਬਾਬਾ ਬੰਦਾ ਸਿੰਘ ਬਹਾਦਰ ਦੇ ਰੂਪ ਵਿੱਚ ਪੰਜਾਬ ਭੇਜਿਆ ਸੀ ਤੇ ੧੭੧੦ ਈ: ਵਿੱਚ ਬਾਬਾ ਬੰਦਾ ਸਿੰਘ ਬਹਾਦਰ ਨੇ ਚੱਪੜਚਿੜੀ ਦੇ ਮੈਦਾਨ ਵਿਖੇ ਵਜ਼ੀਦ ਖਾਨ ਨੂੰ ਕਤਲ ਕਰਕੇ ਨਾ ਸਿਰਫ ਪਹਿਲੇ ਸਿੱਖ ਰਾਜ ਦੀ ਸਥਾਪਨਾ ਕੀਤੀ, ਬਲਕਿ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਵੀ ਬਦਲਾ ਲਿਆ ਅਤੇ ਸਰਹੰਦ ਦੀ ਇੱਟ ਨਾਲ ਇੱਟ ਖੜਕਾ ਦਿੱਤੀ। ਉਨ੍ਹਾਂ ਇਸ ਮੌਕੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜ਼ਰ ਕੌਰ ਜੀ ਦੀ ਸ਼ਹਾਦਤ ਤੇ ਸ਼ਰਧਾ ਸਤਿਕਾਰ ਭੇਟ ਕਰਦਿਆਂ ਸਮੂਹ ਸੰਗਤਾਂ ਨੂੰ ਸਿੱਖ ਇਤਿਹਾਸ ਦੇ ਅਮੀਰ ਵਿਰਸੇ ਨਾਲ ਜੁੜਣ ਲਈ ਕਿਹਾ। ਉਨ੍ਹਾਂ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਇਸ ਸ਼ਹੀਦੀ ਦਿਹਾੜੇ 'ਤੇ ਪ੍ਰੇਰਦਿਆਂ ਕਿਹਾ ਕਿ ਜੋ ਬੱਚੇ ਪਤਿਤਪੁਣੇ ਅਤੇ ਨਸ਼ਿਆਂ ਵਿੱਚ ਗ੍ਰਸਤ ਹੋ ਕੇ ਸਿੱਖੀ ਤੋਂ ਮੁੱਖ ਮੋੜ ਚੁੱਕੇ ਹਨ ਉਹ ਛੋਟੀਆਂ ਜਿੰਦਾਂ ਦੀਆਂ ਵੱਡੀਆਂ ਕੁਰਬਾਨੀਆਂ ਤੋਂ ਸਬਕ ਲੈਂਦੇ ਹੋਏ ਜੁਗੋ-ਜੁਗ ਅਟੱਲ ਸ਼ਬਦ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣ ਅਤੇ ਕਲਗੀਧਰ ਦਸਮੇਸ਼ ਪਿਤਾ ਵੱਲੋਂ ਬਖਸ਼ੀ ਖੰਡੇ ਬਾਟੇ ਦੀ ਪਾਹੁਲ (ਅੰਮ੍ਰਿਤ) ਛਕ ਕੇ ਗੁਰੂ ਵਾਲੇ ਬਨਣ ਅਤੇ ਖਾਲਸੇ ਦੀ ਅਸਲੀ ਪਹਿਚਾਣ ਕਾਇਮ ਕਰਨ। ਉਨ੍ਹਾਂ ਲੰਗਰ ਲਗਾਉਣ ਵਾਲੀਆਂ, ਜੋੜਿਆਂ ਦੀ ਸੇਵਾ ਕਰਨ ਵਾਲੀਆਂ, ਚਾਹ ਦੀ ਸੇਵਾ ਕਰਨ ਵਾਲੀਆਂ, ਝਾੜੂ ਦੀ ਸੇਵਾ ਕਰਨ ਵਾਲੀਆਂ ਸਮੁੱਚੀਆਂ ਸੰਗਤਾਂ, ਸਭਾ-ਸੁਸਾਇਟੀਆਂ ਆਦਿ ਦਾ ਧੰਨਵਾਦ ਕੀਤਾ। ਮੰਚ ਦੀ ਸੇਵਾ ਸ. ਕਰਨੈਲ ਸਿੰਘ ਪੰਜੋਲੀ ਮੈਂਬਰ ਅੰਤ੍ਰਿੰਗ ਕਮੇਟੀ ਨੇ ਨਿਭਾਈ।

ਇਸ ਮੌਕੇ ਸ. ਰਵਿੰਦਰ ਸਿੰਘ ਖਾਲਸਾ, ਬੀਬੀ ਕੁਲਦੀਪ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਸ. ਦੀਦਾਰ ਸਿੰਘ ਭੱਟੀ, ਸ. ਹਰਚਰਨ ਸਿੰਘ ਮੁੱਖ ਸਕੱਤਰ, ਸ. ਅਵਤਾਰ ਸਿੰਘ ਸਕੱਤਰ, ਸ. ਦਿਲਜੀਤ ਸਿੰਘ ਬੇਦੀ, ਸ.ਮਹਿੰਦਰ ਸਿੰਘ ਆਹਲੀ ਤੇ ਸ. ਸੁਖਦੇਵ ਸਿੰਘ ਭੂਰਾਕੋਹਨਾ ਵਧੀਕ ਸਕੱਤਰ, ਸ. ਸਕੱਤਰ ਸਿੰਘ, ਸ. ਹਰਜੀਤ ਸਿੰਘ ਤੇ ਸ. ਜਸਵਿੰਦਰ ਸਿੰਘ ਦੀਨਪੁਰ ਮੀਤ ਸਕੱਤਰ, ਸ. ਅਮਰਜੀਤ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ, ਸ. ਬਲਵਿੰਦਰ ਸਿੰਘ ਮੈਨੇਜਰ ਗੁਰਦੁਆਰਾ ਸ੍ਰੀ ਜੋਤੀ ਸਰੂਪ, ਸ. ਰੇਸ਼ਮ ਸਿੰਘ ਮੈਨੇਜਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ, ਸ. ਜਗੀਰ ਸਿੰਘ ਮੈਨੇਜਰ, ਭਾਈ ਨਿਰਮਲ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਜੋਤੀ ਸਰੂਪ ਤੋਂ ਇਲਾਵਾ ਲੱਖਾਂ ਦੀ ਤਦਾਦ ਵਿੱਚ ਸੰਗਤਾਂ ਹਾਜ਼ਰ ਸਨ।

*੨੮ ਦਸੰਬਰ*

## ਛੋਟੇ ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਿਤ ਦੀਵਾਨ ਟੋਡਰ ਮੱਲ ਹਾਲ ਵਿਖੇ ਕਵੀ ਦਰਬਾਰ ਕਰਵਾਇਆ

ਅੰਮ੍ਰਿਤਸਰ- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਲਗੀਧਰ ਦਸਮੇਸ਼ ਪਿਤਾ ਦੇ ਫਰਜ਼ੰਦ ਛੋਟੇ-ਛੋਟੇ ਲਾਲਾਂ ਸਾਹਿਬਜ਼ਾਦਾ ਬਾਬਾ ਜ਼ੋਰਾਵਰ ਸਿੰਘ ਜੀ ਤੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ

ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਦੀਵਾਨ ਟੋਡਰ ਮੱਲ ਹਾਲ ਵਿਖੇ ਕਵੀ ਦਰਬਾਰ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪੰਥ ਪ੍ਰਸਿੱਧ ਕਵੀਆਂ ਵੱਲੋਂ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਚਾਰ ਸਾਹਿਬਜਾਦੇ, ਮਾਤਾ ਗੁਜਰ ਕੌਰ ਜੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਬਾਰੇ ਆਪਣੀਆਂ ਕਵਿਤਾਵਾਂ ਵਿੱਚ ਬੜੀ ਸੁਹਿਰਦਤਾ ਨਾਲ ਜ਼ਿਕਰ ਕਰਦਿਆਂ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ।

ਪੰਥਕ ਕਵੀ ਭਾਈ ਬਲਬੀਰ ਸਿੰਘ ਬੱਲ, ਸ. ਤਰਲੋਕ ਸਿੰਘ ਦੀਵਾਨਾ, ਬੀਬਾ ਇੰਦਰਜੀਤ ਕੌਰ ਖਾਲਸਾ, ਸ. ਬਲਵਿੰਦਰ ਸਿੰਘ ਸੰਧਾ, ਸ. ਅਜੀਤ ਸਿੰਘ 'ਰਤਨ', ਸ. ਮੱਖਣ ਸਿੰਘ ਮੱਤੇਵਾਲ, ਸ. ਜੋਗਿੰਦਰ ਸਿੰਘ, ਸ. ਸਤਬੀਰ ਸਿੰਘ 'ਸ਼ਾਨ', ਸ. ਚੈਨ ਸਿੰਘ 'ਚੱਕਰਵਰਤੀ', ਸ. ਬਚਨ ਸਿੰਘ 'ਗੜਗੱਜ', ਸ. ਵਿਰਸਾ ਸਿੰਘ, ਸ. ਮੁਖਤਿਆਰ ਸਿੰਘ 'ਮਸਕੀਨ', ਸ. ਅਮਰਜੀਤ ਸਿੰਘ ਪਟਿਆਲਾ, ਬੀਬਾ ਇੰਦਰਜੀਤ ਕੌਰ ਮੋਹਾਲੀ, ਬੀਬੀ ਗੁਰਮੀਤ ਕੌਰ, ਬੀਬੀ ਸਤਨਾਮ ਕੌਰ, ਸ. ਕ੍ਰਿਪਾਲ ਸਿੰਘ ਪਟਿਆਲਾ, ਸ. ਅਜੀਤ ਸਿੰਘ ਖਾਲਸਾ, ਗਿਆਨੀ ਰਣਜੀਤ ਸਿੰਘ ਆਦਿ ਨਾਮਵਰ ਕਵੀਆਂ ਨੇ ਆਪਣੀ ਵੱਡਮੁੱਲੀ ਸ਼ਾਇਰੀ ਦੇ ਜੌਹਰ ਵਿਖਾਉਂਦੇ ਹੋਏ ਸ੍ਰੀ ਫਤਹਿਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਤੇ ਹੋਏ 'ਖੂਨੀ ਸਾਕੇ' ਨੂੰ ਬੜੇ ਹੀ ਸੁਚੱਜੇ ਢੰਗ ਨਾਲ ਦਰਸਾਇਆ। ਇਸ ਸਮੇਂ ਭਾਈ ਅਵਤਾਰ ਸਿੰਘ, ਭਾਈ ਬਲਦੇਵ ਸਿੰਘ ਤੇ ਭਾਈ ਪ੍ਰਮਿੰਦਰ ਸਿੰਘ ਪ੍ਰਚਾਰਕ ਨੇ ਸਟੇਜ ਸਕੱਤਰ ਦੀ ਸੇਵਾ ਨਿਭਾਈ।

*੨੮ ਦਸੰਬਰ*

## ਵਿਰਾਸਤ-ਏ-ਖਾਲਸਾ ਵਿਖੇ ਬਾਬਾ ਜੀਵਨ ਸਿੰਘ ਜੀ ਦੀ ਯਾਦਗਾਰ ਸਥਾਪਿਤ ਹੋਵੇਗੀ

ਅੰਮ੍ਰਿਤਸਰ - ਸ੍ਰੀ ਅਨੰਦਪੁਰ ਸਾਹਿਬ ਵਿਖੇ ਸਥਾਪਿਤ ਕੀਤੇ ਵਿਰਾਸਤ-ਏ-ਖਾਲਸਾ ਵਿਖੇ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦੀ ਯਾਦਗਾਰ ਸਥਾਪਿਤ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਦੀ ਅਗਵਾਈ ਹੇਠ ਸਕੱਤਰੇਤ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਯਾਦਗਾਰ ਸਥਾਪਿਤ ਕਮੇਟੀ ਦੇ ਮੈਂਬਰਾਂ ਨਾਲ ਹੋਈ ਮੀਟਿੰਗ ਵਿਚ ਫੈਸਲਾ ਲਿਆ ਗਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਰਾਸਤ-ਏ-ਖਾਲਸਾ ਵਿਖੇ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦੇ ਬੁੱਤ ਸਥਾਪਿਤ ਕਰਨ ਦੀ ਜਗ੍ਹਾ ਮੈਮੋਰੀਅਲ ਸਥਾਪਿਤ ਹੋਵੇਗਾ।

ਮੀਟਿੰਗ ਸਬੰਧੀ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਨੇ ਦੱਸਿਆ ਕਿ ਵਿਰਾਸਤ-ਏ-ਖਾਲਸਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦੀ ਯਾਦ ਵਿਚ ਮੈਮੋਰੀਅਲ ਸਥਾਪਿਤ ਕੀਤਾ ਜਾਵੇਗਾ, ਜਿਸਦਾ ਉਦਘਾਟਨ ਫਰਵਰੀ ਮਹੀਨੇ ਵਿਚ ਪੰਜਾਬ ਦੇ ਮੁੱਖ ਮੰਤਰੀ ਸ. ਪ੍ਰਕਾਸ਼ ਸਿੰਘ ਬਾਦਲ ਕਰਨਗੇ। ਉਨ੍ਹਾਂ ਦੱਸਿਆ ਕਿ ਯਾਦਗਾਰੀ ਮੈਮੋਰੀਅਲ ਵਿਚ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਜੀ ਦਾ ਦਿੱਲੀ ਤੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਸ੍ਰੀ ਅਨੰਦਪੁਰ ਸਾਹਿਬ ਤਕ ਲੈ ਕੇ ਆਉਣ ਸਮੇਤ ਸਾਰਾ ਇਤਿਹਾਸ ਲੇਜ਼ਰ ਸ਼ੋਅ, ਤਸਵੀਰਾਂ ਤੇ ਲਿਖਤੀ ਰੂਪ ਵਿਚ ਸੰਗਤਾਂ ਦੇ ਰੂਬਰੂ ਹੋਵੇਗਾ। ਉਨ੍ਹਾਂ ਦੱਸਿਆ ਕਿ ਆਉਣ ਵਾਲੀ ਸਿੱਖ ਪੀੜ੍ਹੀ ਇਸ ਮੈਮੋਰੀਅਲ ਤੋਂ ਸੇਧ ਲੈ ਕੇ ਆਪਣੇ ਗੁਰੂਆਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਵਚਨਬੱਧ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਅਮਰ ਸ਼ਹੀਦ ਬਾਬਾ ਜੀਵਨ ਸਿੰਘ ਦੀ ਯਾਦ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਠਹਿਰਨ ਲਈ ਇੱਕ ਯਾਤਰੀ ਨਿਵਾਸ ਭਾਈ ਜੈਤਾ ਜੀ (ਰੰਗਰੇਟੇ ਗੁਰੂ ਕੇ ਬੇਟੇ) ਤੇ ਗੁ: ਗੁਰੂਸਰ ਸਤਲਾਣੀ ਸਾਹਿਬ, ਹੁਸ਼ਿਆਰ ਨਗਰ ਵਿਖੇ ਬਾਬਾ ਜੀਵਨ ਸਿੰਘ ਕਾਲਜ ਅਤੇ ਗੁ: ਸੀਸ ਗੰਜ ਸਾਹਿਬ (ਦਿੱਲੀ) ਲੰਗਰ ਹਾਲ ਦਾ ਨਾਮ ਰੱਖਿਆ ਗਿਆ ਹੈ। ਸਿੰਘ ਸਾਹਿਬ ਗਿਆਨੀ ਗੁਰਬਚਨ ਸਿੰਘ ਦੀ ਅਗਵਾਈ ਹੇਠ ਹੋਈ ਵਿਸ਼ੇਸ਼ ਇਕੱਤਰਤਾ ਕੀਤੀ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਚਰਨਜੀਤ ਸਿੰਘ

ਅਟਵਾਲ, ਕੈਬਨਿਟ ਮੰਤਰੀ ਜਥੇ. ਗੁਲਜ਼ਾਰ ਸਿੰਘ ਰਣੀਕੇ, ਜਸਟਿਸ ਨਿਰਮਲ ਸਿੰਘ ਐਮ.ਐਲ.ਏ. ਹਲਕਾ ਡੇਰਾਬੱਸੀ, ਸ. ਰਜਿੰਦਰ ਸਿੰਘ ਰੂਬੀ ਅਟਾਰੀ ਮੈਨੇਜਰ ਗੁ:ਸਤਲਾਣੀ ਸਾਹਿਬ, ਡਾ. ਨਵਜੋਤ ਰੰਧਾਵਾ ਡਾਇਰੈਕਟਰ ਟੂਰਜ਼ਿਮ ਪੰਜਾਬ, ਐਸ.ਐਸ. ਬਹਿਲ, ਵਿਸ਼ੇਸ਼ ਸਹਾਇਕ ਸ. ਪਰਮਦੀਪ ਸਿੰਘ ਬਾਲਾ, ਸ੍ਰੀ ਮੁਨੀਸ਼ ਕੁਮਾਰ ਸ਼ਰਮਾ ਆਰਕੀਟੈਕਟ ਗੁਰੂ ਨਾਨਕ ਦੇਵ ਯੂਨੀ., ਸ. ਮੰਗਲ ਸਿੰਘ ਸੋਹਲ, ਸ. ਸਤਿੰਦਰਪਾਲ ਸਿੰਘ, ਸ. ਭੁਪਿੰਦਰ ਸਿੰਘ, ਐਡੀਸ਼ਨਲ ਮੈਨਜਰ ਸ. ਹਰਜਿੰਦਰ ਸਿੰਘ ਭੂਰਾਕੋਹਨਾ, ਸ. ਹਰਪਾਲ ਸਿੰਘ ਮੋਦਾ ਆਦਿ ਹਾਜ਼ਰ ਸਨ। *੨੯ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਭਾਈ ਨਿਗਾਹੀਆ ਜੀ ਖ਼ਾਲਸਾ ਪਬਲਿਕ ਸਕੂਲ ਫਾਰ ਡੈੱਫ ਦਾ ਦੌਰਾ ਕੀਤਾ

ਅੰਮ੍ਰਿਤਸਰ – ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਭਾਈ ਨਿਗਾਹੀਆ ਜੀ ਖ਼ਾਲਸਾ ਪਬਲਿਕ ਸਕੂਲ ਫਾਰ ਡੈਫ ਆਲਮਗੀਰ, ਲੁਧਿਆਣਾ ਦਾ ਦੌਰਾ ਕੀਤਾ। ਉਨ੍ਹਾਂ ਉਥੇ ਸਕੂਲ ਦੇ ਡਾਇਰੈਕਟਰ ਸ੍ਰੀ ਪਦਮ ਪਾਸੀ ਅਤੇ ਅਧਿਆਪਕਾ ਸ੍ਰੀਮਤੀ ਸੁਨੀਤਾ ਨਈਅਰ ਨਾਲ ਨੰਨ੍ਹੇ-ਮੁੰਨੇ ਗੂੰਗੇ ਤੇ ਬੋਲੇ ਬੱਚਿਆਂ ਨੂੰ ਮਿਲ ਕੇ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ ਅਤੇ ਸਕੂਲ ਵੱਲੋਂ ਇਨ੍ਹਾਂ ਬੱਚਿਆਂ ਨੂੰ ਦਿੱਤੀ ਜਾ ਰਹੀ ਪੜ੍ਹਾਈ ਬਾਰੇ ਜਾਣਕਾਰੀ ਵੀ ਹਾਸਲ ਕੀਤੀ।

ਇਸ ਮੌਕੇ ਨੰਨ੍ਹੇ-ਮੁੰਨੇ ਬੱਚਿਆਂ ਨੇ ਜਥੇਦਾਰ ਅਵਤਾਰ ਸਿੰਘ ਨੂੰ ਨਵੇਂ ਸਾਲ ਦੀ ਆਮਦ ਤੇ ਦਿਲੀ ਮੁਬਾਰਕਬਾਦ ਦਿੱਤੀ। ਜਥੇਦਾਰ ਅਵਤਾਰ ਸਿੰਘ ਨੇ ਕਿਹਾ ਕਿ ਇਨਸਾਨੀ ਕਦਰਾਂ-ਕੀਮਤਾਂ 'ਤੇ ਪਹਿਰਾ ਦੇਣ ਤੇ ਆਪਣੀ ਉਸਾਰੂ ਸੋਚ ਨੂੰ ਗੂੰਗੇ ਤੇ ਬੋਲੇ ਬੱਚਿਆਂ ਦੀ ਭਲਾਈ ਲਈ ਲਗਾਉਣਾ ਹੀ ਸੱਚੀ ਮਨੁੱਖਤਾ ਦੀ ਸੇਵਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਿਸ਼ਕਾਮ ਰੂਪ ਵਿੱਚ ਕੁਦਰਤੀ ਕਰੋਪੀ ਦੇ ਸ਼ਿਕਾਰ ਗੂੰਗੇ ਤੇ ਬੋਲੇ ਬੱਚਿਆਂ ਦੀ ਭਲਾਈ ਲਈ ਵਿਦਿਆ ਦੇਣ ਦਾ ਜੋ ਉਪਰਾਲਾ ਕਰ ਰਹੀ ਹੈ ਇਹ ਆਪਣੇ ਆਪ ਵਿੱਚ ਇਕ ਕੌਮੀ ਕਾਰਜ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਸਕੂਲ ਦੀ ਨਵੀਂ ਇਮਾਰਤ ਤਿਆਰ ਹੋ ਜਾਵੇਗੀ ਜਿਥੇ ਸਾਰੀਆਂ ਸੁੱਖ ਸਹੂਲਤਾਂ ਦੇ ਨਾਲ ਗੂੰਗੇ ਤੇ ਬੋਲੇ ਬੱਚਿਆਂ ਲਈ ਉੱਚ ਵਿਦਿਆ ਦਾ ਉਪਰਾਲਾ ਕੀਤਾ ਜਾਵੇਗਾ।

ਇਸ ਮੌਕੇ ਸ. ਰਣਜੀਤ ਸਿੰਘ ਖਾਲਸਾ ਮੀਡੀਆ ਸਲਾਹਕਾਰ ਅਤੇ ਸ. ਗੁਰਿੰਦਰ ਸਿੰਘ ਨਿਜੀ ਸਹਾਇਕ ਆਦਿ ਮੌਜੂਦ ਸਨ। *੩੧ ਦਸੰਬਰ*

# ਜਥੇਦਾਰ ਅਵਤਾਰ ਸਿੰਘ ਨੇ ਸੜਕ ਹਾਦਸੇ 'ਚ ਜ਼ਖਮੀ ਹੋਏ ਵਿਅਕਤੀਆਂ ਦਾ ਹਾਲ-ਚਾਲ ਪੁੱਛਿਆ

## ਸ੍ਰੀ ਗੁਰੂ ਰਾਮਦਾਸ ਹਸਪਤਾਲ ਵਿਖੇ ਜ਼ਖਮੀਆਂ ਦਾ ਇਲਾਜ ਮੁਫਤ ਕਰਨ ਲਈ ਕਿਹਾ

ਅੰਮ੍ਰਿਤਸਰ – ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੰਮ੍ਰਿਤਸਰ ਨੇੜੇ ਮਹਿਤਾ-ਅੰਮ੍ਰਿਤਸਰ ਰੋਡ 'ਤੇ ਬੱਸ ਤੇ ਘੜੁੱਕੇ ਦੀ ਟੱਕਰ ਵਿੱਚ ਜ਼ਖਮੀ ਹੋਏ ੧੨ ਵਿਅਕਤੀਆਂ ਜੋ ਇਸ ਵੇਲੇ ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰੀਸਰਚ ਹਸਪਤਾਲ ਵੱਲਾ ਵਿਖੇ ਜ਼ੇਰੇ ਇਲਾਜ ਹਨ ਦਾ ਹਾਲ-ਚਾਲ ਪੁੱਛਿਆ ਤੇ ਉਨ੍ਹਾਂ ਨੂੰ ਦਿਲਾਸਾ ਦਿੱਤਾ। ਉਨ੍ਹਾਂ ਡਾ. ਏ.ਪੀ. ਸਿੰਘ ਵਧੀਕ ਸਕੱਤਰ ਸ੍ਰੀ ਗੁਰੂ ਰਾਮਦਾਸ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼ ਐਂਡ ਰੀਸਰਚ ਨੂੰ ਜ਼ਖਮੀਆਂ ਦਾ ਇਲਾਜ ਮੁਫਤ ਕਰਨ ਦੀ ਹਦਾਇਤ ਦਿੱਤੀ। ਉਨ੍ਹਾਂ ਇਸ ਸੜਕ ਹਾਦਸੇ ਵਿੱਚ ਮਾਰੇ ਗਏ ਵਿਅਕਤੀਆਂ ਲਈ ਡੂੰਘੇ ਦੁੱਖ ਦਾ ਇਜ਼ਹਾਰ ਵੀ ਕੀਤਾ।

ਉਨ੍ਹਾਂ ਕਿਹਾ ਕਿ ਮੇਰੀ ਅਰਦਾਸ ਹੈ ਕਿ ਜੋ ਵਿਅਕਤੀ ਇਸ ਭਿਆਨਕ ਹਾਦਸੇ ਵਿੱਚ ਆਪਣੇ ਪਰਿਵਾਰ ਤੋਂ

ਸਦਾ ਲਈ ਵਿੱਛੜ ਗਏ ਹਨ ਅਕਾਲ ਪੁਰਖ ਉਨ੍ਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ ਅਤੇ ਜੋ ਵਿਅਕਤੀ ਜ਼ਖਮੀ ਹੋਏ ਹਨ ਉਹ ਜਲਦੀ ਸਿਹਤਯਾਬ ਹੋ ਕੇ ਆਪਣੇ ਪਰਿਵਾਰ ਵਿੱਚ ਵਾਪਸ ਜਾਣ। ਇਸ ਮੌਕੇ ਸ. ਜੋਗਿੰਦਰ ਸਿੰਘ ਓ.ਐੱਸ.ਡੀ, ਸ. ਰਣਜੀਤ ਸਿੰਘ ਖਾਲਸਾ ਮੀਡੀਆ ਸਲਾਹਕਾਰ ਅਤੇ ਸ. ਗੁਰਿੰਦਰ ਸਿੰਘ ਨਿਜੀ ਸਹਾਇਕ ਮੌਜੂਦ ਸਨ। *੩੧ ਦਸੰਬਰ*

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਲਾਜ਼ਮਾਂ ਨੂੰ ਸੇਵਾ-ਮੁਕਤ ਹੋਣ ਤੇ ਨਿੱਘੀ ਵਿਦਾਇਗੀ

ਅੰਮ੍ਰਿਤਸਰ - ਸ. ਗੁਰਚਰਨ ਸਿੰਘ ਮੀਤ ਸਕੱਤਰ, ਸ. ਦਵਿੰਦਰ ਸਿੰਘ ਭਵਾਨੀਗੜ੍ਹ ਤੇ ਸ. ਸਰਵਨ ਸਿੰਘ ਜੋਧਪੁਰੀ ਗੁਰਦੁਆਰਾ ਇੰਸਪੈਕਟਰ-੮੭, ਸ. ਸ਼ੇਰ ਸਿੰਘ ਅਤੇ ਸ. ਪ੍ਰੇਮ ਸਿੰਘ ਹੈਲਪਰ ਨੂੰ ਸੇਵਾ-ਮੁਕਤ ਹੋਣ 'ਤੇ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਸ.ਹਰਚਰਨ ਸਿੰਘ ਮੁੱਖ ਸਕੱਤਰ ਨੇ ਕਿਹਾ ਕਿ ਸੇਵਾ-ਮੁਕਤ ਹੋਣ ਵਾਲੇ ਮੁਲਾਜ਼ਮ ਬੜੇ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿੱਚ ਸੇਵਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਨ੍ਹਾਂ ਕਿਹਾ ਕਿ ਅਰਦਾਸ ਹੈ ਕਿ ਸਤਿਗੁਰੂ ਇਨ੍ਹਾਂ ਨੂੰ ਚੜ੍ਹਦੀ ਕਲਾ 'ਚ ਰੱਖਣ, ਤੰਦਰੁਸਤੀ ਬਖ਼ਸ਼ਣ ਤੇ ਇਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੇ ਰਹਿਣ। ਸ. ਗੁਰਚਰਨ ਸਿੰਘ, ਸ. ਦਵਿੰਦਰ ਸਿੰਘ ਭਵਾਨੀਗੜ੍ਹ, ਸ. ਸਰਵਨ ਸਿੰਘ ਜੋਧਪੁਰੀ, ਸ. ਸ਼ੇਰ ਸਿੰਘ ਅਤੇ ਸ. ਪ੍ਰੇਮ ਸਿੰਘ ਨੂੰ ਸ. ਹਰਚਰਨ ਸਿੰਘ ਮੁੱਖ ਸਕੱਤਰ ਨੇ ਸੇਵਾ-ਮੁਕਤ ਹੋਣ ਸਮੇਂ ਸਿਰੋਪਾਓ, ਸ੍ਰੀ ਸਾਹਿਬ, ਲੋਈ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਸਵੀਰ ਤੇ ਮਾਡਲ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਸ. ਮਹਿੰਦਰ ਸਿੰਘ ਆਹਲੀ, ਸ. ਸੁਖਦੇਵ ਸਿੰਘ ਭੂਰਾਕੋਹਨਾ ਤੇ ਸ. ਬਿਜੈ ਸਿੰਘ ਵਧੀਕ ਸਕੱਤਰ, ਸ. ਭੁਪਿੰਦਰਪਾਲ ਸਿੰਘ ਮੀਤ ਸਕੱਤਰ, ਸ. ਕਰਮਬੀਰ ਸਿੰਘ, ਸ. ਨਿਰਵੈਲ ਸਿੰਘ ਤੇ ਸ. ਬਲਵਿੰਦਰ ਸਿੰਘ ਖੈਰਾਬਾਦ ਇੰਚਾਰਜ, ਸ. ਰਣਜੀਤ ਸਿੰਘ ਭੋਮਾ ਗੁਰਦੁਆਰਾ ਇੰਸਪੈਕਟਰ, ਸ. ਸੁਖਦੇਵ ਸਿੰਘ, ਸ. ਗੁਰਜੀਤ ਸਿੰਘ ਭੁੱਲਰ, ਸ. ਪਲਵਿੰਦਰ ਸਿੰਘ ਤੇ ਸ. ਜੋਗਿੰਦਰ ਸਿੰਘ ਸੁਪਰਵਾਈਜ਼ਰ, ਸ. ਪ੍ਰੀਤਪਾਲ ਸਿੰਘ ਐਲ. ਏ. ਆਦਿ ਹਾਜ਼ਰ ਸਨ। *੩੧ ਦਸੰਬਰ*

## ਜਥੇ. ਅਵਤਾਰ ਸਿੰਘ ਨੇ ਸ. ਕਰਨੈਲ ਸਿੰਘ ਕੋਲਿਆਂਵਾਲੀ ਤੇ ਬੀਬੀ ਗੁਰਮੀਤ ਕੌਰ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਇਜ਼ਹਾਰ ਕੀਤਾ

ਅੰਮ੍ਰਿਤਸਰ - ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸ. ਦਿਆਲ ਸਿੰਘ ਕੋਲਿਆਂਵਾਲੀ ਅੰਤ੍ਰਿੰਗ ਕਮੇਟੀ ਮੈਂਬਰ ਦੇ ਛੋਟੇ ਭਰਾ ਸ. ਕਰਨੈਲ ਸਿੰਘ ਕੋਲਿਆਂਵਾਲੀ ਅਤੇ ਜਥੇਦਾਰ ਅਮਰਜੀਤ ਸਿੰਘ ਭਲਾਈਪੁਰ ਮੈਂਬਰ ਸ਼੍ਰੋਮਣੀ ਕਮੇਟੀ ਦੇ ਮਾਤਾ ਬੀਬੀ ਗੁਰਮੀਤ ਕੌਰ ਦੇ ਅਚਾਨਕ ਅਕਾਲ ਚਲਾਣਾ ਕਰ ਜਾਣ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਹੈ।

ਇਥੋਂ ਜਾਰੀ ਪ੍ਰੈੱਸ ਬਿਆਨ 'ਚ ਉਨ੍ਹਾਂ ਕਿਹਾ ਕਿ ਸ. ਕਰਨੈਲ ਸਿੰਘ ਕੋਲਿਆਂਵਾਲੀ ਤੇ ਬੀਬੀ ਗੁਰਮੀਤ ਕੌਰ ਸਾਊ ਸੁਭਾਅ ਦੇ ਮਾਲਿਕ ਤੇ ਪਰਮਾਤਮਾ ਨੂੰ ਮੰਨਣ ਵਾਲੇ ਸਨ, ਪਰ ਪਰਮਾਤਮਾ ਦਾ ਭਾਣਾ ਅਟੱਲ ਹੈ, ਉਸ ਅੱਗੇ ਕਿਸੇ ਦਾ ਜੋਰ ਨਹੀਂ ਚੱਲਦਾ। ਉਨ੍ਹਾਂ ਕਿਹਾ ਕਿ ਸ. ਕਰਨੈਲ ਸਿੰਘ ਕੋਲਿਆਂਵਾਲੀ ਤੇ ਬੀਬੀ ਗੁਰਮੀਤ ਕੌਰ ਦੇ ਅਕਾਲ ਚਲਾਣੇ ਨਾਲ ਪਰਿਵਾਰ ਨੂੰ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਅਰਦਾਸ ਹੈ ਸਤਿਗੁਰੂ ਜੀ ਸ. ਕਰਨੈਲ ਸਿੰਘ ਤੇ ਬੀਬੀ ਗੁਰਮੀਤ ਕੌਰ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਪਿੱਛੇ ਪਰਿਵਾਰ ਤੇ ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ। *੨੫ ਦਸੰਬਰ*

■

# ਧਰਮ ਪ੍ਰਚਾਰ ਸਰਗਰਮੀਆਂ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰਿਆਣਾ ਰਾਜ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ

ਇੰਚਾਰਜ, ਸਿੱਖ ਮਿਸ਼ਨ ਹਰਿਆਣਾ ਵੱਲੋਂ ਪੁੱਜੀ ਰਿਪੋਰਟ ਅਨੁਸਾਰ ਸੀਨੀਅਰ ਮੀਤ ਪ੍ਰਧਾਨ ਸ਼੍ਰੋ: ਗੁ: ਪ੍ਰ: ਕਮੇਟੀ ਦੇ ਵਿਸ਼ੇਸ਼ ਉੱਦਮ ਨਾਲ ਸਿੱਖ ਮਿਸ਼ਨ ਹਰਿਆਣਾ ਵੱਲੋਂ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਉਦਾਸੀਆਂ ਸਮੇਂ ਹਰਿਆਣਾ ਰਾਜ ਆਗਮਨ ਦੇ ੫੦੦ ਸਾਲਾ ਨੂੰ ਸਮਰਪਿਤ ਮਿਤੀ ੧੧ ਸਤੰਬਰ ੨੦੧੫ ਤੋਂ ਲੈ ਕੇ ਮਿਤੀ ੨੭ ਸਤੰਬਰ ੨੦੧੫ ਤੱਕ ਹਰਿਆਣਾ ਰਾਜ ਦੇ ਵੱਖ-ਵੱਖ ਨਗਰਾਂ ਵਿੱਚ ਨਗਰ ਕੀਰਤਨ, ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਏ ਗਏ। ਸਮਾਗਮਾਂ ਦੀ ਸ਼ੁਰੂਆਤ ਮਿਤੀ ੧੧/੦੯/੨੦੧੫ ਤੋਂ ਮਿਤੀ ੧੩/੦੯/੨੦੧੫ ਤੱਕ ਤਿੰਨ ਰੋਜ਼ਾ ਨਗਰ ਕੀਰਤਨ ਨਾਲ ਕੀਤੀ ਗਈ। ਨਗਰ ਕੀਰਤਨ ਦੀ ਸ਼ੁਰੂਆਤ ਇਤਿਹਾਸਕ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਪਹਿਲੀ, ਕਰਨਾਲ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਚਰਨਾਂ ਵਿੱਚ ਅਰਦਾਸ ਕਰਕੇ ਕੀਤੀ ਗਈ। ਪੰਜਾਂ ਪਿਆਰਿਆਂ ਦੀ ਅਗਵਾਈ ਹੇਠ ਬਾਬਾ ਸੁੱਖਾ ਸਿੰਘ ਜੀ ਕਾਰ-ਸੇਵਾ ਵਾਲਿਆਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਨੂੰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੋਂ ਆਈ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ। ਮਾਨਯੋਗ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਨੇ ਚੌਰ ਸਾਹਿਬ ਦੀ ਸੇਵਾ ਕੀਤੀ। ਨਗਰ ਕੀਰਤਨ ਦੇ ਆਰੰਭ ਸਮੇਂ ਪੁੱਜੇ ਮਹਾਂਪੁਰਸ਼ਾਂ, ਸ. ਬਖਸ਼ੀਸ਼ ਸਿੰਘ ਹਰਿਆਣਾ ਸੰਸਦੀ ਸਕੱਤਰ ਅਤੇ ਹੋਰ ਪਤਵੰਤੇ ਸੱਜਣਾਂ ਨੂੰ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ। ਮਾਨਯੋਗ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਨਗਰ ਕੀਰਤਨ ਵਿਚ ਸ਼ਾਮਿਲ ਰਹੇ।

ਮਿਤੀ ੧੧ ਸਤੰਬਰ ੨੦੧੫ ਨੂੰ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਪਹਿਲੀ, ਕਰਨਾਲ ਤੋਂ ਆਰੰਭ ਹੋ ਕੇ ਪਹਿਲੇ ਦਿਨ ਨਗਰ ਕੀਰਤਨ ਵੱਖ-ਵੱਖ ਨਗਰਾਂ ਤੋਂ ਹੁੰਦੇ ਹੋਏ ਰਾਤ ਗੁਰਦੁਆਰਾ ਡੇਹਰਾ ਸਾਹਿਬ, ਅਸੰਧ (ਕਰਨਾਲ) ਵਿਖੇ ਰੁਕਿਆ। ਦੂਸਰੇ ਦਿਨ ਮਿਤੀ ੧੨ ਸਤੰਬਰ ੨੦੧੫ ਨੂੰ ਗੁਰਦੁਆਰਾ ਡੇਹਰਾ ਸਾਹਿਬ, ਅਸੰਧ (ਕਰਨਾਲ) ਤੋਂ ਆਰੰਭ ਹੋ ਕੇ ਨਗਰ ਕੀਰਤਨ ਵੱਖ-ਵੱਖ ਨਗਰਾਂ ਤੋਂ ਹੁੰਦੇ ਹੋਏ ਰਾਤ ਗੁਰਦੁਆਰਾ ਸੀਸ ਗੰਜ ਸਾਹਿਬ, ਤਰਾਵੜੀ (ਕਰਨਾਲ) ਵਿਖੇ ਰੁਕਿਆ। ਤੀਸਰੇ ਦਿਨ ਮਿਤੀ ੧੩ ਸਤੰਬਰ ੨੦੧੫ ਨੂੰ ਗੁਰਦੁਆਰਾ ਸੀਸ ਗੰਜ ਸਾਹਿਬ, ਤਰਾਵੜੀ (ਕਰਨਾਲ) ਤੋਂ ਆਰੰਭ ਹੋਕੇ ਨਗਰ ਕੀਰਤਨ ਵੱਖ-ਵੱਖ ਨਗਰਾਂ ਤੋਂ ਹੁੰਦੇ ਹੋਏ ਡੇਰਾ ਕਾਰ ਸੇਵਾ, ਕਲੰਦਰੀ ਗੇਟ, ਕਰਨਾਲ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਵਿੱਚ ਇਨ੍ਹਾਂ ਵੱਖ-ਵੱਖ ਬੀਰ ਖਾਲਸਾ ਦਲ, ਮੀਰੀ-ਪੀਰੀ ਸਿੱਖ ਆਰਟਸ ਅਕੈਡਮੀ, ਗੁਰਮੀਤ ਅਖਾੜਾ, ਗੁਰੂ ਗੋਬਿੰਦ ਸਿੰਘ ਜੀ ਗੱਤਕਾ ਅਖਾੜਾ, ਦਸਮੇਸ਼ ਅਖਾੜਾ, ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਸ਼ਸਤਰ ਵਿਦਿਆਲਾ, ਗੱਤਕਾ ਅਖਾੜਿਆਂ ਨੇ ਸੰਗਤਾਂ ਨੂੰ ਗੱਤਕੇ ਦੇ ਜੋਹਰ ਵਿਖਾਏ। ਇਸ ਨਗਰ ਕੀਰਤਨ ਵਿੱਚ ਇਲਾਕੇ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ ਜਥੇਬੰਦੀਆਂ ਅਤੇ ਮਹਾਂਪੁਰਸ਼ਾਂ, ਕਾਰ ਸੇਵਾਵਾਂ ਵਲੋਂ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਗਿਆ ਅਤੇ ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਗਰ ਕੀਰਤਨ ਵਿੱਚ ਸ਼ਾਮਲ ਹੋਈਆਂ।

ਮਿਤੀ ੧੯/੦੯/੨੦੧੫ ਨੂੰ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਪਹਿਲੀ, ਕਰਨਾਲ ਵਿਖੇ ਕਵੀ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਭਾਈ ਕੁਲਵੰਤ ਸਿੰਘ ਰਫੀਕ, ਭਾਈ ਰਬਿੰਦਰ ਸਿੰਘ ਮਸ਼ਰੂਰ, ਭਾਈ

ਕਰਮਜੀਤ ਸਿੰਘ ਨੂਰ, ਭਾਈ ਫਕੀਰ ਚੰਦ ਤੁਲੀ, ਭਾਈ ਗੁਰਦਿਆਲ ਸਿੰਘ ਨਿਮਰ, ਭਾਈ ਗੁਰਬਚਨ ਸਿੰਘ ਖੇਮਕਰਨੀ ਅਤੇ ਬੀਬੀ ਸੁਖਜਿੰਦਰ ਕੌਰ ਕਵੀਆਂ ਨੇ ਰਾਤ ੭:੦੦ ਵਜੇ ਤੋਂ ੧੧:੦੦ ਵਜੇ ਤੱਕ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਿਆ। ਮਿਤੀ ੨੦/੦੯/੨੦੧੫ ਸਵੇਰੇ ੯:੦੦ ਵਜੇ ਤੋਂ ੧:੦੦ ਵਜੇ ਤੱਕ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਪਹਿਲੀ, ਕਰਨਾਲ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਇਸਤਰੀ ਸਤਿਸੰਗ ਸਭਾ ਵੱਲੋਂ ਸੁਖਮਣੀ ਸਾਹਿਬ ਜੀ ਦੇ ਪਾਠਾਂ ਦੀ ਲੜੀ ਦੀ ਸਮਾਪਤੀ ਉਪਰੰਤ ਭਾਈ ਗੁਰਮੀਤ ਸਿੰਘ ਸ਼ਾਂਤ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਇਆ। ਰਾਤ ਦਾ ਸਮਾਗਮ ਗੁਰਦੁਆਰਾ ਸੁਖਮਣੀ ਸਾਹਿਬ ਸੇਵਾ ਸੋਸਾਇਟੀ ਸੈਕਟਰ-੭, ਕਰਨਾਲ ਵਿਖੇ ਕਰਵਾਇਆ ਗਿਆ। ਜਿਸ ਵਿੱਚ ਭਾਈ ਗੁਰਮੀਤ ਸਿੰਘ ਸ਼ਾਂਤ, ਭਾਈ ਜੁਝਾਰ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ ਅਤੇ ਮੰਗਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ। ਮਿਤੀ ੨੧/੦੯/੨੦੧੫ ਗੁਰਦੁਆਰਾ ਸਿੰਘ ਸਭਾ, ਮਾਡਲ ਟਾਊਨ, ਕਰਨਾਲ ਵਿਖੇ ਰਾਤ ੭:੦੦ ਵਜੇ ਤੋਂ ੧੧:੦੦ ਵਜੇ ਤੱਕ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਭਾਈ ਸ਼ੌਕੀਨ ਸਿੰਘ, ਭਾਈ ਕਰਨੈਲ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸੁਣਾਇਆ ਅਤੇ ਗਿਆਨੀ ਅਮਰੀਕ ਸਿੰਘ ਚੰਡੀਗੜ੍ਹ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ।

ਮਿਤੀ ੨੨/੦੯/੨੦੧੫ ਗੁਰਦੁਆਰਾ ਸਿੰਘ ਸਭਾ, ਪ੍ਰੇਮ ਨਗਰ, ਕਰਨਾਲ ਵਿਖੇ ਰਾਤ ੭:੦੦ ਵਜੇ ਤੋਂ ੧੧:੦੦ ਵਜੇ ਤੱਕ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਭਾਈ ਗੁਰਦੇਵ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸੁਣਾਇਆ ਭਾਈ ਭਗਤ ਸਿੰਘ ਕਵੀਸ਼ਰ ਜਥਾ ਸਿੱਖ ਮਿਸ਼ਨ ਹਰਿਆਣਾ ਅਤੇ ਭਾਈ ਰਾਜ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਅਤੇ ਗੁਰ ਇਤਿਹਾਸ ਨਾਲ ਜੋੜਿਆ। ਮਿਤੀ ੨੩/੦੯/੨੦੧੫ ਸਵੇਰੇ ੧੧:੦੦ ਵਜੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਤੋਂ ਆਏ ਪੰਜ ਪਿਆਰੇ ਸਾਹਿਬਾਨ ਨੇ ਡੇਰਾ ਕਾਰ ਸੇਵਾ, ਕਲੰਦਰੀ ਗੇਟ, ਕਰਨਾਲ ਵਿਖੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ, ਜਿਸ ਵਿੱਚ ੬੩ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ। ਇਸੇ ਹੀ ਸਥਾਨ 'ਤੇ ਸਵੇਰ ਅਤੇ ਰਾਤ ਦੇ ਦੀਵਾਨ ਸਜਾਏ ਗਏ। ਸਵੇਰੇ ੧੦:੦੦ ਵਜੇ ਤੋਂ ੦੨:੦੦ ਵਜੇ ਤੱਕ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਭਾਈ ਜਗਦੀਸ਼ ਸਿੰਘ ਵਡਾਲਾ, ਭਾਈ ਹਰਪਾਲ ਸਿੰਘ ਢੰਡ ਢਾਡੀ ਜਥਾ ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ) ਸ੍ਰੀ ਅੰਮ੍ਰਿਤਸਰ ਅਤੇ ਭਾਈ ਸੁੱਚਾ ਸਿੰਘ ਡੇਹਰਾ ਪਠਾਣਾ, ਭਾਈ ਜੋਗਾ ਸਿੰਘ ਭਾਗੋਵਾਲੀਆ ਕਵੀਸ਼ਰ ਜਥਾ ਧਰਮ ਪ੍ਰਚਾਰ ਕਮੇਟੀ (ਸ਼੍ਰੋ: ਗੁ: ਪ੍ਰ: ਕਮੇਟੀ) ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਗੁਰਬਾਣੀ ਅਤੇ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਰਾਤ ਦਾ ਸਮਾਗਮ ੭:੦੦ ਵਜੇ ਤੋਂ ੧੧:੦੦ ਵਜੇ ਤੱਕ ਕਰਵਾਇਆ ਗਿਆ। ਜਿਸ ਵਿੱਚ ਭਾਈ ਗੁਰਕੀਰਤ ਸਿੰਘ, ਭਾਈ ਸੰਦੀਪ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸੁਣਾਇਆ ਅਤੇ ਪ੍ਰਿੰਸੀਪਲ ਬਲਜੀਤ ਸਿੰਘ ਜੀ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ।
ਮਿਤੀ ੨੪/੦੯/੨੦੧੫ ਨੂੰ ਡੇਰਾ ਕਾਰ ਸੇਵਾ, ਕਲੰਦਰੀ ਗੇਟ ਕਰਨਾਲ ਵਿਖੇ ਮੁੱਖ ਸਮਾਗਮ ਸਵੇਰੇ ੧੦:੦੦ ਵਜੇ ਤੋਂ ੦੨:੦੦ ਵਜੇ ਤੱਕ ਕਰਵਾਇਆ ਗਿਆ। ਜਿਸ ਵਿੱਚ ਭਾਈ ਇੰਦਰਜੀਤ ਸਿੰਘ, ਭਾਈ ਗੁਰਦੇਵ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸੁਣਾਇਆ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ।

ਮਿਤੀ ੨੪/੦੯/੨੦੧੫ ਨੂੰ ਦਿਨ ਦੇ ਸਮੇਂ ਕਰਵਾਏ ਮੁੱਖ ਸਮਾਗਮ ਵਿੱਚ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋ: ਗੁ: ਪ੍ਰ: ਕਮੇਟੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਹੋਰ ਪੰਥਕ ਵਿਦਵਾਨਾਂ, ਮਹਾਂਪੁਰਸ਼ਾਂ ਨੇ ਸ੍ਰੀ ਗੁਰੂ ਨਾਨਕ ਦੇਵ ਜੀ ਜੀਵਨ ਤੇ ਸਿੱਖਿਆਵਾਂ ਸਬੰਧੀ ਪੁਸਤਕ ਜਾਰੀ ਕੀਤੀ। ਜਥੇਦਾਰ ਅਵਤਾਰ ਸਿੰਘ ਨੇ ਧਰਮ ਦੀਆਂ

ਪਰੰਪਰਾਵਾਂ ਨੂੰ ਨਿਭਾਉਣ ਦੀ ਅਪੀਲ ਕਰਦੇ ਹੋਏ ਨੌਜਵਾਨ ਵਰਗ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿਘ ਜੀ ਨੇ ਸਮੂਹ ਸੰਗਤਾਂ ਦਾ ਇਨ੍ਹਾਂ ਸਮਗਾਮਾਂ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਲਈ ਧੰਨਵਾਦ ਕੀਤਾ। ਸ. ਰਘੂਜੀਤ ਸਿਘ ਜੀ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਵਲੋਂ ਜਥੇਦਾਰ ਅਵਤਾਰ ਸਿੰਘ ਨੂੰ ਹਰਿਆਣਾ ਰਾਜ ਵਿੱਚ ਸਿੱਖਿਆ ਅਤੇ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਕੀਤੇ ਕਾਰਜਾਂ ਨੂੰ ਮੁੱਖ ਰਖਦੇ ਪਾਏ ਵਡਮੁੱਲੇ ਯੋਗਦਾਨ ਲਈ ਸਨਮਾਨਿਤ ਕੀਤਾ। ਮੁੱਖ ਸਮਗਾਮ ਦੇ ਅਖੀਰ ਵਿੱਚ ਜਥੇਦਾਰ ਅਵਤਾਰ ਸਿੰਘ ਪ੍ਰਧਾਨ ਸ਼੍ਰੋ: ਗੁ: ਪ੍ਰ: ਕਮੇਟੀ ਅਤੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿਘ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਵਲੋਂ ਇਲਾਕੇ ਦੀਆਂ ਸਮੂਹ ਧਾਰਮਿਕ ਜਥੇਬੰਦੀਆਂ, ਗੁ: ਪ੍ਰਬੰਧਕ ਕਮੇਟੀਆਂ, ਸੰਤਾਂ ਮਹਾਂਪੁਰਸ਼ਾ ਅਤੇ ਪਤਵੰਤੇ ਸਜਣਾਂ ਬਾਬਾ ਗੁਰਮੀਤ ਸਿੰਘ ਕਾਰ-ਸੇਵਾ ਹਜ਼ੂਰ ਸਾਹਿਬ ਵਾਲੇ, ਬਾਬਾ ਰਾਮ ਸਿੰਘ ਨਾਨਕਸਰ ਸੀਂਘੜਾ, ਸੰਤ ਰਾਮ ਸਿੰਘ ਨਿਰਮਲ ਕੁਟੀਆ, ਬਾਬਾ ਬਚਨ ਸਿੰਘ ਕਾਰ-ਸੇਵਾ, ਬਾਬਾ ਦਿਲਬਾਗ ਸਿੰਘ ਕਾਰ-ਸੇਵਾ ਸ਼ੇਖੂਪੁਰਾ, ਬਾਬਾ ਬਾਬੂ ਸਿੰਘ ਗੁ: ਸੰਗਤਪੁਰਾ ਨੀਸਿੰਗ, ਬਾਬਾ ਅਮਰੀਕ ਸਿੰਘ ਕਾਰ-ਸੇਵਾ ਸੱਚਾ ਸੌਦਾ (ਪਟਿਆਲਾ ਵਾਲੇ), ਬਾਬਾ ਰਜਿੰਦਰ ਸਿੰਘ ਖਾਲਸਾ ਇਸਰਾਣਾ ਸਾਹਿਬ, ਬਾਬਾ ਮੇਹਰ ਸਿੰਘ ਨਬੀਆਬਾਦ, ਬਾਬਾ ਜੋਗਾ ਸਿੰਘ ਤਰਾਵੜੀ, ਬਾਬਾ ਕਸ਼ਮੀਰ ਸਿੰਘ ਨਾਨਕਸਰ ਕਰਨਾਲ, ਬਾਬਾ ਗੁਰਬਚਨ ਸਿੰਘ ਕਾਰ-ਸੇਵਾ ਅਸੰਧ, ਬਾਬਾ ਜੋਗਾ ਸਿੰਘ ਨਾਨਕਸਰ ਕਰਨਾਲ, ਬੀਬੀ ਜਸਵਿੰਦਰ ਕੌਰ ਦਰੜ, ਸ. ਬਲਕੌਰ ਸਿੰਘ ਐਮ. ਐਲ. ਏ. ਕਾਲਿਆਂਵਾਲੀ (ਸ਼੍ਰੋ: ਅ: ਦਲ), ਸ. ਅਮਰਜੀਤ ਸਿੰਘ ਮੰਗੀ ਚੇਅਰਮੈਨ ਪੰਜਾਬ ਇੰਡਸਟਰੀ, ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਮੈਂਬਰ ਸ. ਹਰਭਜਨ ਸਿੰਘ ਮਸਾਣਾ, ਸ. ਜਗਸੀਰ ਸਿੰਘ ਮਾਂਗੇਆਣਾ, ਸ. ਅਮੀਰ ਸਿੰਘ ਰਸੀਦਾਂ, ਸ. ਬਲਦੇਵ ਸਿੰਘ ਕਾਇਮਪੁਰ, ਸ. ਬਲਦੇਵ ਸਿੰਘ ਖਾਲਸਾ, ਬੀਬੀ ਅਮਰਜੀਤ ਕੌਰ ਬਾੜਾ, ਬੀਬੀ ਮਨਜੀਤ ਕੌਰ ਗਧੋਲਾ, ਮੈਨੇਜਰ ਸ. ਰਣਜੀਤ ਸਿੰਘ ਗੁ: ਨਾਢਾ ਸਾਹਿਬ, ਸ. ਮੰਗਪ੍ਰੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਹਰਿਆਣਾ, ਸ. ਹਰਦੀਪ ਸਿੰਘ ਨੂੰ ਸਿਰੋਪਾਉ, ਲੋਹੀ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

ਇਸ ਸਮਾਗਮ ਸਮੇਂ ਸ. ਅਵਤਾਰ ਸਿੰਘ ਰਤਕ, ਸ. ਤਜਿੰਦਰ ਸਿੰਘ ਸਿਆਹਪੋਸ਼, ਸ. ਸੁਖਵੰਤ ਸਿੰਘ, ਸ. ਜਗਤਾਰ ਸਿੰਘ ਪਿਹੋਵਾ, ਸ. ਸੁਰਿੰਦਰਪਾਲ ਸਿੰਘ ਰਾਮਗੜ੍ਹੀਆ, ਸ. ਬਲਕਾਰ ਸਿੰਘ ਪ੍ਰਧਾਨ, ਗੁਰਦੁਆਰਾ ਮੰਜੀ ਸਾਹਿਬ ਦੀ ਪ੍ਰਬੰਧਕ ਕਮੇਟੀ, ਮੈਨੇਜਰ ਸ. ਦੀਪ ਸਿੰਘ, ਪ੍ਰਧਾਨ ਸ. ਪ੍ਰਤਾਪ ਸਿੰਘ, ਪ੍ਰਬੰਧਕ ਕਮੇਟੀ ਗੁ: ਸੀਸ ਗੰਜ ਸਾਹਿਬ ਤਰਾਵੜੀ, ਸ. ਪਲਵਿੰਦਰ ਸਿੰਘ, ਪ੍ਰਬੰਧਕ ਕਮੇਟੀ ਗੁ: ਡੇਹਰਾ ਸਾਹਿਬ ਅਸੰਧ, ਪ੍ਰਬੰਧਕ ਕਮੇਟੀ ਗੁ: ਭਗਤ ਧੰਨਾ ਜੀ ਜੁੰਡਲਾ, ਕਰਨਾਲ ਜ਼ਿਲ੍ਹੇ ਦੀਆਂ ਸਮੂਹ ਸਿੰਘ ਸਭਾਵਾਂ, ਲੋਕਲ ਗੁ: ਪ੍ਰਬੰਧਕ ਕਮੇਟੀਆਂ, ਧਾਰਮਿਕ ਜਥੇਬੰਦੀਆਂ, ਇਸਤਰੀ ਸਤਿਸੰਗ ਸਭਾਵਾਂ, ਗੱਤਕਾ ਅਖਾੜੇ ਅਤੇ ਸ਼ਬਦੀ ਜਥੇ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਮਿਤੀ ੨੪/੦੯/੨੦੧੫ ਨੂੰ ਗੁਰਦੁਆਰਾ ਮੰਜੀ ਸਾਹਿਬ ਪਾਤਸ਼ਾਹੀ ਪਹਿਲੀ, ਕਰਨਾਲ ਵਿਖੇ ਰਾਤ ਦਾ ਸਮਾਗਮ ੭:੦੦ ਵਜੇ ਤੋਂ ੧੧:੦੦ ਵਜੇ ਤੱਕ ਕਰਵਾਇਆ ਗਿਆ। ਜਿਸ ਵਿੱਚ ਭਾਈ ਇੰਦਰਜੀਤ ਸਿੰਘ, ਭਾਈ ਗੁਰਦੇਵ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸੁਣਾਇਆ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ।

ਮਿਤੀ ੨੫/੦੯/੨੦੧੫ ਗੁਰਦੁਆਰਾ ਬਾਉਲੀ ਸਾਹਿਬ, ਪਿਹੋਵਾ ਵਿਖੇ ਰਾਤ ੭:੦੦ ਵਜੇ ਤੋਂ ੧੧:੦੦ ਵਜੇ ਤੱਕ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਭਾਈ ਸ਼ੌਕੀਨ ਸਿੰਘ, ਭਾਈ ਕਵਲਜੀਤ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਸਰਵਣ ਕਰਵਾਇਆ ਅਤੇ ਗਿਆਨੀ ਹਰਪਾਲ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ। ਮਿਤੀ ੨੬/੦੯/੨੦੧੫ ਨੂੰ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਗੁਰਦੁਆਰਾ ਤ੍ਰਿਵੈਣੀ ਸਾਹਿਬ ਪਿੰਡ ਕਰਾਹ ਸਾਹਿਬ (ਪਿਹੋਵਾ) ਤੋਂ ਆਰੰਭ ਹੋ ਕੇ ਵੱਖ-ਵੱਖ ਨਗਰਾਂ ਤੋਂ ਹੁੰਦੇ ਹੋਏ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਸਿੱਧ ਵਟੀ, ਕੁਰੂਕਸ਼ੇਤਰ ਵਿਖੇ ਸਮਾਪਤ ਹੋਇਆ। ਇਸ ਨਗਰ ਕੀਰਤਨ ਵਿੱਚ ਇਲਾਕੇ ਦੀਆਂ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ ਜਥੇਬੰਦੀਆਂ

ਅਤੇ ਮਹਾਂਪੁਰਸ਼ਾਂ, ਕਾਰ ਸੇਵਾਵਾਂ ਵੱਲੋਂ ਵੱਧ ਚੜ੍ਹ ਕੇ ਸਹਿਯੋਗ ਦਿੱਤਾ ਗਿਆ ਅਤੇ ਹਜਾਰਾਂ ਦੀ ਗਿਣਤੀ ਵਿੱਚ ਸੰਗਤਾਂ ਨਗਰ ਕੀਰਤਨ ਵਿੱਚ ਸ਼ਾਮਲ ਹੋਈਆਂ। ਮਿਤੀ ੨੭/੦੯/੨੦੧੫ ਗੁਰਦੁਆਰਾ ਸਾਹਿਬ ਪਾਤਸ਼ਾਹੀ ਪਹਿਲੀ ਸਿੱਧ ਵਟੀ, ਕੁਰੂਕਸ਼ੇਤਰ ਵਿਖੇ ਸਵੇਰੇ ੧੦:੦੦ ਵਜੇ ਤੋਂ ੦੧:੦੦ ਵਜੇ ਤੱਕ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਭਾਈ ਗਗਨਦੀਪ ਸਿੰਘ, ਭਾਈ ਗੁਰਕੀਰਤ ਸਿੰਘ ਹਜ਼ੂਰੀ ਰਾਗੀ ਜਥਾ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਨੇ ਸੰਗਤਾਂ ਨੂੰ ਕੀਰਤਨ ਨਾਲ ਨਿਹਾਲ ਕੀਤਾ ਅਤੇ ਸਿੰਘ ਸਾਹਿਬ ਗਿਆਨੀ ਮਾਨ ਸਿੰਘ ਨੇ ਸੰਗਤਾਂ ਨੂੰ ਗੁਰਬਾਣੀ ਵਿਆਖਿਆ ਨਾਲ ਜੋੜਿਆ। ਇਨ੍ਹਾਂ ਸਮਾਗਮਾਂ ਸਮੇਂ ਬਾਬਾ ਮਹਿੰਦਰ ਸਿੰਘ ਕਾਰ ਸੇਵਾ ਬਾਉਲੀ ਸਾਹਿਬ, ਬਾਬਾ ਸ਼ੁਬੇਗ ਸਿੰਘ ਕਾਰ-ਸੇਵਾ ਵਾਲੇ, ਬਾਬਾ ਗੁਰਵਿੰਦਰ ਸਿੰਘ ਮਾਂਡੀ ਵਾਲੇ, ਬਾਬਾ ਮਾਨ ਸਿੰਘ ਪਿਹੋਵਾ, ਬਾਬਾ ਜਰਨੈਲ ਸਿੰਘ ਬਗਥੱਲਾ (ਗੁ: ਬਾਬਾ ਸ਼ੇਖ ਫਰੀਦ ਜੀ, ਬਗਥੱਲਾ), ਬਾਬਾ ਅਮਰੀਕ ਸਿੰਘ ਗੁ: ਨਾਨਕਸਰ ਬਗਥੱਲਾ, ਬਾਬਾ ਜਗਤਾਰ ਸਿੰਘ ਤਰਨਤਾਰਨ ਵਾਲੇ, ਬਾਬਾ ਸਤਨਾਮ ਸਿੰਘ ਪਿਪਲੀ ਸਾਹਿਬ, ਬਾਬਾ ਸੁਰਿੰਦਰ ਸਿੰਘ ਮੰਡੋਖਰਾ ਸਾਹਿਬ ਵਾਲੇ, ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਮੈਂਬਰ ਸ. ਹਰਭਜਨ ਸਿੰਘ ਜੀ ਮਸਾਣਾ, ਕੁਰੂਕਸ਼ੇਤਰ ਜ਼ਿਲ੍ਹੇ ਦੀਆਂ ਸਮੂਹ ਸਿੰਘ ਸਭਾਵਾਂ, ਲੋਕਲ ਗੁ: ਪ੍ਰਬੰਧਕ ਕਮੇਟੀਆਂ, ਧਾਰਮਿਕ ਜਥੇਬੰਦੀਆਂ, ਇਸਤਰੀ ਸਤਿਸੰਗ ਸਭਾਵਾਂ, ਗੱਤਕਾ ਅਖਾੜੇ ਅਤੇ ਸ਼ਬਦੀ ਜਥੇ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।

## ਧਰਮ ਪ੍ਰਚਾਰ ਕਮੇਟੀ ਵੱਲੋਂ ਬਹਿਲੋਲਪੁਰ ਵਿਖੇ ਗੁਰਮਤਿ ਸਮਾਗਮ

ਜਥੇਦਾਰ ਅਵਤਾਰ ਸਿੰਘ ਜੀ ਪ੍ਰਧਾਨ ਸ਼੍ਰੋਮਣੀ ਗੁ: ਪ੍ਰ: ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਧਰਮ ਪ੍ਰਚਾਰ ਕਮੇਟੀ ਵੱਲੋਂ ਆਰੰਭ ਕੀਤੀ ਗਈ ਸਿੱਖ ਇਤਿਹਾਸ ਅਤੇ ਗੁਰਬਾਣੀ ਕੰਠ ਲਹਿਰ ਤਹਿਤ ਪਿੰਡ ਬਹਿਲੋਲਪੁਰ, ਦੋਰਾਂਗਲਾ (ਗੁਰਦਾਸਪੁਰ) ਵਿਖੇ ਮਿਤੀ ੩੧ ਦਸੰਬਰ ੨੦੧੫ ਨੂੰ ਸਮਾਗਮ ਕਰਵਾਇਆ ਗਿਆ। ਇਸ ਸਬੰਧੀ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਗੁਰਬਾਣੀ ਕੰਠ ਮੁਕਾਬਲੇ, ਕਵਿਤਾ, ਕਵੀਸ਼ਰੀ, ਗੁਰਬਾਣੀ ਗਾਇਨ ਅਤੇ ਲੈਕਚਰ ਮੁਕਾਬਲੇ ਕਰਵਾਏ ਗਏ।

ਇਸ ਸਬੰਧੀ ਹਲਕਾ ਪ੍ਰਚਾਰਕ ਭਾਈ ਅਮਰੀਕ ਸਿੰਘ ਚਿੱਟੀ, ਭਾਈ ਗੁਰਨਾਮ ਸਿੰਘ, ਭਾਈ ਅਮਰਜੀਤ ਸਿੰਘ ਚਿੱਟੀ, ਭਾਈ ਕੋਮਲਜੀਤ ਸਿੰਘ, ਭਾਈ ਵਰਿਆਮ ਸਿੰਘ ਨੇ ਬੱਚਿਆਂ ਦੀ ਸਕੂਲਾਂ/ਕਾਲਜਾਂ ਵਿਚ ਤਿਆਰੀ ਕਰਵਾਈ। ਸਮਾਪਤੀ ਸਮਾਗਮ ਵਿਚ ਵਿਸ਼ੇਸ਼ ਤੌਰ 'ਤੇ ਭਾਈ ਜਗਦੇਵ ਸਿੰਘ ਹੈੱਡ ਪ੍ਰਚਾਰਕ ਅਤੇ ਕਥਾਵਾਚਕ ਭਾਈ ਹਰਮੀਤ ਸਿੰਘ ਖੁੰਡੀ ਗੁਰਦਾਸ ਨੰਗਲ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ।

ਇਸ ਕਾਰਜ ਵਿਚ ਸ. ਕਾਬਲ ਸਿੰਘ ਪ੍ਰਧਾਨ, ਸ. ਗੁਰਮੀਤ ਸਿੰਘ ਗਾਹਲੜੀ ਅਤੇ ਭਾਈ ਜਸਬੀਰ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਸਿੰਘ ਸਭਾ ਬਹਿਲੋਲਪੁਰ ਨੇ ਸੁਚੱਜੇ ਪ੍ਰਬੰਧ ਕੀਤੇ। ਬੱਚਿਆਂ ਨੂੰ ਸ਼ੀਲਡਾਂ, ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ। ■

### ਅੰਮ੍ਰਿਤ ਸੰਚਾਰ

*ਸ੍ਰੀ ਅਕਾਲ ਤਖ਼ਤ ਸਹਿਬ ਵਿਖੇ ਹਰ ਬੁੱਧਵਾਰ ਤੇ ਐਤਵਾਰ ਨੂੰ ਦੁਪਹਿਰ ੧੨ ਵਜੇ ਅੰਮ੍ਰਿਤ-ਸੰਚਾਰ ਹੁੰਦਾ ਹੈ। ਅੰਮ੍ਰਿਤ ਅਭਿਲਾਖੀ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜ਼ਰ ਹੋ ਕੇ ਅੰਮ੍ਰਿਤਪਾਨ ਕਰ ਕੇ ਗੁਰੂ ਵਾਲੇ ਬਣਨ।*

ਹਿਸਾਬ-ਕਿਤਾਬ

ੴ ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।
## ਚਿੱਠਾ ਆਮਦਨ/ਖਰਚ ਧਰਮ ਪ੍ਰਚਾਰ ਕਮੇਟੀ, ਮਹੀਨਾ ਨਵੰਬਰ ੨੦੧੫

| ਸੀ: ਨੰ: | ਨਾਮ ਖਾਤਾ | ਪੰਨਾ | ਨਾਮ | ਜਮ੍ਹਾਂ |
|---|---|---|---|---|
| ੧ | ਧਾਰਮਿਕ ਫੰਡ ੮੫ | ੧੯ | | ੩੪੫੪੭੨੦੩.੦੦ |
| ੨ | ਧਾਰਮਿਕ ਫੰਡ ੮੭ | ੪੧ | | ੨੪੦੧੪੭.੦੦ |
| ੩ | ਪ੍ਰਚਾਰ ਸਹਾਇਤਾ | ੭੧ | | ੧੯੯੯੦੦.੦੦ |
| ੪ | ਲਿਟਰੇਚਰ ਭੇਟਾ ਰਹਿਤ ਡਾਇਰੀਆਂ, ਕੈਲੰਡਰ, ਸੇਵਾਫਲ ਖਰੜੇ ਆਦਿ (ਛਪਾਈ ਤੇ ਖ੍ਰੀਦ) | ੧੦੩ | ੧੧੨੮੧੩੩.੦੦ | |
| ੫ | ਲਿਟਰੇਚਰ ਫੁਟਕਲ | ੧੧੦ | ੧੨੦.੦੦ | |
| ੬ | ਧਾਰਮਿਕ ਪ੍ਰੀਖਿਆ ਵਜੀਫੇ | ੧੪੭ | ੧੦੯੮੨੬੫.੦੦ | ੨੯੭੯੫.੦੦ |
| ੭ | ਪੱਤਰ-ਵਿਹਾਰ ਕੋਰਸ ਤੇ ਖੋਜ ਕੇਂਦਰ | ੧੮੨ | ੫੯੨੯੪੯.੦੦ | ੮੮੫੦੦.੦੦ |
| ੮ | ਧਰਮ ਤੇ ਅੰਮ੍ਰਿਤ ਪ੍ਰਚਾਰ | ੨੧੩ | ੪੭੭੮੭੬.੦੦ | |
| ੯ | ਗੁਰਮਤਿ ਪ੍ਰਕਾਸ਼ (ਪੰਜਾਬੀ ਮਾਸਿਕ ਪੱਤਰ) | ੨੫੨ | ੧੨੪੫੩੧੩.੦੦ | ੩੯੬੫੦.੦੦ |
| ੧੦ | ਗੁਰਮਤਿ ਗਿਆਨ ਹਿੰਦੀ | ੨੮੭ | ੨੧੦੨੪੨.੦੦ | ੮੬੩੦.੦੦ |
| ੧੧ | ਤਨਖਾਹ ਸਟਾਫ ਦਫਤਰ | ੩੦੯ | ੩੫੬੯੬੮੩.੦੦ | |
| ੧੨ | ਤਨਖਾਹ ਸਟਾਫ ਲਿਟਰੇਚਰ ਅਤੇ ਕਮਿਸ਼ਨ ਆਦਿ | ੩੧੭ | ੫੬੯੫੫੯.੦੦ | |
| ੧੩ | ਤਨਖਾਹ ਤੇ ਸਫਰ ਖਰਚ ਅਲਾਊਂਸ ਡਰਾਈਵਰਜ਼ | ੩੨੩ | ੬੩੩੧੦੫.੦੦ | |
| ੧੪ | ਤਨਖਾਹ ਧਾਰਮਿਕ ਟੀਚਰ | ੩੨੯ | ੫੫੭੨੧੪.੦੦ | |
| ੧੫ | ਡਾਕ ਤੇ ਤਾਰ ਖਰਚ | ੩੩੫ | ੭੨੧੫.੦੦ | |
| ੧੬ | ਫਿਲਮਾਂ ਰਾਹੀਂ ਪ੍ਰਚਾਰ(ਤਨਖਾਹ ਫਿਲਮ ਉਪਰੇ:, ਮੁੰਰ: ਤੇ ਸ:ਖ: ਆਦਿ) | ੩੪੯ | ੧੪੨੧੧੦.੦੦ | |
| ੧੭ | ਖਰਚ ਗੱਡੀਆਂ (ਤੇਲ ਤੇ ਮੁਰੰਮਤਾਂ) | ੩੭੮ | ੧੧੦੩੬੭.੦੦ | |
| ੧੮ | ਟੈਲੀਫੋਨ | ੪੦੪ | ੧੬੧੭੦.੦੦ | |
| ੧੯ | ਐਂਟਰਟੇਨਮੈਂਟ | ੪੩੦ | ੭੦੪੬.੦੦ | |
| ੨੦ | ਸਫਰ ਖਰਚ ਮੈਂਬਰ ਸਾਹਿਬਾਨ | ੪੪੨ | ੩੭੦੭.੦੦ | |
| ੨੧ | ਸਫਰ ਖਰਚ ਮੁਲਾਜਮਾਂ | ੪੪੯ | ੩੩੬੩੧.੦੦ | |
| ੨੨ | ਫੁਟਕਲ ਦਫਤਰ ਤੇ ਰੋਸ਼ਨੀ | ੪੬੪ | ੧੪੪੮੪.੦੦ | |

| | | | |
|---|---|---|---|
| ੨੩ ਬੀਮਾ ਗੱਡੀਆਂ ਤੇ ਕੈਸ਼ | ੪੮੧ | ੪੮੮੪੩.੦੦ | |
| ੨੪ ਬੀਮਾ ਪੇਸ਼ਗੀ ਮੁਲਾਜਮਾਂ ਐਕਸੀਡੈਂਟਲ | ੫੦੪ | | ੬੮੪.੦੦ |
| ੨੫ ਬੀਮਾ ਪੇਸ਼ਗੀ ਮੁਲਾਜਮਾਂ ਮੈਡੀਕਲੇਮ | ੫੧੩ | | ੮੯੯੦.੦੦ |
| ੨੬ ਸ਼ਤਾਬਦੀਆਂ ਸਮਾਰੋਹ | ੯੫੮ | ੭੩੨੭੭.੦੦ | |
| ੨੭ ਸੁਕਰਾਨਾ ਸਮਾਗਮ ਸ੍ਰੀ ਅਨੰਦਪੁਰ ਸਾਹਿਬ | ੯੪੯ | ੧੫੦੦੦.੦੦ | |
| ੨੮ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਅਤੇ ਸੰਤ ਫਤਹਿ ਸਿੰਘ ਸੰਤ ਚੰਨਣ ਸਿੰਘ ਬੁੱਢਾ ਜੌਹੜ | ੫੬੨ | ੫੨੩੭੫੪.੦੦ | ੧੮੨੬੬.੦੦ |
| ੨੯ ਗੁਰੂ ਕਾਸ਼ੀ ਗੁ: ਇੰਸ: ਤਲਵੰਡੀ ਸਾਬੋ ਕੀ (ਬਠਿੰਡਾ) | ੫੭੭ | ੩੦੯੮੭੬.੦੦ | ੭੩੨੬.੦੦ |
| ੩੦ ਭਾਈ ਗੁਰਦਾਸ ਵਿਦਿਆਲਾ ਜੁਬਲੀ ਧਰਮਸ਼ਾਲਾ ਫਿਰੋਜਪੁਰ | ੫੯੧ | ੬੪੪੧੩.੦੦ | |
| ੩੧ ਗੁਰਮਤਿ ਸੰਗੀਤ ਅਕੈਡਮੀ (ਸ੍ਰੀ ਅਨੰਦਪੁਰ ਸਾਹਿਬ) | ੬੦੦ | ੧੦੧੫੪੨.੦੦ | |
| ੩੨ ਗੁਰ:ਸੰਗੀਤ ਵਿਦਿਆਲੇ:(ਬਾਦੀਆਂ, ਸ੍ਰੀ ਮੁਕਤਸਰ ਸਾਹਿਬ, ਭੂਰਾ ਕੋਹਨਾ, ਕਾਲਾਮਾਲਾ ਸੰਗਰੂਰ) ਤਨ:,ਸ:ਖ: ਤੇ ਫੁਟ:ਆਦਿ | ੬੧੪ | ੨੭੪੧੯੬.੦੦ | |
| ੩੩ ਗੁਰਮਤਿ ਕਾਲਜ (ਸੁਲਤਾਨਪੁਰ ਲੋਧੀ, ਬਾਬਾ ਦੀਪ ਸਿੰਘ ਬਰਨਾਲਾ ਤੇ ਡੇਰਾ ਬਾਬਾ ਨਾਨਕ ,ਭਾਈ ਗੁਰਦਾਸ ਵਿਦਿ:ਆਲਮਗੀਰ) ਤਨਖਾਹਾਂ, ਸਫਰ ਖਰਚ ਤੇ ਫੁਟਕਲ ਆਦਿ | ੬੩੫ | ੪੭੩੭੮੩.੦੦ | |
| ੩੪ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਆਫ ਐਡਵਾਂਸ ਸਿੱਖ ਸਟੱਡੀਜ, (ਤਨਖਾਹਾਂ,ਆਨਰੇਰੀਅਮ ਤੇ ਫੁਟਕਲ ਆਦਿ) | ੬੫੭ | ੪੨੬੦੩੪.੦੦ | |
| ੩੫ ਸਿੱਖ ਮਿਸ਼ਨ ਅਮਰੀਕਾ | ੬੬੮ | ੧੬੪੫੪੧.੦੦ | |
| ੩੬ ਤਨਖਾਹ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੬੭੪ | ੪੨੪੦੮੬੦.੦੦ | ੩੫੦੦੦.੦੦ |
| ੩੭ ਸਫਰ ਖਰਚ ਪ੍ਰਚਾਰਕ, ਢਾਡੀ ਤੇ ਕਵੀਸ਼ਰ ਸਾਹਿਬਾਨ ਪੰਜਾਬ ਪ੍ਰਚਾਰ | ੬੯੩ | ੨੭੨੮੧੦.੦੦ | ੩੦੯੯.੦੦ |
| ੩੮ ਦੀਵਾਨ ਮੇਲੇ ਤੇ ਕੈਂਪਸ ਪੰਜਾਬ ਪ੍ਰਚਾਰ, ਨਸ਼ਾ ਮੁਕਤੀ ਮੁਹਿੰਮ ਅਤੇ ਗੁਰਮਤਿ ਦਸਤਾਰ ਸਮਾਗਮ | ੭੧੦ | ੨੬੫੨੧੮.੦੦ | |
| ੩੯ ਸਟਾਕ ਲਿਟਰੇਚਰ, ਡਾਇਰੀ, ਕੈਲੰਡਰ ਆਦਿ (ਛਪਾਈ) ਪੂੰਜੀਗਤ ਖਰਚੇ | ੭੫੬ | ੧੯੯੦੧੧੬.੦੦ | ੪੧੭੧੨੮.੦੦ |

| | | | |
|---|---|---|---|
| ੪੦ ਨਵੀਆਂ ਗੱਡੀਆਂ | ੯੯੧ | ੩੫੫੪੦.੦੦ | |
| ੪੧ ਇਮਾਰਤ ਦਫਤਰ ਧਰਮ ਪ੍ਰਚਾਰ ਕਮੇਟੀ (ਸੀਮਿੰਟ) | ੭੨੮ | | ੧੮੦੭੫.੦੦ |
| ੪੨ ਇਮਾਰਤ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸਰੀਆ) | ੮੦੯ | | ੧੦੮੭੫੨੪.੦੦ |
| ੪੩ ਇਮਾਰਤ ਜਥੇ: ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਸੀਮਿੰਟ)) | ੮੧੧ | | ੮੨੦੩੩੫.੦੦ |
| ੪੪ ਇਮਾਰਤ ਜਥੇ:ਗੁਰਚਰਨ ਸਿੰਘ ਟੌਹੜਾ ਇੰਸੀ: ਬਹਾਦਰਗੜ੍ਹ ਪਟਿਆਲਾ (ਠੇਕੇਦਾਰਾਂ) | ੮੧੫ | ੫੪੫੯੯੮੩.੦੦ | |
| ੪੫ ਸਮਾਨ ਦਫਤਰ ਉਤਰਾਖੰਡ ਮਿਸ਼ਨ | ੮੬੫ | ੫੫੦੦.੦੦ | |
| ੪੬ ਸਮਾਨ ਦਫਤਰ ਧਰਮ ਪ੍ਰਚਾਰ | ੮੭੨ | ੩੬੮੨੫.੦੦ | |
| ੪੭ ਸਮਾਨ ਦਫਤਰ ਗੁਰੂ ਨਾਨਕ ਦੇਵ ਗੁ:ਵਿਦਿ:ਛੱਤੀਗੜ੍ਹ | ੮੮੭ | ੧੨੪੮੦.੦੦ | |
| ੪੮ ਸਮਾਨ ਸ਼ਹੀਦ ਸਿੱਖ ਮਿ: ਕਾਲਜ ਅੰਮ੍ਰਿਤਸਰ ਤੇ ਬੁੱਢਾ ਜੌਹੜ | ੮੮੯ | ੨੦੧.੦੦ | |
| ੪੯ ਸਮਾਨ ਦਫਤਰ ਯੂ.ਪੀ, ਮੱਧ ਪ੍ਰਦੇਸ਼., ਦਿੱਲੀ ਅਤੇ ਸਿੱਖ ਮਿਸ਼ਨ ਹਾਪੁੜ | ੯੦੭ | ੫੧੬੦੦.੦੦ | |
| ੫੦ ਸਮਾਨ ਗੁਰ:ਵਿਦਿ: ਬਾਬਾ ਦੀਪ ਸਿੰਘ ਬਰਨਾਲਾ | ੯੨੨ | ੨੮੬੬੧.੦੦ | |
| ੫੧ ਤਨਖਾਹ ਤੇ ਸਫਰ ਖਰਚ ਸਟਾਫ਼ ਹਰਿਆਣਾ ਸਿੱਖ ਮਿਸ਼ਨ, ਕੁਰੁਕਸ਼ੇਤਰ | ੧੦੦੪ | ੩੪੮੬੮੯.੦੦ | |
| ੫੨ ਫੁਟਕਲ ਦਫ਼ਤਰ ਹਰਿਆਣਾ ਸਿੱਖ ਮਿਸ਼ਨ | ੧੦੧੧ | ੨੧੫੭੧.੦੦ | |
| ੫੩ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ ਹਰਿਆਣਾ ਸਿੱਖ ਮਿਸ਼ਨ | ੧੦੨੦ | ੧੧੨੮੪੦.੦੦ | |
| ੫੪ ਗੁਰ:ਵਿਦਿਆਲਾ ਸ਼ੇਖੂਪੁਰਾ ਮੰਜੂਰੀ,ਕਰਨਾਲ ਤਨ:, ਵਜੀ:, ਸ:ਖਰਚ ਤੇ ਫੁਟ: | ੧੦੩੧ | ੧੦੨੭੮੨.੦੦ | |
| ੫੫ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ, ਬਿੱਲ ਅਤੇ ਫੁਟਕਲ ਆਦਿ) ਹਿਮਾਚਲ ਪ੍ਰਦੇਸ਼ ਸਿੱਖ ਮਿਸ਼ਨ (ਗੁ: ਪਲਾਹ ਸਾਹਿਬ, (ਊਨਾ) | ੧੦੪੧ | ੧੧੧੭੮੮.੦੦ | |
| ੫੬ ਤਨਖਾਹ ਤੇ ਸਫ਼ਰ ਖਰਚ ਸਟਾਫ਼ (ਰੋਸ਼ਨੀ,ਬਿੱਲ ਅਤੇ ਫੁਟਕਲ ਆਦਿ) ਰਾਜਿਸਥਾਨ ਸਿੱਖ ਮਿਸ਼ਨ (ਬੁੱਢਾ ਜੌਹੜ) | ੧੦੫੧ | ੪੨੫੩੧.੦੦ | |

| | | |
|---|---|---|
| ੫੭ ਤਨ:ਸਫਰ ਖਰਚ ਸਟਾਫ਼ ਯੂ:ਪੀ:,ਦਿੱਲੀ ਅਤੇ ਮੱਧ ਪ੍ਰਦੇਸ਼ ਮਿਸ਼ਨ | ੧੦੬੭ | ੮੩੫੮੫੩.੦੦ |
| ੫੮ ਦੀਵਾਨ, ਮੇਲੇ, ਕੈਂਪਸ, ਫਿਲਮਾਂ ਰਾਹੀਂ ਪ੍ਰਚਾਰ ਅਤੇ ਗੁਰਮਤਿ ਦਸਤਾਰ ਸਮਾਗਮ, ਖਰਚ ਗੱਡੀਆਂ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੭੭ | ੩੦੧੭੭.੦੦ |
| ੫੯ ਮੁਕੱਦਮੇ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੮੫ | ੧੨੫੧੦.੦੦ |
| ੬੦ ਟੈਕਸਿਸ ਹਾਊਸ ਤੇ ਪਾਣੀ ਅਤੇ ਬਿੱਲ ਬਿਜਲੀ ਮੁਰੰਮਤ ਸਮਾਨ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੧ | ੩੭੪੧੫.੦੦ |
| ੬੧ ਫੁਟਕਲ ਦਫ਼ਤਰ ਯੂ:ਪੀ:, ਦਿੱਲੀ ਅਤੇ ਮੱਧ ਪ੍ਰਦੇਸ਼ ਸਿੱਖ ਮਿਸ਼ਨ | ੧੦੯੭ | ੧੨੮੩੦.੦੦ |
| ੬੨ ਸ੍ਰੀ ਗੁਰੂ ਰਾਮ ਦਾਸ ਜੀ ਗੁਰਮਤਿ ਵਿਦਿਆਲਾ ਸ਼ਾਹਜਹਾਨਪੁਰ ਯੂ.ਪੀ | ੧੧੦੪ | ੧੦੭੦੫੬.੦੦ |
| ੬੩ ਗੁਰਦੁਆਰਾ ਗੁਰੂ ਨਾਨਕ ਦਰਬਾਰ ਯੂ:ਪੀ: | ੧੧੧੩ | ੭੫੮੫੪.੦੦ |
| ੬੪ ਗੁਰ: ਸਾਹਿਬਾਨ ਨੱਕਾ ਕੂਆਂ,ਸੰਤ ਸਭਾ ਨਗੀਨਾ, ਬ੍ਰਿੰਦਾਬਨ, ਗੜ੍ਹਮੁਕਤੇਸਰ ਯੂ:ਪੀ: | ੧੧੨੧ | ੧੮੧੯੯.੦੦ |
| ੬੫ ਸੰਗੀਤ ਵਿਦਿਆਲਾ ਬਗੜੀ ਗਜਰੌਲਾ ਯੂ:ਪੀ: | ੧੧੨੮ | ੬੮੩੦.੦੦ |
| ੬੬ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਪੂਰਬੀ ਭਾਰਤ ਸਿੱਖ ਮਿਸ਼ਨ (ਕਲਕੱਤਾ) ਅਤੇ ਉੜੀਸਾ ਮਿਸ਼ਨ (ਬਿੱਲ ਫੁਟਕਲ ਆਦਿ) ਅਹਿਮਦਾਬਾਦ ,ਗੁਜਰਾਤ | ੧੧੪੪ | ੩੬੬੪੦.੦੦ |
| ੬੭ ਤਨ: ਤੇ ਸਫ਼ਰ ਖ਼ਰਚ ਸਟਾਫ਼ ਛਤੀਸਗੜ੍ਹ ਸਿੱਖ ਮਿਸ਼ਨ ਬਿੱਲ ਫੁਟਕਲ ਆਦਿ | ੧੧੫੩ | ੯੧੮੭੪.੦੦ |
| ੬੮ ਗੁਰੂ ਨਾਨਕ ਦੇਵ ਗੁ:ਵਿਦਿ: ਛਤੀਸਗੜ੍ਹ ਮਿਸ਼ਨ (ਤਨ:ਸਫਖਰਚ ਅਤੇ ਬਿੱਲ ਆਦਿ) | ੧੧੬੭ | ੧੨੩੦੭੭.੦੦ |
| ੬੯ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੭੫ | ੧੦੬੮੦੩.੦੦ |
| ੭੦ ਦੀਵਾਨ, ਮੇਲੇ, ਕੈਂਪਸ ਤੇ ਫਿਲਮਾਂ ਰਾਹੀਂ ਪ੍ਰਚਾਰ, ਗੁਰਮਤਿ ਦਸਤਾਰ ਸਮਾਗਮ ਜੰਮੂ-ਕਸ਼ਮੀਰ | | |

| | | | |
|---|---|---|---|
| ਸਿੱਖ ਮਿਸ਼ਨ | ੧੧੮੩ | ੨੩੧੫.੦੦ | |
| ੭੧ ਫੁਟਕਲ ਦਫ਼ਤਰ ਲੰਗਰ (ਆਉ ਭਗਤ) | | | |
| ਜੰਮੂ-ਕਸ਼ਮੀਰ ਸਿੱਖ ਮਿਸ਼ਨ | ੧੧੮੮ | ੩੩੮੧.੦੦ | |
| ੭੨ ਤਨਖਾਹ ਤੇ ਸਫ਼ਰ ਖ਼ਰਚ ਸਟਾਫ਼ ਉਤਰਾਂਚਲ | | | |
| ਸਿੱਖ ਮਿਸ਼ਨ, ਫੁਟਕਲ ਆਦਿ (ਕਾਸ਼ੀਪੁਰ) | ੧੧੯੪ | ੨੭੪੫੦੩.੦੦ | |
| ੭੩ ਸਹਾਇਤਾ ਲਾਇਬ੍ਰੇਰੀਆਂ ਲਿਟਰੇਚਰ ਆਦਿ | ੧੨੧੨ | ੧੧੨੨੨੩.੦੦ | |
| ੭੪ ਸਹਾਇਤਾ ਗੁਰਦੁਆਰਾ ਸਾਹਿਬਾਨ | ੧੨੩੧ | ੯੩੨੦੦.੦੦ | |
| ੭੫ ਸਹਾਇਤਾ ਪੰਜਾਬ ਤੋਂ ਬਾਹਰਲੇ ਗੁ: ਸਾਹਿਬਾਨ | ੧੨੫੭ | ੧੦੮੬੪੦.੦੦ | |
| ੭੬ ਸਹਾਇਤਾ ਧਾਰਮਿਕ ਵਿਦਿਆ ਸਕੂਲਾਂ/ਕਾਲਜਾਂ | ੧੨੭੧ | ੧੪੦੨੦੦.੦੦ | |
| ੭੭ ਸਹਾਇਤਾ ਧਰਮ ਪ੍ਰਚਾਰ ਵਿਦਿਆਰਥੀ ਖੇਤਰ ਅਤੇ | | | |
| ਸਿੱਖ ਸ਼ਸ਼ਤਰ ਵਿਦਿਆ (ਗਤਕਾ) | ੧੨੮੭ | ੮੬੬੬੫.੦੦ | |
| ੭੮ ਸਹਾਇਤਾ ੪੦੦ ਸਾਲਾ ਮੈਮੋ:ਸ੍ਰੀ ਗੁਰੂ ਗ੍ਰੰਥ ਸਾਹਿਬ | | | |
| ਵਰਲਡ ਯੂਨੀਵਰਸਿਟੀ ਸ੍ਰੀ ਫਤਹਿਗੜ੍ਹ ਸਾਹਿਬ | ੧੩੧੩ | ੧੦੦੦੦੦੦੦.੦੦ | |
| ੭੯ ਸਹਾਇਤਾ ਸਿਕਲੀਗਰ ਤੇ ਵਣਜਾਰੇ ਸਿੱਖਾਂ | ੧੩੧੫ | ੩੦੦੦੦.੦੦ | |
| ੮੦ ਸਹਾਇਤਾ ਕੁਦਰਤੀ ਆਫਤਾਂ, | | | |
| ਕੈਂਸਰ ਰਲੀਫ ਫੰਡ (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੨੩ | | ੯੫੦.੦੦ |
| ੮੧ ਸਹਾਇਤਾ ਧਾਰਮਿਕ, ਪੰਥਕ ਤੇ ਸਮਾਜ ਸੇਵੀ ਸੰਸਥਾਵਾਂ, | | | |
| ਪਿੰਡਾਂ ਦੇ ਗ੍ਰੰਥੀ ਸਿੰਘਾਂ ਰਾਹੀਂ ਪ੍ਰਚਾਰ, ਪੰਥਕ ਵਿਦਵਾਨਾਂ | | | |
| ਨੂੰ ਸਨਮਾਨਤ | ੧੩੪੧ | ੫੫੩੦੦੦.੦੦ | |
| ੮੨ ਸਹਾਇਤਾ ਮੁਫਤ ਵਿਦਿਆ ਅੰਮ੍ਰਿਤਧਾਰੀ ਵਿਦਿਆਰਥੀ | | | |
| (ਸ਼੍ਰੋ:ਗੁ:ਪ੍ਰ:ਕਮੇਟੀ ਨੂੰ) | ੧੩੫੪ | ੩੩੪੦੨੦੦.੦੦ | |
| ੮੩ ਆਮਦਨ ਕਰ | ੧੪੦੩ | ੨੪੪੧੨੦.੦੦ | ੨੪੦੬੫੦.੦੦ |
| ੮੪ ਟੀ.ਡੀ.ਐਸ. (ਅਦਾਇਗੀ ਯੋਗ) | ੧੪੨੬ | ੫੪੬੪੨.੦੦ | ੪੯੬੧੬.੦੦ |
| ੮੫ ਸੇਲ ਟੈਕਸ | ੧੪੩੩ | ੨੦੬੫.੦੦ | ੨੧੩੧੩੫.੦੦ |
| ੮੬ ਤਨਖਾਹ ,ਸਫਰ ਖਰਚ ਆਦਿ ਸਿੱਖ ਮਿਸ਼ਨ ਨੇਪਾਲ | ੧੪੪੦ | ੧੮੬੨੦.੦੦ | |
| ੮੭ ਅਣਦਿੱਤੀ ਤਨਖਾਹ | ੧੫੦੬ | ੧੭੫੯੯.੦੦ | ੧੨੦੪੫.੦੦ |
| ੮੮ ਅਣਦਿੱਤੇ ਬਿਲਜ਼ | ੧੫੨੨ | ੨੮੧੨੯.੦੦ | ੨੭੧੨੯.੦੦ |
| ੮੯ ਅਣਦਿੱਤੇ ਬਿਲਜ਼ ਸ਼੍ਰੋਮਣੀ ਕਮੇਟੀ (ਗੁਰਬਾਣੀ ਤੇ | | | |
| ਗੁਰਮਤਿ ਲਿਟ: ਫੰਡ) | ੧੫੩੯ | ੬੪੨੧੪੭.੦੦ | ੨੫੦੩੪.੦੦ |

| | | | |
|---|---|---|---|
| ੯੦ ਅਮਾਨਤ ਕਿਰਾਇਆ ਤੇ ਬਿਜਲੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ | ੧੫੫੪ | ੧੪੦੫੭੮.੦੦ | ੭੭੪੨੨.੦੦ |
| ੯੧ ਅਮਾਨਤ ਕਿਰਾਇਆ ਸ੍ਰੀ ਫਤਹਿਗੜ੍ਹ ਸਾਹਿਬ | ੧੫੭੦ | | ੧੬੪੨.੦੦ |
| ੯੨ ਅਮਾਨਤ ਕਿਰਾਇਆ ਤਲਵੰਡੀ ਸਾਬੋ, ਬਠਿੰਡਾ | ੧੫੭੭ | | ੭੩੭੪.੦੦ |
| ੯੩ ਅਮਾਨਤ ਮੁਲਾਜਮਾਂ | ੧੬੦੦ | ੨੯੦੧੬੮.੦੦ | ੨੭੦੨੨੯.੦੦ |
| ੯੪ ਅਮਾਨਤ ਸ਼੍ਰੋਮਣੀ ਕਮੇਟੀ | ੧੬੧੮ | ੧੯੭੬੫.੦੦ | ੧੯੭੬੫.੦੦ |
| ੯੫ ਪੇਸ਼ਗੀ ਜਨਰਲ | ੧੬੬੬ | ੧੯੪੮੪੮੫.੦੦ | ੫੬੪੫੨੭੦.੦੦ |
| ੯੬ ਪੇਸ਼ਗੀ ਤਨਖਾਹ | ੧੭੨੬ | ੭੭੦੦੦੦.੦੦ | ੭੮੮੨੭੮.੦੦ |
| ੯੭ ਕਿਰਾ: ਦੁਕਾਨਾਂ ਤੇ ਫਲੈਟਸ, ਯੂ.ਪੀ. ਸਿੱਖ ਮਿਸ਼ਨ | ੧੭੬੯ | | ੬੭੮੬.੦੦ |
| ੯੮ ਪ੍ਰੋ: ਫੰਡ ਸਟਾਫ਼ | ੨੦੧੬ | ੧੮੦੯੪੨੬.੦੦ | ੧੮੦੯੪੨੬.੦੦ |
| ੯੯ ਕਰਜਾ ਪ੍ਰੋ: ਫੰਡ | ੨੦੩੧ | ੬੬੫੫੦.੦੦ | ੬੬੫੫੦.੦੦ |
| ੧੦੦ S.B A/c No.੬੫੦੩੮੬੦੦੪੯੦ SBP, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ | ੨੦੭੮ | ੧੭੩੦੦੦੦੦.੦੦ | ੯੩੮੨੩੧੦.੦੦ |
| ੧੦੧ S.B A/c No.੦੦੯੭੬੦੦੦/੦੦੦੭੦੧੨੭ PNB, ਬਾਗ ਜਲ੍ਹਿਆਂਵਾਲਾ, ਅੰਮ੍ਰਿਤਸਰ। | ੨੧੧੯ | | ੨੯੮੭੬੨.੦੦ |
| ੧੦੨ S.B A/c No.੭੪੭੯੦੦੦/੦੦੦੦੮੭੩੨ PNB, ਸਰਾਂਏ, ਅੰਮ੍ਰਿਤਸਰ। | ੨੧੫੦ | ੧੭੮੩੭੭੫.੦੦ | ੧੯੯੬੬੯੫.੦੦ |
| ੧੦੩ S.B A/c No.੧੩੧੩੧੦੦੦੦੧੭੯੬੬ HDFC, ਗੋਲਡਨ ਟੈਂਪਲ, ਅੰਮ੍ਰਿਤਸਰ। | ੨੧੮੨ | ੨੨੪੫੦੬੩੭.੦੦ | ੨੧੧੦੬੫੨੬.੦੦ |
| ੧੦੪ S.B A/c No.੨੪੮੦ PSB, ਸਰਾਂਏ ਅੰਮ੍ਰਿ. | ੨੨੦੩ | ੫੨੭੩੧੫੮.੦੦ | ੧੨੧੭੦੩੨੦.੦੦ |
| ੧੦੫ S.B A/c No.੭੨੬੪ PSB, ਚੌਂਕ ਪ੍ਰਾਗਦਾਸ ਅੰਮ੍ਰਿਤਸਰ | ੨੨੧੫ | ੨੦੦.੦੦ | |
| ੧੦੬ S.B A/c No.੧੪੦੮੯ PSB, ਚੌਂਕ ਘੰਟਾ-ਘਰ, ਅੰਮ੍ਰਿਤਸਰ | ੨੨੩੬ | ੪੮੫.੦੦ | |
| ੧੦੭ S.B A/c No.੨੦੧੬੫੭੧੭੯੮੫ Allahabad Bank, ਕਟੜਾ ਆਹਲੂਵਾਲੀਆ, ਅੰਮ੍ਰਿਤਸਰ | ੨੨੮੯ | | ੧੦੦੦੦੦.੦੦ |
| ੧੦੮ S.B A/c No.੦੧੯੬੨੦੧੦੦੧੮੨੧੦ (੬੮੮੬) OBC, ਰੇਲਵੇ ਰੋਡ, ਕੁਰੂਕਸ਼ੇਤਰ। | ੨੨੯੬ | | ੧੦੦੦੦੦.੦੦ |
| ੧੦੯ S.B A/c No.੨੧੧੫੧੦੧੦੧੩੦੯੪ Canara Bank, | | | |

| | | | |
|---|---|---|---|
| ਮੀਰਾ ਕੋਟ ਕਲਾਂ, ਅੰਮ੍ਰਿਤਸਰ | ੨੩੨੧ | | ੧੦੦੦੦੦.੦੦ |
| ੧੧੦ S.B A/c No.੨੧੯੨੧ Induslnd Bank, | | | |
| ਮਾਲ ਰੋਡ, ਅੰਮ੍ਰਿਤਸਰ | ੨੩੩੩ | | ੨੫੪੦੦੪੭.੦੦ |
| ੧੧੧ S.B A/c No.੦੦੬੬੦੧੦੦੩੨੩੩ ICICI Bank, | | | |
| ਮਾਲ ਰੋਡ, ਅੰਮ੍ਰਿਤਸਰ | ੨੩੪੯ | | ੨੦੦੦੦੦.੦੦ |
| ੧੧੨ S.B A/c No.੯੧੧੦੧੦੦੩੦੩੭੪੬੭੨ | | | |
| Axis Bank, ਕੋਰਟ ਰੋਡ, ਅੰਮ੍ਰਿਤਸਰ | ੨੩੫੫ | | ੧੧੨੦੫੦੦.੦੦ |
| ੧੧੩ S.B A/c No. ੭੫੦੧੦੧੦੧੧੦੦੧੭੨੪ | | | |
| ਵਿਜੈ ਬੈਂਕ ਮਾਲਵੀਆ ਰੋਡ | ੨੩੭੩ | | ੩੦੦੦੦੦.੦੦ |
| ੧੧੪ S.B A/c No.੦੮੧੧੬੫੫੬੪੨ ਕੋਟਿਕ ਮਹਿੰਦਰਾ | | | |
| ਬੈਂਕ ਮਾਲ ਰੋਡ | ੨੩੭੯ | ੧੧੫੮੦੬੭.੦੦ | |
| ੧੧੫ ਜਮਾਨਤਾਂ ਜਨਰਲ ਤੇ ਠੇਕੇਦਾਰਾਂ | ੨੪੩੪ | | ੨੭੨੯੯੯.੦੦ |
| ੧੧੬ ਜਮਾਨਤ ਵਿਦਿਆਰਥੀਆਂ | ੨੪੫੧ | ੧੨੦੦੦.੦੦ | ੩੩੦੦੦.੦੦ |
| ੧੧੭ ਜਮਾਨਤਾਂ ਮੁਲਾਜਮਾਂ | ੨੪੬੬ | ੯੬੭੪.੦੦ | ੧੫੦੦੦.੦੦ |
| ੧੧੮ ਸਿੱਕਾ ਸੋਨਾ | ੨੪੮੯ | | ੮੩੭੭੫.੦੦ |
| ੧੧੯ ਸਿੱਕੇ ਚਾਂਦੀ | ੨੪੯੧ | | ੩੪੧੦.੦੦ |
| | **ਜੋੜ** | ੯੬੩੧੧੧੭੮.੦੦ | ੯੬੬੫੪੮੯੭.੦੦ |
| | **ਹੱਥ ਦੀ ਬਾਕੀ** | ੧੭੦੩੨੩੯.੦੦ | ੧੩੫੯੫੨੦.੦੦ |
| | **ਕੁਲ ਜੋੜ** | ੯੮੦੧੪੪੧੭.੦੦ | ੯੮੦੧੪੪੧੭.੦੦ |

ਸਹੀ/- ਸਹੀ/-

ਚੀਫ਼ ਅਕਾਊਂਟੈਂਟ, ਸਕੱਤਰ,

ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ), ਸ੍ਰੀ ਅੰਮ੍ਰਿਤਸਰ।